




ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA — ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ








PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 45 Chief Editor : Chowdhary Prabhjit Singh, Editor : Chhatarpal Singh 98146-32807, Thursday 30 July 2026 Price : 2 Rs. Page : 6


## ਇਤਰਾਯੋਗ ਸ਼ਬਦਾਵਲੀ ਨੂੰ ਹਟਾਉਣ ਸਬੰਧੀ ਸਮਾਂ ਪੂਰਾ ਹੋਣ 'ਤੇ ਸਰਕਾਰ ਨੇ ਅਕਾਲ ਤਖ਼ਤ ਵਿਖੇ ਪੱਤਰ ਸੌਂਪਿਆ

**ਅੰਮ੍ਰਿਤਸਰ, 29 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਗੁਰੂ ਗ੍ਰੰਥ ਸਾਹਿਬ ਜਾਗਤ ਜੋਤ ਸੋਧ ਐਕਟ 2026 ਦੀਆਂ ਇਤਰਾਯੋਗ ਮੱਦਾਂ ਅਤੇ ਇਤਰਾਯੋਗ ਸ਼ਬਦਾਵਲੀ ਨੂੰ ਹਟਾਉਣ ਵਾਸਤੇ ਸ੍ਰੀ ਅਕਾਲ ਤਖ਼ਤ ਵੱਲੋਂ ਸਰਕਾਰ ਨੂੰ ਦਿੱਤੇ ਗਏ ਨਿਰਧਾਰਿਤ ਸਮੇਂ ਦੀ ਮਿਆਦ ਖਤਮ ਹੋਣ ਤੋਂ ਬਾਅਦ ਅੱਜ ਸਰਕਾਰ ਵੱਲੋਂ ਸ੍ਰੀ ਅਕਾਲ ਤਖ਼ਤ ਵਿਖੇ ਇੱਕ ਪੱਤਰ ਸੌਂਪਿਆ ਗਿਆ ਹੈ।



ਇਹ ਪੱਤਰ ਪੰਜਾਬ ਸਰਕਾਰ ਦੇ ਨੁਮਾਇੰਦੇ ਵਜੋਂ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਵੱਲੋਂ ਸ੍ਰੀ ਅਕਾਲ ਤਖ਼ਤ ਦੇ ਸਕੱਤਰੇਤ ਵਿਖੇ ਸੌਂਪਿਆ ਗਿਆ। ਜਿਸ ਵਿੱਚ ਬੇਅਦਬੀ ਰੋਕੂ ਕਾਨੂੰਨ ਵਿੱਚ ਇਤਰਾਜ਼ਯੋਗ ਮੱਦਾਂ ਸਬੰਧੀ ਸਰਕਾਰ ਦੀ ਤਰਫ਼ੋਂ ਪੱਖ ਤੇ ਇੱਕ ਖਰੜਾ ਸ਼ਾਮਿਲ ਹੈ ,ਜੋ ਸਕੱਤਰੇਤ ਦੇ ਇੰਚਾਰਜ ਬਗੀਚਾ ਸਿੰਘ ਨੂੰ ਅਧਿਕਾਰਤ ਰੂਪ ਵਿੱਚ ਅੱਜ ਮਿਤੀ 29 ਜੁਲਾਈ ਨੂੰ ਸੌਂਪਿਆ ਗਿਆ।

ਮਿਲ ਜਾਣਕਾਰੀ ਦੇ ਮੁਤਾਬਕ ਸ੍ਰੀ ਅਕਾਲ ਤਖ਼ਤ ਵੱਲੋਂ ਸਰਕਾਰੀ ਨੁਮਾਇੰਦਿਆਂ ਨੂੰ ਆਖਿਆ ਗਿਆ ਹੈ ਕਿ ਭੇਜੇ ਗਏ ਇਸ ਖਰੜੇ ਨੂੰ ਘੋਖਣ ਦਾ ਸਮਾਂ ਦਿੱਤਾ ਜਾਵੇ। ਇਸ ਬਾਰੇ ਸਿੱਖ ਸੰਸਥਾਵਾਂ ਦੀ ਸਹਿਮਤੀ ਹੋਣਾ ਜਰੂਰੀ ਹੈ। ਇਹ 28 ਸਫਿਆਂ ਦਾ ਖਰੜਾ ਹੈ। ਇਸ ਪੱਤਰ ਵਿੱਚ ਤਿੰਨ ਅਗਸਤ ਨੂੰ ਸਰਕਾਰ ਵੱਲੋਂ ਸੱਦੇ ਗਏ ਵਿਧਾਨ ਸਭਾ ਦੇ ਸੈਸ਼ਨ ਦਾ ਕੋਈ ਜ਼ਿਕਰ ਨਹੀਂ ਹੈ। ਜਿਸ ਬਾਰੇ ਚਰਚਾ ਹੈ ਕਿ ਸਰਕਾਰ ਵੱਲੋਂ ਇਸ ਸੈਸ਼ਨ ਵਿੱਚ ਇਤਰਾਜਯੋਗ ਮੱਦਾਂ ਨੂੰ ਦਰੁਸਤ ਕੀਤਾ ਜਾ ਸਕਦਾ। ਸ੍ਰੀ ਅਕਾਲ ਤਖ਼ਤ ਵੱਲੋਂ ਸਰਕਾਰੀ ਪ੍ਰਤਿਨਿਧ ਨੂੰ ਆਖਿਆ ਗਿਆ ਹੈ ਕਿ ਪਹਿਲਾਂ ਵੀ ਇਸ ਮਾਮਲੇ ਵਿੱਚ ਸਰਕਾਰ ਵੱਲੋਂ ਕਾਹਲੀ ਕੀਤੀ ਗਈ ਸੀ ਅਤੇ ਮੁੜ ਕਾਹਲੀ ਨਾ ਕੀਤੀ ਜਾਵੇ। ਉਨ੍ਹਾਂ ਨੇ ਸਰਕਾਰ ਨੂੰ ਸੰਦੇਸ਼ ਭਿਜਵਾਇਆ ਹੈ ਕਿ ਇਸ ਮਾਮਲੇ ਵਿੱਚ ਇੱਕ ਸਾਂਝੀ ਕਮੇਟੀ ਬਣਾਈ ਜਾਣੀ ਚਾਹੀਦੀ ਹੈ ਤਾਂ ਜੋ ਇਸ ਐਕਟ ਨੂੰ ਅੰਤਿਮ ਪ੍ਰਵਾਨਗੀ ਦੇਣ ਤੋਂ ਪਹਿਲਾਂ ਇਹ ਇਤਰਾਜ਼ਯੋਗ ਮੱਦਾਂ ਅਤੇ ਸ਼ਬਦਾਵਲੀ ਨੂੰ ਹਟਾਇਆ ਜਾ ਸਕੇ ਅਤੇ ਇਸ ਸਬੰਧ ਵਿੱਚ ਸਹਿਮਤੀ ਬਣਾਈ ਜਾ ਸਕੇ।

ਜ਼ਿਕਰਯੋਗ ਹੈ ਕਿ 29 ਜੂਨ ਨੂੰ ਇਸ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਵੱਲੋਂ ਪੰਜਾਬ ਵਿਧਾਨ ਸਭਾ ਦੇ ਸਾਰੇ ਸਿੱਖ ਵਿਧਾਇਕਾਂ ਅਤੇ ਮੰਤਰੀਆਂ ਨੂੰ ਤਲਬ ਕੀਤਾ ਗਿਆ ਸੀ ਜਿੱਥੇ ਉਹਨਾਂ ਨੂੰ ਇਸ ਕਾਨੂੰਨ ਵਿੱਚ ਇਤਰਾਯੋਗ ਮੱਦਾਂ ਨੂੰ ਹਟਾਉਣ ਅਤੇ ਇਤਰਾਜ਼ਯੋਗ ਸ਼ਬਦਾਵਲੀ ਨੂੰ ਠੀਕ ਕਰਨ ਲਈ ਆਦੇਸ਼ ਦਿੱਤੇ ਗਏ ਸਨ। ਇਸ ਸੰਬੰਧ ਵਿੱਚ ਸਰਕਾਰ ਨੂੰ ਇੱਕ ਮਹੀਨੇ ਦਾ ਸਮਾਂ ਦਿੱਤਾ ਗਿਆ ਸੀ ਜੋ 28 ਜੁਲਾਈ ਨੂੰ ਸਮਾਪਤ ਹੋ ਗਿਆ ਹੈ।

## '20 ਹਜ਼ਾਰ 'ਚ ਨਹੀਂ ਚੱਲਦਾ ਗੁਜ਼ਾਰਾ..'; ਸ.ਫਾਈ ਕਾਮਿਆਂ ਵੱਲੋਂ ਪੰਜਾਬ ਸਰਕਾਰ ਦੀ ਆਫ਼ਰ ਰੱਦ; ਹੜਤਾਲ ਰਹੇਗੀ ਜਾਰੀ



**ਚੰਡੀਗੜ੍ਹ, 228 ਜੁਲਾਈ**
**-ਜੀ. ਐਸ. ਤੁੰਗ-**

ਪੰਜਾਬ ਸਰਕਾਰ ਵੱਲੋਂ ਐਲਾਨੇ ਵੱਡੇ ਰਾਹਤ ਪੈਕੇਜ ਨੂੰ ਸਫ਼ਾਈ ਕਰਮਚਾਰੀ ਯੂਨੀਅਨਾਂ ਨੇ ਰੱਦ ਕਰ ਦਿੱਤਾ ਹੈ। ਸਫ਼ਾਈ ਕਰਮਚਾਰੀਆਂ ਨੇ ਸੂਬਾ ਪੱਧਰੀ ਹੜਤਾਲ ਜਾਰੀ ਰੱਖਣ ਦਾ ਐਲਾਨ ਕੀਤਾ ਹੈ, ਜੋ ਕਿ ਪੰਜਾਬ ਲਈ ਇੱਕ ਨਵੀਂ ਮੁਸੀਬਤ ਪੈਦਾ ਕਰੇਗਾ। ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਹੜਤਾਲੀ ਮੁਲਾਜ਼ਮਾਂ ਲਈ ਪੈਕੇਜ ਦਾ ਐਲਾਨ ਕੀਤਾ ਸੀ, ਜਿਸ ਤਹਿਤ ਤਨਖਾਹਾਂ ਵਿੱਚ ਵਾਧਾ ਅਤੇ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ ਸ਼ਾਮਲ ਸੀ।

ਸਫ਼ਾਈ ਕਰਮਚਾਰੀ ਯੂਨੀਅਨ ਦੇ ਜਨਰਲ ਸਕੱਤਰ ਗਾਈ ਚੰਦ ਨੇ ਸਰਕਾਰ ਦੀ ਇਸ ਆਫ਼ਰ ਨੂੰ ਰੱਦ ਕਰਨ ਅਤੇ ਹੜਤਾਲ ਨਿਰੰਤਰ ਜਾਰੀ ਰੱਖਣ ਦੀ ਪੁਸ਼ਟੀ ਕੀਤੀ ਹੈ।

ਕੱਚੇ ਸਫ਼ਾਈ ਕਰਮਚਾਰੀਆਂ ਦੀ ਮਹੀਨਾਵਾਰ ਤਨਖਾਹ 1 ਅਗਸਤ ਤੋਂ ਵਧਾ ਕੇ 20,520 ਰੁਪਏ ਕਰਨ ਦੀ ਪੇਸ਼ਕਸ਼ ਨੂੰ ਨਕਾਰਦਿਆਂ ਮੁਲਾਜ਼ਮ ਆਗੂਆਂ ਨੇ ਕਿਹਾ ਕਿ ਕਟੌਤੀਆਂ ਤੋਂ ਬਾਅਦ ਹੱਥ ਵਿੱਚ ਸਿਰਫ਼ 16,000 ਰੁਪਏ ਦੇ ਕਰੀਬ ਹੀ ਆਉਂਦੇ ਹਨ। ਸਫ਼ਾਈ ਕਰਮਚਾਰੀ ਯੂਨੀਅਨ ਦੇ ਜਨਰਲ ਸਕੱਤਰ ਗਾਈ ਚੰਦ ਨੇ ਕਿਹਾ, ਸਾਡੀ ਮੰਗ ਘੱਟੋ-ਘੱਟ 40,000 ਰੁਪਏ ਤਨਖਾਹ ਦੀ ਹੈ, ਇਸ ਲਈ ਅਸੀਂ ਇਸ ਆਫ਼ਰ ਨੂੰ ਰੱਦ ਕਰਦੇ ਹਾਂ।

ਜ਼ਿਕਰਯੋਗ ਹੈ ਕਿ ਬੀਤੀ ਰਾਤ ਪੰਜਾਬ ਸਰਕਾਰ ਨੇ ਸ਼ਹਿਰੀ ਸਥਾਨਕ ਸੰਸਥਾਵਾਂ 'ਚ ਤਾਇਨਾਤ ਸਫ਼ਾਈ ਸੇਵਕਾਂ ਲਈ ਰਾਹਤ ਪੈਕੇਜ ਦਾ ਐਲਾਨ ਕੀਤਾ ਸੀ। ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਸੀ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ 3 ਸਾਲ ਦੀ ਸੇਵਾ ਪੂਰੀ ਕਰ ਚੁੱਕੇ ਆਊਟਸੋਰਸ ਮੁਲਾਜ਼ਮਾਂ ਨੂੰ ਸਿੱਧੇ ਠੇਕੇ 'ਤੇ ਲਿਆਉਣ ਅਤੇ 5 ਸਾਲ ਦੀ ਸੇਵਾ ਪੂਰੀ ਕਰ ਚੁੱਕੇ ਜਾਂ 2021 'ਚ ਭਰਤੀ ਹੋਏ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਇਤਿਹਾਸਕ ਫੈਸਲਾ ਲਿਆ ਹੈ।

## ਪੁਲਿਸ ਨੇ 4 ਘੰਟਿਆਂ ਵਿਚ ਹੀ 2 ਨਾਬਾਲਗ ਲੜਕੀਆਂ ਨੂੰ ਸੁਰੱਖਿਅਤ ਕੀਤਾ ਬਰਾਮਦ

**ਸ੍ਰੀ ਮੁਕਤਸਰ ਸਾਹਿਬ, 29 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਪੁਲਿਸ ਮੁਖੀ ਅਭਿਮੰਨਿਊ ਰਾਣਾ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਿਸ ਵਲੋਂ ਕਾਨੂੰਨ-ਵਿਵਸਥਾ ਨੂੰ ਬਰਕਰਾਰ ਰੱਖਣ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਰਹੀ ਹੈ। ਮਿਤੀ 28 ਜੁਲਾਈ ਨੂੰ ਡਾਇਲ 112 'ਤੇ ਇਕ ਸੂਚਨਾ ਪ੍ਰਾਪਤ ਹੋਈ ਕਿ ਪਿੰਡ ਕਾਨਿਆਂਵਾਲੀ ਦੀਆਂ ਦੋ ਨਾਬਾਲਗ ਲੜਕੀਆਂ ਨੂੰ ਕਾਰ ਵਿਚ ਲਿਜਾਣ ਸੰਬੰਧੀ ਘਟਨਾ ਵਾਪਰੀ ਹੈ। ਸੂਚਨਾ ਮਿਲਦਿਆਂ ਹੀ ਪੁਲਿਸ ਵਲੋਂ ਸ਼ਿਕਾਇਤਕਰਤਾ ਦੇ ਬਿਆਨਾਂ ਦੇ ਆਧਾਰ 'ਤੇ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਮੁਕੱਦਮਾ ਦਰਜ ਕੀਤਾ ਗਿਆ। ਜ਼ਿਲ੍ਹਾ ਪੁਲਿਸ ਮੁਖੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਨਮੀਤ ਸਿੰਘ ਢਿੱਲੋਂ ਐਸ.ਪੀ. (ਡੀ) ਅਤੇ ਬਚਨ ਸਿੰਘ ਡੀ.ਐਸ.ਪੀ.(ਸਬ-ਡਵੀਜ਼ਨ) ਸ੍ਰੀ ਮੁਕਤਸਰ ਸਾਹਿਬ ਦੀ ਨਿਗਰਾਨੀ ਹੇਠ, ਇੰਸਪੈਕਟਰ ਹਰਪ੍ਰੀਤ ਸਿੰਘ ਮੁੱਖ ਅਫ਼ਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਅਤੇ ਪੁਲਿਸ ਪਾਰਟੀ ਦੀਆਂ ਵੱਖ-ਵੱਖ ਪੁਲਿਸ ਟੀਮਾਂ ਦਾ ਗਠਨ ਕਰਕੇ ਤੁਰੰਤ ਤਫਤੀਸ਼ ਸ਼ੁਰੂ ਕੀਤੀ ਗਈ। ਇਸ ਸੰਬੰਧੀ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਮਨਮੀਤ ਸਿੰਘ ਢਿੱਲੋਂ ਐਸ.ਪੀ.(ਡੀ) ਨੇ ਦੱਸਿਆ ਕਿ ਤਫਤੀਸ਼ ਦੌਰਾਨ ਪੁਲਿਸ ਟੀਮਾਂ ਨੇ ਤੇਜ਼ੀ ਅਤੇ ਸੁਚੱਜੀ ਕਾਰਵਾਈ ਕਰਦਿਆਂ ਸਿਰਫ਼ 4 ਘੰਟਿਆਂ ਦੇ ਅੰਦਰ ਦੋਵੇਂ ਨਾਬਾਲਗ ਲੜਕੀਆਂ ਨੂੰ ਸੁਰੱਖਿਅਤ ਬਰਾਮਦ ਕਰ ਲਿਆ। ਇਸ ਉਪਰੰਤ ਉਨ੍ਹਾਂ ਨੂੰ ਲੋੜੀਂਦੀ ਕਾਨੂੰਨੀ ਕਾਰਵਾਈ ਅਤੇ ਸੁਰੱਖਿਆ ਦੇ ਮੱਦੇਨਜ਼ਰ ਸਖੀ ਸੈਂਟਰ ਸ੍ਰੀ ਮੁਕਤਸਰ ਸਾਹਿਬ ਵਿਖੇ ਰੱਖਿਆ ਗਿਆ। ਇਸ ਮਾਮਲੇ ਵਿਚ ਪੁਲਿਸ ਵਲੋਂ 3 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿਚ ਇਕ ਬਾਲਗ ਅਤੇ ਦੋ ਨਾਬਾਲਗ ਸ਼ਾਮਿਲ ਹਨ।






# ਵਿਰੋਧ ਦੇ ਹੰਗਾਮੇ ਦਰਮਿਆਨ ਲੋਕ ਸਭਾ ਤੋਂ ਐਂਟੀ ਪੇਪਰ ਲੀਕ ਬਿਲ ਪਾਸ, ਹੁਣ ਰਾਜ ਸਭਾ 'ਚ ਕੀਤਾ ਜਾਵੇਗਾ ਪੇਸ਼

## ਬਹੁਤ ਹੀ ਬੁਰਾ ਅਤੇ ਬੇਰਹਿਮ ਹੈ ਸਾਡਾ ਸਿਸਟਮ, ਹਰ ਚੀਜ਼ ਦਾ ਕੀਤਾ ਜਾ ਰਿਹਾ ਹੈ ਨਿੱਜੀਕਰਨ : ਰਾਹੁਲ ਗਾਂਧੀ





**ਨਵੀਂ ਦਿੱਲੀ, 28 ਜੁਲਾਈ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

: ਭਾਰੀ ਹੰਗਾਮੇ ਦੇ ਵਿਚਕਾਰ, ਪੇਪਰ ਲੀਕ ਵਿਰੋਧੀ ਬਿੱਲ ਲੋਕ ਸਭਾ ਦੁਆਰਾ ਪਾਸ ਕਰ ਦਿੱਤਾ ਗਿਆ ਹੈ। ਬਿੱਲ ਹੁਣ ਰਾਜ ਸਭਾ 'ਚ ਚਰਚਾ ਲਈ ਪੇਸ਼ ਕੀਤਾ ਜਾਵੇਗਾ। ਇਸ ਤੋਂ ਪਹਿਲਾਂ, ਬਿੱਲ 'ਤੇ ਚਰਚਾ ਦੌਰਾਨ ਲੋਕ ਸਭਾ 'ਚ ਕਾਫ਼ੀ ਹੰਗਾਮਾ ਦੇਖਿਆ ਗਿਆ। ਸੱਤਾਧਾਰੀ ਪਾਰਟੀ ਨੇ ਰਾਹੁਲ ਗਾਂਧੀ ਦੇ ਭਾਸ਼ਣ 'ਤੇ ਇਤਰਾਜ਼ ਜਤਾਇਆ ਅਤੇ ਉਨ੍ਹਾਂ ਨੂੰ ਤੱਥ ਪੇਸ਼ ਕਰਨ ਲਈ ਕਿਹਾ, ਜਿਸ ਨਾਲ ਸਦਨ 'ਚ ਹੰਗਾਮਾ ਹੋਇਆ।

ਵਿਰੋਧ ਦੇ ਹੰਗਾਮੇ ਦਰਮਿਆਨ ਲੋਕ ਸਭਾ ਤੋਂ ਐਂਟੀ ਪੇਪਰ ਲੀਕ ਬਿਲ ਪਾਸ, ਹੁਣ ਰਾਜ ਸਭਾ 'ਚ ਕੀਤਾ ਜਾਵੇਗਾ ਪੇਸ਼

ਸਾਰਜਨਕ ਪ੍ਰੀਖਿਆ (ਅਨੁਚਿਤ ਸਾਧਨਾਂ ਦੀ ਰੋਕਥਾਮ) ਸੋਧ ਬਿੱਲ, 2026 ਲੋਕ ਸਭਾ 'ਚ ਆਵਾਜ਼ੀ ਵੋਟ ਨਾਲ ਪਾਸ ਹੋ ਗਿਆ। ਬਿੱਲ ਪਾਸ ਹੋਣ ਤੋਂ ਬਾਅਦ ਕਾਂਗਰਸ ਸੰਸਦ ਮੈਂਬਰਾਂ ਦੀ ਨਾਅਰੇਬਾਜ਼ੀ ਵਿਚਾਲੇ ਹੀ ਸਪੀਕਰ ਓਮ ਬਿਰਲਾ ਨੇ ਕਾਰਵਾਈ ਪੂਰੇ ਦਿਨ ਲਈ ਮੁਲਤਵੀ ਕਰ ਦਿੱਤੀ।

ਲੋਕ ਪ੍ਰੀਖਿਆਵਾਂ (ਅਣਉਚਿਤ ਸਾਧਨਾਂ ਦੀ ਰੋਕਥਾਮ) ਸੋਧ ਬਿੱਲ, 2026 ਦੇ ਉਪਬੰਧਾਂ ਦੇ ਅਨੁਸਾਰ, ਪੇਪਰ ਲੀਕ ਕਰਨ ਜਾਂ ਪ੍ਰੀਖਿਆਵਾਂ 'ਚ ਅਣਉਚਿਤ ਸਾਧਨਾਂ ਦੀ ਵਰਤੋਂ ਕਰਨ ਦੇ ਦੋਸ਼ੀ ਪਾਏ ਜਾਣ ਵਾਲੇ ਵਿਅਕਤੀਆਂ ਨੂੰ ਘੱਟੋ-ਘੱਟ 5 ਸਾਲ ਅਤੇ ਵੱਧ ਤੋਂ ਵੱਧ 10 ਸਾਲ ਦੀ ਕੈਦ ਅਤੇ 50 ਲੱਖ ਰੁਪਏ ਤੱਕ ਦੇ ਜੁਰਮਾਨੇ ਦੀ ਸਜ਼ਾ ਦਿੱਤੀ ਜਾ ਸਕਦੀ ਹੈ। ਇਸੇ ਤਰ੍ਹਾਂ, ਸੰਗਠਿਤ ਅਪਰਾਧਾਂ ਨੂੰ ਘੱਟੋ-ਘੱਟ 7 ਸਾਲ ਦੀ ਕੈਦ ਅਤੇ 10 ਕਰੋੜ ਰੁਪਏ ਤੱਕ ਦੇ ਜੁਰਮਾਨੇ ਦੀ ਸਜ਼ਾ ਦੇਣ ਦਾ ਪ੍ਰਸਤਾਵ ਹੈ। ਪ੍ਰਸਤਾਵਿਤ ਸੋਧਾਂ ਦੇ ਤਹਿਤ, ਸਾਰੀਆਂ ਜਾਂਚਾਂ 2 ਮਹੀਨਿਆਂ ਦੇ ਅੰਦਰ ਪੂਰੀਆਂ ਹੋਣੀਆਂ ਚਾਹੀਦੀਆਂ ਹਨ। ਬਿੱਲ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਫਾਸਟ-ਟਰੈਕ ਅਦਾਲਤਾਂ ਸਥਾਪਤ ਕਰਨ ਦਾ ਵੀ ਨਿਰਦੇਸ਼ ਦਿੰਦਾ ਹੈ। ਇਹ ਅਦਾਲਤਾਂ ਚਾਰਜਸ਼ੀਟ ਦਾਇਰ ਹੋਣ ਦੇ ਤਿੰਨ ਮਹੀਨਿਆਂ ਦੇ ਅੰਦਰ ਮੁਕੱਦਮੇ ਦੀ ਕਾਰਵਾਈ ਪੂਰੀ ਕਰਨਗੀਆਂ।

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸੱਤਾਧਿਰ ਦੇ ਸੰਸਦ ਮੈਂਬਰਾਂ ਨੂੰ ਸ਼ਾਂਤ ਕਰਵਾਇਆ ਅਤੇ ਰਾਹੁਲ ਗਾਂਧੀ ਨੂੰ ਆਪਣਾ ਭਾਸ਼ਣ ਪੂਰਾ ਕਰਨ ਦੀ ਅਪੀਲ ਕੀਤੀ। ਜਿਸ ਤੋਂ ਬਾਅਦ ਰਾਹੁਲ ਗਾਂਧੀ ਨੇ ਦੁਬਾਰਾ ਆਪਣਾ ਭਾਸ਼ਣ ਸ਼ੁਰੂ ਕੀਤਾ ਅਤੇ ਕਿਹਾ ਕਿ ਤਾਕਤ ਦੀ ਵਰਤੋਂ ਦੀ ਪ੍ਰਵਾਨਗੀ ਸਿਰਫ਼ ਗ੍ਰਹਿ ਮੰਤਰੀ ਜਾਂ ਪ੍ਰਧਾਨ ਮੰਤਰੀ ਹੀ ਦੇ ਸਕਦੇ ਹਨ। ਇਸ ਨਾਲ ਫਿਰ ਹੰਗਾਮਾ ਸ਼ੁਰੂ ਹੋ ਗਿਆ। ਸੱਤਾਧਿਰ ਵੱਲੋਂ ਰਾਹੁਲ ਗਾਂਧੀ ਤੋਂ ਮੁਆਫ਼ੀ ਦੀ ਮੰਗ ਕੀਤੀ ਗਈ।

**ਨਵੀਂ ਦਿੱਲੀ, 29 ਜੁਲਾਈ/-ਸ਼ਹੀਦ-ਏ-ਆਜ਼ਮ-ਬਿਊਰੋ-**

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਬੁੱਧਵਾਰ ਨੂੰ ਕਿਹਾ ਕਿ ਉਹ NEET ਪੇਪਰ ਲੀਕ ਮੁੱਦੇ ਨੂੰ ਲੈ ਕੇ ਵਿਦਿਆਰਥੀ ਪ੍ਰਦਰਸ਼ਨਾਂ ਤੋਂ ਬਹੁਤ ਉਤਸ਼ਾਹਿਤ ਅਤੇ ਭਰੋਸੇਮੰਦ ਹਨ ਅਤੇ ਉਨ੍ਹਾਂ ਨੂੰ ਨੌਜਵਾਨਾਂ ਦਾ ਪ੍ਰਗਟਾਵਾ ਕਰਾਰ ਦਿੱਤਾ।

ਪਬਲਿਕ ਐਗਜ਼ਾਮੀਨੇਸ਼ਨ (ਪ੍ਰੀਵੈਂਸ਼ਨ ਆਫ਼ ਅਨਫੇਅਰ ਮੀਨਜ਼) ਸੋਧ ਬਿੱਲ, 2026 'ਤੇ ਬਹਿਸ ਵਿੱਚ ਹਿੱਸਾ ਲੈਂਦਿਆਂ ਗਾਂਧੀ ਨੇ ਕਿਹਾ, ਮੈਂ ਬਹੁਤ ਉਤਸ਼ਾਹਿਤ ਸੀ, ਇਸ ਗੱਲ ਤੋਂ ਭਰੋਸਾ ਮਿਲਿਆ ਕਿ ਇਸ ਦੇਸ਼ ਦੇ ਭਵਿੱਖ ਨੇ ਸਾਡੀਆਂ ਸੜਕਾਂ 'ਤੇ ਕੀ ਕੀਤਾ। ਇਹ ਗੁੱਸਾ ਨਹੀਂ ਸੀ, ਹਿੰਸਾ ਨਹੀਂ ਸੀ, ਨਫ਼ਰਤ ਨਹੀਂ ਸੀ, ਇਹ ਇੱਕ ਪ੍ਰਗਟਾਵਾ ਸੀ, ਇਸ ਦੇਸ਼ ਦੇ ਨੌਜਵਾਨਾਂ, ਇਸ ਦੇਸ਼ ਦੀ ਆਉਣ ਵਾਲੀ ਪੀੜ੍ਹੀ ਦਾ ਡੂੰਘਾ ਪ੍ਰਗਟਾਵਾ ਸੀ। ਰਾਹੁਲ ਗਾਂਧੀ ਨੇ ਕਿਹਾ, ...ਸਾਡਾ ਸਿਸਟਮ ਬਹੁਤ ਹੀ ਬੁਰਾ ਅਤੇ ਬੇਰਹਿਮ ਹੈ...ਹਰ ਚੀਜ਼ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ...ਇਹ ਇਕ ਜਬਰਨ ਵਸੂਲੀ ਵਾਲਾ ਸਿਸਟਮ ਹੈ, ਇਹ ਇਕ ਜ਼ਾਲਮ ਅਤੇ ਭਿਆਨਕ ਸਿਸਟਮ ਹੈ। ਸਿਸਟਮ ਦੀ ਆਤਮਾ ਨੂੰ ਆਰਐਸਐਸ ਨੇ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ...ਰਾਜਨਾਥ ਸਿੰਘ ਨੇ ਕਿਹਾ ਕਿ ਅਸੀਂ ਯੂਪੀਏ ਨਹੀਂ ਹਾਂ, ਸਾਡੇ ਮੰਤਰੀ ਕਦੇ ਅਸਤੀਫਾ ਨਹੀਂ ਦਿੰਦੇ। ਉਹ ਸਹੀ ਹਨ। ਧਰਮਿੰਦਰ ਪ੍ਰਧਾਨ ਦਾ ਅਸਤੀਫਾ ਦਿਖਾਵਟੀ ਹੈ ਕਿਉਂਕਿ ਧਰਮਿੰਦਰ ਪ੍ਰਧਾਨ ਨੇ ਕਦੇ ਸਿੱਖਿਆ ਮੰਤਰਾਲਾ ਨਹੀਂ ਚਲਾਇਆ। ਸਿੱਖਿਆ ਮੰਤਰਾਲਾ ਚਲਾਉਣ ਵਾਲੀ ਸੰਸਥਾ ਨੂੰ ਆਰਐਸਐਸ ਕਿਹਾ ਜਾਂਦਾ ਹੈ। ਇਸਨੂੰ ਚਲਾਉਣ ਵਾਲਾ ਆਦਮੀ ਮੰਤਰੀ ਦੇ ਦਫ਼ਤਰ ਵਿਚ ਬੈਠਾ ਇਕ ਓਐਸਡੀ ਹੈ।

## ਐਨ.ਸੀ.ਆਰ. ਗੁਰੂਦਵਾਰਾ ਫੈਡਰੇਸ਼ਨ ਨਾਲ ਡੀਐਸਜੀਐਮਸੀ ਦੀ ਅਹਿਮ ਮੀਟਿੰਗ: ਕਾਲਕਾ



**ਨਵੀਂ ਦਿੱਲੀ, 28 ਜੁਲਾਈ**
**-ਚੌਧਰੀ ਪ੍ਰਭਜੀਤ ਸਿੰਘ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਕਲ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਵਿਖੇ ਐਨ.ਸੀ.ਆਰ. ਗੁਰਦੁਆਰਾ ਫੈਡਰੇਸ਼ਨ ਦੇ ਪ੍ਰਤੀਨਿਧ ਵਿਸ਼ੇਸ਼ ਤੌਰ 'ਤੇ ਮੁਲਾਕਾਤ ਲਈ ਪਹੁੰਚੇ। ਉਨ੍ਹਾਂ ਦਸਿਆ ਕਿ ਇਸ ਮੌਕੇ ਦੋਵਾਂ ਧਿਰਾਂ ਵਿਚਾਲੇ ਪੰਥਕ ਹਿੱਤਾਂ, ਗੁਰਦੁਆਰਾ ਪ੍ਰਬੰਧ ਅਤੇ ਸੰਗਤ ਨਾਲ ਜੁੜੇ ਵੱਖ-ਵੱਖ ਮਹਤਵਪੂਰਨ ਮਸਲਿਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਮੁਲਾਕਾਤ ਦੌਰਾਨ ਐਨ.ਸੀ.ਆਰ. ਗੁਰਦੁਆਰਾ ਫੈਡਰੇਸ਼ਨ ਦੇ ਪ੍ਰਤੀਨਿਧਾਂ ਵੱਲੋਂ ਉਠਾਏ ਗਏ ਜਾਇਜ਼ ਮਸਲਿਆਂ ਨੂੰ ਪੂਰੀ ਗੰਭੀਰਤਾ ਨਾਲ ਸੁਣਿਆ ਗਿਆ। ਉਨ੍ਹਾਂ ਨੂੰ ਭਰੋਸਾ ਦਿਵਾਇਆ ਗਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪੰਥ ਅਤੇ ਸੰਗਤ ਦੇ ਹਿੱਤਾਂ ਨਾਲ ਜੁੜੇ ਹਰ ਜਾਇਜ਼ ਮੁੱਦੇ ਦੇ ਹੱਲ ਲਈ ਹਰ ਸੰਭਵ ਸਹਿਯੋਗ ਅਤੇ ਲੋੜੀਂਦੀ ਮਦਦ ਦੇਵੇਗੀ।

ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੁੱਖ ਉਦੇਸ਼ ਸੰਗਤ ਦੀ ਨਿਰਸਵਾਰਥ ਸੇਵਾ, ਗੁਰਦੁਆਰਾ ਸੰਸਥਾਵਾਂ ਦੀ ਮਜ਼ਬੂਤੀ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਲਗਾਤਾਰ ਕਾਰਜ ਕਰਨਾ ਹੈ। ਉਨ੍ਹਾਂ ਦੁਹਰਾਇਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾਂ ਪੰਥਕ ਏਕਤਾ, ਆਪਸੀ ਸਹਿਯੋਗ ਅਤੇ ਗੁਰਦੁਆਰਾ ਪ੍ਰਬੰਧ ਨੂੰ ਹੋਰ ਮਜ਼ਬੂਤ ਬਣਾਉਣ ਲਈ ਵਚਨਬੱਧ ਰਹੇਗੀ।

ਉਨਾਂ ਨੇ ਉਮੀਦ ਕੀਤੀ ਕਿ ਭਵਿੱਖ ਵਿਚ ਵੀ ਅਜਿਹੀਆਂ ਰਚਨਾਤਮਕ ਮੀਟਿੰਗਾਂ ਨਾਲ ਆਪਸੀ ਤਾਲਮੇਲ ਹੋਰ ਮਜ਼ਬੂਤ ਹੋਵੇਗਾ ਅਤੇ ਸੰਗਤ ਦੇ ਹਿੱਤਾਂ ਨਾਲ ਜੁੜੇ ਮਸਲਿਆਂ ਦਾ ਹੱਲ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਯਕੀਨੀ ਬਣਾਇਆ ਜਾ ਸਕੇਗਾ।

# ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਚੰਡੀਗੜ੍ਹ ਕੂਚ ਦੌਰਾਨ ਹੰਗਾਮਾ ! ਮਾਨ ਦੀ ਰਿਹਾਇਸ਼ ਵੱਲ ਵਧੇ ਪ੍ਰਦਰਸ਼ਨਕਾਰੀ- ਪੁਲਿਸ ਨੇ ਮਾਰੀਆਂ ਬੁਛਾੜਾਂ






**ਚੰਡੀਗੜ੍ਹ 28 ਜੁਲਾਈ**
**-ਛਤਰਪਾਲ ਸਿੰਘ-**

ਚੰਡੀਗੜ੍ਹ ਸਰਹੱਦ 'ਤੇ ਮੁਹਾਲੀ ਵੱਲੋਂ ਆ ਰਹੇ ਰੋਸ ਮਾਰਚ ਨੂੰ ਰੋਕਣ ਲਈ ਪੁਲੀਸ ਵੱਲੋਂ ਕੀਤੀ ਗਈ ਬੈਰੀਕੇਡਿੰਗ ਦੌਰਾਨ ਸਥਿਤੀ ਉਸ ਸਮੇਂ ਹੋਰ ਤਣਾਅਪੂਰਨ ਹੋ ਗਈ, ਜਦੋਂ 'ਵਾਰਿਸ ਪੰਜਾਬ ਦੇ' ਅਤੇ ਅਕਾਲੀ ਦਲ ਨਾਲ ਜੁੜਿਆ ਇੱਕ ਨੌਜਵਾਨ ਪ੍ਰਦਰਸ਼ਨਕਾਰੀ ਪੁਲੀਸ ਵੱਲੋਂ ਤਾਇਨਾਤ ਕੀਤੀ ਗਈ ਵਾਟਰ ਕੈਨਨ ਵਾਲੀ ਗੱਡੀ 'ਤੇ ਜਾ ਚੜ੍ਹਿਆ। ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਅਤੇ ਹੋਰ ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਦੀ ਮੰਗ ਕਰ ਰਹੇ ਹਜ਼ਾਰਾਂ ਪ੍ਰਦਰਸ਼ਨਕਾਰੀਆਂ ਵੱਲੋਂ ਚੰਡੀਗੜ੍ਹ ਵਿੱਚ ਦਾਖਲ ਹੋਣ ਅਤੇ ਮੁੱਖ ਮੰਤਰੀ ਨਿਵਾਸ ਵੱਲ ਵਧਣ ਦੀਆਂ ਕੋਸ਼ਿਸ਼ਾਂ ਤੋਂ ਬਾਅਦ ਪੁਲੀਸ ਅਤੇ ਪ੍ਰਦਰਸ਼ਨਕਾਰੀਆਂ ਵਿਚਾਲੇ ਭਾਰੀ ਖਿੱਚੋਤਾਣ ਜਾਰੀ ਹੈ, ਜਿਸ ਕਾਰਨ ਪੂਰੇ ਸਰਹੱਦੀ ਖੇਤਰ ਵਿੱਚ ਸੁਰੱਖਿਆ ਬਲ ਪੂਰੀ ਤਰ੍ਹਾਂ ਅਲਰਟ 'ਤੇ ਹਨ।

ਇਸ ਤੋਂ ਪਹਿਲਾਂ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਅਤੇ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਬੰਦ 'ਬੰਦੀ ਸਿੰਘਾਂ' ਦੀ ਤੁਰੰਤ ਰਿਹਾਈ ਦੀ ਮੰਗ ਨੂੰ ਲੈ ਕੇ ਜਥੇਬੰਦੀ ਨਾਲ ਜੁੜੇ ਆਗੂਆਂ, ਵਰਕਰਾਂ ਅਤੇ ਸਮਰਥਕਾਂ ਵੱਲੋਂ ਅੱਜ ਚੰਡੀਗੜ੍ਹ ਵਿਖੇ ਵਿਸ਼ਾਲ ਸ਼ਾਂਤਮਈ ਮਾਰਚ ਸ਼ੁਰੂ ਕਰ ਦਿੱਤਾ ਗਿਆ ਹੈ।

ਮੁੱਲਾਂਪੁਰ ਦਾਖਾ ਅਤੇ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਹਜ਼ਾਰਾਂ ਪ੍ਰਦਰਸ਼ਨਕਾਰੀ ਮੁਹਾਲੀ ਦੇ ਗੁਰਦੁਆਰਾ ਅੰਬ ਸਾਹਿਬ ਵਿਖੇ ਇਕੱਠੇ ਹੋਣ ਤੋਂ ਬਾਅਦ ਹੁਣ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਕੂਚ ਕਰ ਰਹੇ ਸਨ।

ਬੁੱਧਵਾਰ ਨੂੰ 'ਵਾਰਿਸ ਪੰਜਾਬ ਦੇ' ਜਥੇਬੰਦੀ ਵੱਲੋਂ ਮੋਹਾਲੀ ਦੇ ਗੁਰਦੁਆਰਾ ਅੰਬ ਸਾਹਿਬ ਤੋਂ ਪੰਜਾਬ ਦੇ ਮੁੱਖ ਮੰਤਰੀ ਦੀ ਰਿਹਾਇਸ਼ ਤੱਕ ਕੱਢੇ ਜਾ ਰਹੇ ਰੋਸ ਮਾਰਚ ਦੇ ਮੱਦੇਨਜ਼ਰ ਚੰਡੀਗੜ੍ਹ ਟਰੈਫ਼ਿਕ ਪੁਲੀਸ ਨੇ ਆਮ ਲੋਕਾਂ ਅਤੇ ਵਾਹਨ ਚਾਲਕਾਂ ਲਈ ਵਿਸ਼ੇਸ਼ ਟਰੈਫ਼ਿਕ ਐਡਵਾਈਜ਼ਰੀ ਜਾਰੀ ਕੀਤੀ ਹੈ। ਸ਼ਹਿਰ 'ਚ ਸ਼ਾਂਤੀ ਅਤੇ ਟਰੈਫ਼ਿਕ ਵਿਵਸਥਾ ਬਣਾਏ ਰੱਖਣ ਲਈ ਸਵੇਰੇ 9:30 ਵਜੇ ਤੋਂ ਹੀ ਚੰਡੀਗੜ੍ਹ ਅਤੇ ਮੁਹਾਲੀ ਦੇ ਵਿਚਕਾਰਲੇ ਪ੍ਰਮੁੱਖ ਰਸਤਿਆਂ ਦੇ ਨਾਲ-ਨਾਲ ਸੈਕਟਰ-43 ਸਥਿਤ ਅੰਤਰਰਾਜੀ ਬੱਸ ਅੱਡੇ ਦੇ ਨੇੜਲੇ ਇਲਾਕਿਆਂ 'ਚ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ।

ਟਰੈਫ਼ਿਕ ਪੁਲੀਸ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ, ਯੂ.ਟੀ.-ਮੁਹਾਲੀ ਸਰਹੱਦ (ਬੁੜੈਲ ਜੇਲ੍ਹ ਦੇ ਪਿੱਛੇ) ਤੋਂ ਸੈਕਟਰ 50/51 ਚੌਂਕ ਤੱਕ, ਅਤੇ ਅੱਗੇ ਸੈਕਟਰ 50/51 ਚੌਂਕ ਤੋਂ ਸਰੋਵਰ ਪੱਥ ਦੇ ਨਾਲ-ਨਾਲ ਸੈਕਟਰ 44/45-50/51 ਚੌਂਕ (ਗਊਸ਼ਾਲਾ ਚੌਂਕ) ਸਮੇਤ ਸੈਕਟਰ 44/45 ਲਾਈਟ ਪੁਆਇੰਟ ਤੱਕ ਆਵਾਜਾਈ ਪੂਰੀ ਤਰ੍ਹਾਂ ਬੰਦ ਜਾਂ ਡਾਇਵਰਟ (ਬਦਲੀ) ਰਹੇਗੀ।

ਇਸੇ ਤਰ੍ਹਾਂ, ਵਿਕਾਸ ਮਾਰਗ 'ਤੇ ਸੈਕਟਰ 43/44/51/52 ਚੌਂਕ (ISBT ਚੌਂਕ) ਤੋਂ ਸੈਕਟਰ 44/45-50/51 ਚੌਂਕ (ਗਊਸ਼ਾਲਾ ਚੌਂਕ) ਤੱਕ ਅਤੇ ਅੱਗੇ ਸੈਕਟਰ 45-46/49/50 ਚੌਂਕ ਵੱਲ ਜਾਣ ਵਾਲੀ ਸੜਕ ਸਮੇਤ ਸੈਕਟਰ 43/44 ਲਾਈਟ ਪੁਆਇੰਟ ਅਤੇ ਸੈਕਟਰ 45/46 ਲਾਈਟ ਪੁਆਇੰਟ 'ਤੇ ਵੀ ਰੂਟ ਬਦਲੇ ਗਏ ਹਨ ਅਤੇ ਪਾਬੰਦੀਆਂ ਲਗਾਈਆਂ ਗਈਆਂ ਹਨ।

## ਜੋਤੀ ਦੀ ਮੌਤ ਮਾਮਲੇ 'ਚ ਪੰਜਾਬ ਯੂਨੀਵਰਸਿਟੀ ਦਾ ਵੱਡਾ ਐਕਸ਼ਨ, ਐਕਸੀਅਨ ਅਤੇ SDO ਮੁਅੱਤਲ

**ਚੰਡੀਗੜ੍ਹ, 28 ਜੁਲਾਈ**
**-ਮਨੋਜ ਵਰਮਾ-**

ਪੰਜਾਬ ਯੂਨੀਵਰਸਿਟੀ 'ਚ ਕਰੰਟ ਲੱਗਣ ਕਾਰਨ ਪੀ.ਐੱਚ.ਡੀ.ਖੋਜਾਰਥਣ ਜੋਤੀ ਦੀ ਮੌਤ ਦੇ ਮਾਮਲੇ 'ਚ ਯੂਨੀਵਰਸਿਟੀ ਪ੍ਰਸ਼ਾਸਨ ਨੇ ਵੱਡੀ ਕਾਰਵਾਈ ਕੀਤੀ ਹੈ। ਯੂਨੀਵਰਸਿਟੀ ਪ੍ਰਸ਼ਾਸਨ ਨੇ ਵਰਕਸ ਵਿਭਾਗ ਦੇ ਐਗਜ਼ਿਕਿਊਟਿਵ ਇੰਜੀਨੀਅਰ (ਐਕਸੀਅਨ) ਅਨਿਲ ਠਾਕੁਰ ਅਤੇ ਕਾਰਜਕਾਰੀ ਸਬ-ਡਵੀਜ਼ਨਲ ਇੰਜੀਨੀਅਰ (ਇਲੈਕਟ੍ਰੀਕਲ) ਲਖਵਿੰਦਰ ਸਿੰਘ ਧਨੋਆ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ। ਦੋਵੇਂ ਅਧਿਕਾਰੀ ਜਾਂਚ ਪੂਰੀ ਹੋਣ ਜਾਂ ਅਗਲੇ ਹੁਕਮਾਂ ਤੱਕ ਮੁਅੱਤਲ ਰਹਿਣਗੇ।

ਇਸ ਦੌਰਾਨ ਦੋਵੇਂ ਅਹੁਦਿਆਂ ਦਾ ਵਾਧੂ ਚਾਰਜ ਰਜਿਸਟਰਾਰ ਕੋਲ ਰਹੇਗਾ। ਇਸ ਦੌਰਾਨ ਮਾਮਲੇ 'ਚ ਸੈਕਟਰ-11 ਥਾਣੇ 'ਚ ਲਾਪਰਵਾਹੀ ਕਾਰਨ ਮੌਤ ਦਾ ਕੇਸ ਵੀ ਦਰਜ ਕਰ ਲਿਆ ਗਿਆ ਹੈ ਅਤੇ ਪੁਲਸ ਵੱਲੋਂ ਜਾਂਚ ਜਾਰੀ ਹੈ। ਯੂਨੀਵਰਸਿਟੀ ਨੇ ਜੋਤੀ ਦੇ ਪਰਿਵਾਰ ਲਈ 16 ਲੱਖ ਰੁਪਏ ਦੀ ਵਿੱਤੀ ਸਹਾਇਤਾ ਅਤੇ ਉਸ ਦੇ ਆਈ. ਟੀ. ਆਈ. ਪਾਸ ਭਰਾ ਨੂੰ ਨਿਯਮਾਂ ਅਨੁਸਾਰ ਨੌਕਰੀ ਦੇਣ ਦਾ ਐਲਾਨ ਕੀਤਾ ਹੈ।

ਤਾਜ਼ਾ ਜਾਣਕਾਰੀ ਮੁਤਾਬਕ ਯੂਨੀਵਰਸਿਟੀ ਪ੍ਰਸ਼ਾਸਨ ਨਾਲ ਲੰਬੀ ਗੱਲਬਾਤ ਤੋਂ ਬਾਅਦ ਜੋਤੀ ਦੇ ਪਰਿਵਾਰ ਨੇ ਪੋਸਟਮਾਰਟਮ ਕਰਵਾਉਣ ਲਈ ਸਹਿਮਤੀ ਦੇ ਦਿੱਤੀ ਸੀ। ਹਾਲਾਂਕਿ, ਇਸ ਖ਼ਬਰ ਦੇ ਲਿਖੇ ਜਾਣ ਤੱਕ ਪੋਸਟਮਾਰਟਮ ਰਿਪੋਰਟ ਜਨਤਕ ਨਹੀਂ ਕੀਤੀ ਗਈ।




# ਸੰਪਾਦਕੀ

**ਪੰਜਾਬ ਵਿੱਚ ਨਸ਼ਿਆਂ ਵਿਰੁਧ ਪੁਲਸ ਕਾਰਵਾਈ ਅਤੇ ਘਰ ਢਾਹੁਣ ਦੇ ਨਾਲ - ਰੁਜ਼ਗਾਰ ਅਤੇ ਸਿੱਖਿਆ ਵੀ ਇਕ ਹੱਲ**

## ਪੰਜਾਬ ਵਿੱਚ ਨਸ਼ਿਆਂ ਦੇ ਦਰਿਆ ਨੂੰ ਰੋਕਣ ਲਈ ਕੀ ਸਿਰਫ ਪੁਲਸ ਨਾਕੇ ਹੀ ਜ਼ਰੂਰੀ ਹਨ ?

ਪੰਜਾਬ ਅੱਜ ਇੱਕ ਅਜਿਹੇ ਦੋਰਾਹੇ ਤੇ ਖੜ੍ਹਾ ਹੈ ਜਿੱਥੇ ਨਸ਼ਿਆਂ ਦਾ ਮੁੱਦਾ ਸਿਰਫ਼ ਕਾਨੂੰਨ-ਵਿਵਸਥਾ ਦਾ ਨਹੀਂ, ਸਗੋਂ ਸਮਾਜਿਕ, ਆਰਥਿਕ ਅਤੇ ਮਨੁੱਖੀ ਵਿਕਾਸ ਦਾ ਵੀ ਪ੍ਰਸ਼ਨ ਬਣ ਚੁੱਕਾ ਹੈ। ਪਿਛਲੇ ਕਈ ਸਾਲਾਂ ਤੋਂ ਸਰਕਾਰਾਂ ਨੇ ਨਸ਼ਾ ਤਸਕਰਾਂ ਖ਼ਿਲਾਫ਼ ਮੁਹਿੰਮਾਂ ਚਲਾਈਆਂ, ਹਜ਼ਾਰਾਂ ਗ੍ਰਿਫ਼ਤਾਰੀਆਂ ਹੋਈਆਂ, ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਹੋਏ ਅਤੇ ਕਈ ਗਿਰੋਹਾਂ ਦੀ ਸੰਪਤੀ ਵੀ ਜ਼ਬਤ ਕੀਤੀ ਗਈ ਅਤੇ ਘਰ ਵੀ ਢਾਏ ਗਏ। ਫਿਰ ਵੀ ਇੱਕ ਬੁੱਧੀਜੀਵੀ ਸਵਾਲ ਅੱਜ ਵੀ ਜਿਉਂ ਦਾ ਤਿਉਂ ਖੜ੍ਹਾ ਹੈ—ਕੀ ਸਿਰਫ਼ ਪੁਲਿਸ ਕਾਰਵਾਈ ਨਾਲ ਨਸ਼ਿਆਂ ਦਾ ਖ਼ਾਤਮਾ ਸੰਭਵ ਹੈ?

ਹਕੀਕਤ ਇਹ ਹੈ ਕਿ ਜਦੋਂ ਤੱਕ ਨਸ਼ਿਆਂ ਦੀ ਮੰਗ ਬਣੀ ਰਹੇਗੀ, ਸਪਲਾਇਰ ਨੂੰ ਪੈਸੇ ਦਾ ਲਾਲਚ ਅਤੇ ਨਸ਼ਾ ਸਪਲਾਈ ਦੀਆਂ ਨਵੀਆਂ ਚੋਰਮੋਰੀਆਂ ਵੀ ਬਣਦੀਆਂ ਰਹਿਣਗੀਆਂ। ਇਸ ਲਈ ਕੇਵਲ ਤਸਕਰਾਂ ਅਤੇ ਨਸ਼ੇੜੀਆਂ' ਉੱਤੇ ਕਾਰਵਾਈ ਕਰਨਾ ਕਾਫ਼ੀ ਨਹੀਂ, ਸਗੋਂ ਉਹਨਾਂ ਕਾਰਨਾਂ ਨੂੰ ਵੀ ਸਮਝਣਾ ਅਤੇ ਦੂਰ ਕਰਨਾ ਲਾਜ਼ਮੀ ਹੈ ਜੋ ਨੌਜਵਾਨਾਂ ਨੂੰ ਨਸ਼ਿਆਂ ਵੱਲ ਧੱਕਦੇ ਹਨ। ਬੇਰੁਜ਼ਗਾਰੀ, ਹੁਨਰ ਵਿਕਾਸ ਦੀ ਘਾਟ, ਮਾਨਸਿਕ ਤਣਾਅ, ਸਮਾਜਿਕ ਦਬਾਅ ਅਤੇ ਭਵਿੱਖ ਪ੍ਰਤੀ ਨਿਰਾਸ਼ਾ ਅਤੇ ਵਿਹਲੜ ਪੁਣਾ ਅਜਿਹੇ ਮਹੱਤਵਪੂਰਨ ਕਾਰਕ ਹਨ।

ਹਰ ਸਿੱਖਿਆ ਸੰਸਥਾਵਾਂ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਨੂੰ ਲਾਜ਼ਮੀ ਪਾਠਕ੍ਰਮ ਵੱਜੋਂ ਹਿੱਸਾ ਬਣਾਇਆ ਜਾਣਾ ਚਾਹੀਦਾ ਹੈ। ਨੌਜਵਾਨਾਂ ਲਈ ਖੇਡਾਂ, ਤਕਨੀਕੀ ਸਿੱਖਿਆ, ਸਟਾਰਟਅੱਪ, ਉਦਯੋਗ , ਖੇਤੀ ਅਤੇ ਖੇਤੀ ਦੇ ਸਹਾਇਕ ਕੰਮਾਂ ਨਾਲ ਜੁੜੇ ਨਵੇਂ ਮੌਕੇ ਪੈਦਾ ਕਰਨੇ ਸਮੇਂ ਦੀ ਲੋੜ ਹੈ । ਜਦੋਂ ਇੱਕ ਨੌਜਵਾਨ ਨੂੰ ਇੱਜ਼ਤਦਾਰ ਰੁਜ਼ਗਾਰ, ਉਮੀਦ ਅਤੇ ਜੀਵਨ ਦਾ ਮਕਸਦ ਮਿਲੇਗਾ, ਤਾਂ ਨਸ਼ਿਆਂ ਦੀ ਖਿੱਚ ਆਪਣੇ ਆਪ ਘਟੇਗੀ।

ਇਸਦੇ ਨਾਲ-ਨਾਲ ਨਸ਼ਾ ਪੀੜਤ ਵਿਅਕਤੀਆਂ ਨੂੰ ਅਪਰਾਧੀ ਨਹੀਂ, ਸਗੋਂ ਮਾਨਸਿਕ ਰੋਗੀ ਤਹਿਤ ਇਲਾਜ ਅਤੇ ਪੁਨਰਵਾਸ ਦੇ ਹੱਕਦਾਰ ਵਜੋਂ ਵੀ ਦੇਖਣ ਦੀ ਲੋੜ ਹੈ। ਡੀ-ਐਡੀਕਸ਼ਨ ਕੇਂਦਰਾਂ ਦੀ ਗੁਣਵੱਤਾ, ਮਨੋਵਿਗਿਆਨਕ ਸਹਾਇਤਾ ਅਤੇ ਪਰਿਵਾਰਕ ਸਹਿਯੋਗ ਨੂੰ ਮਜ਼ਬੂਤ ਕਰਨਾ ਵੀ ਇਸ ਲੜਾਈ ਦਾ ਅਹਿਮ ਹਿੱਸਾ ਹੈ।

ਨਸ਼ਿਆਂ ਵਿਰੁੱਧ ਯੁੱਧ ਕਿਸੇ ਇੱਕ ਸਰਕਾਰ, ਪੁਲਿਸ ਜਾਂ ਅਦਾਲਤ ਦੀ ਲੜਾਈ ਨਹੀਂ ਹੈ। ਇਹ ਪਰਿਵਾਰਾਂ, ਸਕੂਲਾਂ, ਧਾਰਮਿਕ ਸੰਸਥਾਵਾਂ, ਸਮਾਜਿਕ ਜਥੇਬੰਦੀਆਂ, ਮੀਡੀਆ ਅਤੇ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਜਦੋਂ ਤੱਕ ਸਮਾਜ ਨਸ਼ੇ ਨੂੰ ਸਮਾਜਿਕ ਬੁਰਾਈ ਮੰਨ ਕੇ ਇਕਜੁੱਟ ਲਹਿਰ ਨਹੀਂ ਬਣਾਉਂਦਾ , ਉਦੋਂ ਤੱਕ ਇਹ ਲੜਾਈ ਅਧੂਰੀ ਰਹੇਗੀ।

ਅੱਜ ਦੀ ਲੋੜ ਇਹ ਨਹੀਂ ਕਿ ਸਿਰਫ਼ ਨਸ਼ਾ ਤਸਕਰਾਂ ਨੂੰ ਸਜ਼ਾ ਮਿਲੇ; ਲੋੜ ਇਹ ਹੈ ਕਿ ਹਰ ਨੌਜਵਾਨ ਨੂੰ ਸਿੱਖਿਆ, ਰੁਜ਼ਗਾਰ, ਹੁਨਰ, ਸਿਹਤਮੰਦ ਮਾਹੌਲ ਅਤੇ ਬਿਹਤਰ ਭਵਿੱਖ ਦਾ ਭਰੋਸਾ ਮਿਲੇ। ਅਸਲ ਜਿੱਤ ਉਦੋਂ ਹੋਵੇਗੀ ਜਦੋਂ ਪੰਜਾਬ ਦਾ ਨੌਜਵਾਨ ਨਸ਼ਿਆਂ ਤੋਂ ਨਹੀਂ, ਆਪਣੇ ਵਧੀਆ ਭਵਿੱਖ ਦੇ ਸੁਪਨਿਆਂ ਦਾ ਨਸ਼ਾ ਕਰੇਗਾ। ਇਸ ਲਈ ਆਉਂਦੇ ਕੁਜ ਸਮੇਂ ਵਿੱਚ 27 ਦੀਆਂ ਚੋਣਾ ਵਿੱਚ ਆਪਣੇ ਬੱਚਿਆਂ ਅਤੇ ਸਮਾਜ ਦੇ ਭਵਿੱਖ ਨੂੰ ਬਚਾਉਣ ਲਈ ਬਹੁਤ ਸੋਚ ਸਮਝ ਕੇ ਆਪਣੀ ਵੋਟ ਦਾ ਇਸਤੇਮਾਲ ਕਰਨਾ ਲਾਜ਼ਮੀ ਹੈ।

**-ਛੱਤਰਪਾਲ ਸਿੰਘ**

Shaheedeazamnews.com

ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਮੂੰਹਜ਼ੋਰ ਜੈੱਨ-ਜ਼ੀ ਅੱਗੇ ਮੂੰਹ ਭਾਰ ਸਿਆਸਤ

**ਅਰਵਿੰਦਰ ਜੋਹਲ**

ਬੀਤੇ ਸ਼ਨੀਵਾਰ ਉਹ ਹੋਇਆ ਜਿਸ ਦੀ ਭਾਰਤੀ ਜਨਤਾ ਪਾਰਟੀ ਦੇ ਰਾਜ ਵਿੱਚ ਕਦੇ ਕਲਪਨਾ ਵੀ ਨਹੀਂ ਸੀ ਕੀਤੀ ਜਾ ਸਕਦੀ। ਦੇਸ਼ ਦੇ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੇ 'ਨੀਟ' ਪੇਪਰ ਲੀਕ ਮੁੱਦੇ 'ਤੇ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ। ਕਾਫ਼ੀ ਪਹਿਲਾਂ ਇੱਕ ਵਾਰ ਪੁੱਛੇ ਗਏ ਕਿਸੇ ਸਵਾਲ ਦੇ ਜਵਾਬ ਵਿੱਚ ਰੱਖਿਆ ਮੰਤਰੀ ਰਾਜਨਾਥ ਸਿੰਘ ਦਾ ਕਹਿਣਾ ਸੀ ਕਿ ਉਨ੍ਹਾਂ ਦੀ ਸਰਕਾਰ 'ਚ ਕਦੇ ਅਸਤੀਫ਼ੇ ਨਹੀਂ ਹੁੰਦੇ। ਗੌਰਤਲਬ ਹੈ ਕਿ ਦਿੱਲੀ ਦੀਆਂ ਬਰੂਹਾਂ 'ਤੇ ਇੱਕ ਸਾਲ ਤੋਂ ਵੱਧ ਸਮਾਂ ਚੱਲੇ ਕਿਸਾਨ ਅੰਦੋਲਨ ਵੇਲੇ ਸਰਕਾਰ ਨੇ ਕਿਸਾਨਾਂ ਦੇ ਦਬਾਅ ਅੱਗੇ ਝੁਕਦਿਆਂ ਤਿੰਨ ਖੇਤੀ ਕਾਨੂੰਨ ਤਾਂ ਵਾਪਸ ਲੈ ਲਏ ਸਨ ਪਰ ਸਬੰਧਿਤ ਮੰਤਰੀ ਦਾ ਅਸਤੀਫ਼ਾ ਉਦੋਂ ਵੀ ਨਹੀਂ ਸੀ ਹੋਇਆ। ਕਿਸੇ ਵੀ ਜਮਹੂਰੀ ਮੁਲਕ ਦੀ ਸੱਤਾ 'ਚ ਬੈਠੀ ਧਿਰ ਵੱਲੋਂ ਜੇਕਰ ਕੋਈ ਗ਼ਲਤੀ ਹੋ ਜਾਵੇ ਤਾਂ ਉਸ ਨੂੰ ਮੰਨ ਕੇ ਆਪਣੀ ਜ਼ਿੰਮੇਵਾਰੀ ਤੇ ਜਵਾਬਦੇਹੀ ਸਮਝਦਿਆਂ ਅਹੁਦਾ ਛੱਡਣਾ ਕਮਜ਼ੋਰੀ ਦੀ ਨਿਸ਼ਾਨੀ ਨਹੀਂ, ਸਗੋਂ ਨੈਤਿਕਤਾ ਦਾ ਤਕਾਜ਼ਾ ਹੁੰਦਾ ਹੈ। ਗ਼ਲਤੀ ਦਾ ਅਹਿਸਾਸ ਹੋਣ ਮਗਰੋਂ ਵੇਲੇ ਸਿਰ ਢੁਕਵਾਂ ਕਦਮ ਚੁੱਕ ਲਿਆ ਜਾਵੇ ਤਾਂ ਬਿਹਤਰ ਹੁੰਦਾ ਹੈ, ਨਹੀਂ ਤਾਂ ਫਿਰ ਖੁਨਾਮੀ ਪੱਲੇ ਪੈਣ ?ਦੇ ਆਸਾਰ ਵੱਧ ਹੁੰਦੇ ਹਨ।

ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਮਗਰੋਂ ਸੀ ਜੇ ਪੀ (ਕੌਕਰੋਚ ਜਨਤਾ ਪਾਰਟੀ) ?ਨੇ ਕਾਂਸਟੀਚਿਊਸ਼ਨ ਕਲੱਬ 'ਚ ਕੇਂਦਰੀ ਮੰਤਰੀਆਂ ਜੇ ਪੀ ਨੱਡਾ ਤੇ ਜੀਤੇਂਦਰ ਸਿੰਘ ਨਾਲ ਮੀਟਿੰਗ ਤੋਂ ਬਾਅਦ ਇਨ੍ਹਾਂ ਦੋਵਾਂ ਮੰਤਰੀਆਂ ਦੀ ਹਾਜ਼ਰੀ 'ਚ ਹੀ ਅੰਦੋਲਨ ਖ਼ਤਮ ਕਰਨ ਤੇ ਜੰਤਰ ਮੰਤਰ ਖਾਲੀ ਕਰਨ ਦਾ ਐਲਾਨ ਕਰ ਦਿੱਤਾ। ਸੀ ਜੇ ਪੀ ਨੇ ਦਾਅਵਾ ਕੀਤਾ ਹੈ ਕਿ ਪ੍ਰਧਾਨ ਦੇ ਅਸਤੀਫ਼ੇ ਦੇ ਨਾਲ-ਨਾਲ ਪ੍ਰਦਰਸ਼ਨਕਾਰੀਆਂ ਖ਼ਿਲਾਫ਼ ਦਰਜ ਹੋਏ ਸਾਰੇ ਕੇਸ ਵਾਪਸ ਲੈਣ ਤੇ ਖ਼ੁਦਕੁਸ਼ੀ ਕਰਨ ਵਾਲੇ 'ਨੀਟ' ਦੇ ਵਿਦਿਆਰਥੀਆਂ ਦੇ ਪਰਿਵਾਰਾਂ ਨੂੰ ਇੱਕ-ਇੱਕ ਕਰੋੜ ਰੁਪਏ ਮੁਆਵਜ਼ੇ ਵਜੋਂ ਦੇਣ ਦੀ ਗੱਲ ਵੀ ਮੰਨ ਲਈ ਗਈ ਹੈ। ਮੁੱਖ ਧਾਰਾ ਦੇ ਸਾਰੇ ਚੈਨਲਾਂ ਵੱਲੋਂ ਸ਼ੁੱਕਰਵਾਰ ਅਤੇ ਸ਼ਨਿੱਚਰਵਾਰ ਸਵੇਰ ਤੱਕ ਵੀ ਸੂਤਰਾਂ ਦੇ ਹਵਾਲੇ ਨਾਲ ਇਹ ਖ਼ਬਰ ਚਲਾਈ ਜਾ ਰਹੀ ਸੀ ਕਿ ਭਾਜਪਾ ਨੂੰ ਲੱਗਦਾ ਹੈ ਕਿ ਅਸਤੀਫ਼ਾ ਦੇਣਾ ਜ਼ਿੰਮੇਵਾਰੀ ਤੋਂ ਭੱਜਣਾ ਹੋਵੇਗਾ ਅਤੇ ਬਿਹਤਰ ਇਹੀ ਹੋਵੇਗਾ ਕਿ ਜ਼ਿੰਮੇਵਾਰੀ ਸਮਝਦਿਆਂ ਧਰਮੇਂਦਰ ਪ੍ਰਧਾਨ ਆਪਣੇ ਅਹੁਦੇ 'ਤੇ ਕਾਇਮ ਰਹਿੰਦਿਆਂ ਸਿਸਟਮ ਨੂੰ ਸੁਧਾਰਨ। ਧਰਮੇਂਦਰ ਪ੍ਰਧਾਨ ਇਸੇ ਸੋਚ 'ਤੇ ਹੀ ਚੱਲ ਰਹੇ ਸਨ, ਪਰ ਫਿਰ ਕੁਝ ਘੰਟਿਆਂ ਦੇ ਅੰਦਰ-ਅੰਦਰ ਹੀ ਉਨ੍ਹਾਂ ਆਪਣੇ ਅਹੁਦੇ ਤੋਂ ਅਸਤੀਫ਼ਾ ਦਿੰਦਿਆਂ ਕਿਹਾ ਕਿ ਉਹ ਨੌਜਵਾਨਾਂ ਦੀਆਂ ਭਾਵਨਾਵਾਂ ਦੀ ਕਦਰ ਕਰਦਿਆਂ ਇਹ ਕਦਮ ਚੁੱਕ ਰਹੇ ਹਨ। ਇਹ ਵਿਦਿਆਰਥੀ ਤਾਂ ਪੇਪਰ ਲੀਕ ਦੇ ਮੁੱਦੇ 'ਤੇ 6 ਜੂਨ ਤੋਂ ਜੰਤਰ ਮੰਤਰ 'ਤੇ ਧਰਨਾ ਦੇ ਰਹੇ ਸਨ। ਨੌਜਵਾਨਾਂ ਦੀਆਂ ਭਾਵਨਾਵਾਂ ਦੀ ਕਦਰ ਕਰਨ 'ਚ ਉਨ੍ਹਾਂ ਨੂੰ ਕੋਈ 49 ਦਿਨ ਲੱਗ ਗਏ। ਭਾਜਪਾ ਪ੍ਰਧਾਨ ਨਿਤਿਨ ਨਬੀਨ ਨੂੰ ਵੀ ਹੁਣ ?ਲੱਗਿਐ ਕਿ ਪ੍ਰਧਾਨ ਨੇ ਅਸਤੀਫ਼ਾ ਦੇ ਕੇ ਬਹੁਤ ਕਮਾਲ ਦਾ ਕੰਮ ਕੀਤਾ ਹੈ। ਉਨ੍ਹਾਂ ਦਾ ਕਹਿਣਾ ਹੈ, "ਧਰਮੇਂਦਰ ਪ੍ਰਧਾਨ ਦਾ ਅਸਤੀਫ਼ਾ ਇਮਾਨਦਾਰੀ ਤੇ ਨਿਸ਼ਕਾਮ ਸੇਵਾ ਦੇ ਉੱਚੇ ਮਿਆਰਾਂ ਦੀ ਮਿਸਾਲ ਹੈ। ਪਾਰਟੀ ਉਨ੍ਹਾਂ ਦੇ ਫ਼ੈਸਲੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ।" ਇਹ ਨਿਸ਼ਕਾਮ ?ਸੇਵਾ ਕੀ ਉਹ ਪਹਿਲਾਂ ?ਨਹੀਂ ?ਸੀ ਕਰ ਸਕਦੇ ?

ਖ਼ੈਰ, ਪ੍ਰਧਾਨ ਦੇ ਅਸਤੀਫ਼ੇ ਦੇ ਐਲਾਨ ਮਗਰੋਂ ਜੰਤਰ ਮੰਤਰ 'ਤੇ ਜਸ਼ਨ ਦਾ ਮਾਹੌਲ ਬਣ ਗਿਆ। 'ਵੰਦੇ ਮਾਤਰਮ' ਦੀ ਗੂੰਜ 'ਚ ਵਿਦਿਆਰਥੀਆਂ ਨੇ ਆਪਣੀਆਂ ਪੁਰਾਣੀਆਂ ਮੰਗਾਂ ਵਾਲੇ ਪੋਸਟਰ ਬਦਲ ਕੇ ਨਵੇਂ ਪੋਸਟਰ ਹੱਥਾਂ 'ਚ ਚੁੱਕ ਲਏ, ਜਿਨ੍ਹਾਂ 'ਤੇ ਉਨ੍ਹਾਂ ਨੇ 'ਆਪਣੀ ਜਿੱਤ' ਦੇ ਨਾਲ-ਨਾਲ 'ਹਾਰ ਗਈ ਸਰਕਾਰ' ਲਿਖਿਆ ਹੋਇਆ ਸੀ। ਧਰਮੇਂਦਰ ਪ੍ਰਧਾਨ ਨੇ ਜਦੋਂ ਅਜੇ ਅਸਤੀਫ਼ਾ ਨਹੀਂ ਸੀ ਦਿੱਤਾ ਤਾਂ ਸੋਨਮ ਵਾਂਗਚੁਕ ਨਾਲ ਭੁੱਖ ਹੜਤਾਲ 'ਤੇ ਬੈਠਣ ਵਾਲੀ ਨੇਹਾ ਤੇ ਹੋਰ ਵਿਦਿਆਰਥਣਾਂ ਵੀ ਰਾਹੁਲ ਗਾਂਧੀ ਵੱਲੋਂ ਸਵੇਰ ਵੇਲੇ 'ਨੀਟ' ਮੁੱਦੇ 'ਤੇ ਕੀਤੀ ਗਈ ਪ੍ਰੈੱਸ ਕਾਨਫਰੰਸ ਵਿੱਚ ਹਾਜ਼ਰ ਸਨ। ਉਸ ਮੌਕੇ ਰਾਹੁਲ ਗਾਂਧੀ ਨੇ ਨੌਜਵਾਨਾਂ ਨੂੰ ਭਾਰਤ ਦਾ ਭਵਿੱਖ ਦੱਸਦਿਆਂ ਕਿਹਾ ਸੀ ਕਿ ਇਨ੍ਹਾਂ ਨਾਲ ਕੋਈ ਨਹੀਂ ਲੜ ਸਕਦਾ। ਇਸ ਨਵੀਂ ਪੀੜ੍ਹੀ, ਜਿਸ ਨੂੰ ਜੈੱਨ-ਜ਼ੀ ਕਿਹਾ ਜਾਂਦਾ ਹੈ, ਨੇ 19 ਜੁਲਾਈ ਨੂੰ ਸੋਨਮ ਵਾਂਗਚੁਕ ਨੂੰ ਧਰਨੇ ਵਾਲੀ ਥਾਂ ਤੋਂ ਪੁਲੀਸ ਵੱਲੋਂ ਚੁੱਕੇ ਜਾਣ ਦੇ ਬਾਵਜੂਦ 20 ਜੁਲਾਈ ਦੇ ਸੰਸਦ ਮਾਰਚ ਦੇ ਸੱਦੇ 'ਤੇ ਵੱਡੀ ਗਿਣਤੀ 'ਚ ਆਪਣੀ ਮੌਜੂਦਗੀ ਦਰਜ ਕਰਵਾਈ ਅਤੇ ਉਹ ਸੰਸਦ ਦੇ ਬੂਹੇ ਤੱਕ ਜਾ ਪੁੱਜੇ ਜਦੋਂਕਿ ਉਨ੍ਹਾਂ ਦੀ ਅਗਵਾਈ ਕਰਨ ਵਾਲਾ ਕੋਈ ਆਗੂ ਨਹੀਂ ਸੀ। ਲੱਗਦਾ ਸੀ ਜਿਵੇਂ ਹਰ ਕਿਸੇ ਨੇ ਆਪਣੀ ਜ਼ਿੰਮੇਵਾਰੀ ਸਮਝਦਿਆਂ ਅੰਦੋਲਨ ਦੀ ਅਗਵਾਈ ਖ਼ੁਦ ਆਪਣੇ ਹੱਥ ਲੈ ਲਈ ਹੋਵੇ ਅਤੇ ਉਸ ਮੌਕੇ ਦਿੱਲੀ ਪੁਲੀਸ ਵੱਲੋਂ ਕੀਤੇ ਗਏ ਲਾਠੀਚਾਰਜ ਤੇ ਦਾਗੇ ਗਏ ਅੱਥਰੂ ਗੈਸ ਦੇ ਗੋਲਿਆਂ ਕਾਰਨ ਕੁਝ ਵਿਦਿਆਰਥੀ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਏ। ਦਿੱਲੀ ਪੁਲੀਸ 'ਤੇ ਦੋਸ਼ ਤਾਂ ਇਹ ਵੀ ਲੱਗਿਆ ਕਿ ਵਿਦਿਆਰਥੀਆਂ 'ਤੇ ਪੈਲੇਟ ਗੰਨ ਦੀ ਵਰਤੋਂ ਦੇ ਨਾਲ-ਨਾਲ ਸ਼ੌਕ ਬੈਟਨ (ਕਰੰਟ ਵਾਲੇ ਡੰਡਿਆਂ) ਅਤੇ ਕਿੱਲਾਂ ਵਾਲੇ ਡੰਡਿਆਂ ਦੀ ਵਰਤੋਂ ਵੀ ਕੀਤੀ ਗਈ, ਪਰ ਪੁਲੀਸ ਨੇ ਇਨ੍ਹਾਂ ਦੋਸ਼ਾਂ ਦਾ ਖੰਡਨ ਕੀਤਾ ਹੈ। ਲਾਠੀਚਾਰਜ ਦੌਰਾਨ ਕਈਆਂ ਦੀਆਂ ਹੱਡੀਆਂ ਟੁੱਟੀਆਂ, ਪ੍ਰਦਰਸ਼ਨਕਾਰੀ ਲੜਕੀਆਂ ਨੂੰ ਕੁੱਟਿਆ ਗਿਆ ਅਤੇ ਉਨ੍ਹਾਂ ਦੇ ਕੱਪੜੇ ਪਾੜੇ ਗਏ ਜਿਸ ਕਾਰਨ ਦੇਸ਼ ਭਰ ਵਿੱਚ ਮਾਪਿਆਂ,



ਦਾਦੇ-ਦਾਦੀਆਂ ਤੇ ਨਾਨੇ-ਨਾਨੀਆਂ ਵਿੱਚ ਰੋਹ ਪੈਦਾ ਹੋਇਆ। ਗੱਲ ਜਦੋਂ ਬੱਚਿਆਂ 'ਤੇ ਆਉਂਦੀ ਹੈ ਤਾਂ ਮਾਪੇ ਵੀ ਪਿੱਛੇ ਨਹੀਂ ਰਹਿੰਦੇ। ਹੁਣ ਬੱਚਿਆਂ ਦੇ ਨਾਲ ਉਨ੍ਹਾਂ ਦੇ ਮਾਪੇ ਤੇ ਬਜ਼ੁਰਗ ਢਾਲ ਵਜੋਂ ਜੰਤਰ ਮੰਤਰ 'ਤੇ ਹਾਜ਼ਰੀ ਭਰਨ ਲੱਗੇ। ਸਾਰੇ ਮਾਪਿਆਂ ਦੇ ਮਨ 'ਚ ਸੀ ਕਿ ਕੋਚਿੰਗ ਕਲਾਸਾਂ 'ਤੇ ਲੱਖਾਂ ਰੁਪਏ ਖਰਚ ਕੇ ਅਤੇ ਸਾਲ ਭਰ ਮਿਹਨਤ ਕਰ ਕੇ ਜਦੋਂ ਬੱਚਿਆਂ ਨੇ ਪੇਪਰ ਦਿੱਤਾ ਤਾਂ ਉਹ ਲੀਕ ਹੋ ਗਿਆ; ਇਸ ਵਿੱਚ ਉਨ੍ਹਾਂ ਦੇ ਬੱਚਿਆਂ ਦਾ ਕੀ ਕਸੂਰ ਹੈ ? ਕਈ ਬੱਚੇ ਤਾਂ ਮੁੜ-ਪ੍ਰੀਖਿਆ ਦੇਣ ਦੇ ਦਬਾਅ ਨੂੰ ਨਾ ਝੱਲਦਿਆਂ ਖ਼ੁਦਕੁਸ਼ੀ ਵੀ ਕਰ ਗਏ। ਇਸ ਦੇ ਬਾਵਜੂਦ ਸਰਕਾਰ ਨੇ ਹਮਦਰਦੀ ਨਾਲ ਉਨ੍ਹਾਂ ਦੀ ਗੱਲ ਵੀ ਨਹੀਂ ਸੁਣੀ ਤੇ ਨਾ ਹੀ ਉਨ੍ਹਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਦਿੱਤਾ। ਇਸ ਰਵੱਈਏ ਕਾਰਨ ਮਾਪੇ ਆਪਣੀ ਥਾਂ ਬਹੁਤ ਪ੍ਰੇਸ਼ਾਨ ਸਨ।

ਉਦਾਂ ਵੀ ਸਰਕਾਰ ਵੱਲੋਂ ਵਿਰੋਧ ਨੂੰ ਕੁਚਲਣ ਲਈ ਅਜ਼ਮਾਏ ਹੋਏ ਆਪਣੇ ਢੰਗ-ਤਰੀਕਿਆਂ ਨੂੰ ਵਰਤਣ ਕਾਰਨ ਨੌਜਵਾਨਾਂ ਅੰਦਰਲਾ ਰੋਹ ਹੋਰ ਭੜਕ ਗਿਆ। ਇਹ ਨਵੀਂ ਪੀੜ੍ਹੀ ਵੱਖਰੀ ਹੈ, ਜਿਸ ਨੂੰ ਦਲੀਲ ਨਾਲ ਹੀ ਕੋਈ ਗੱਲ ਸਮਝਾਈ ਜਾ ਸਕਦਾ ਹੈ। ਇਹ ਗੋਲ ਮੋਲ ਗੱਲਾਂ ਨਹੀਂ ਸੁਣਦੀ ਸਗੋਂ ਆਪਣੇ ਸਵਾਲਾਂ ਦੇ ਸਪੱਸ਼ਟ ਜਵਾਬ ਮੰਗਦੀ ਹੈ। ਹਾਲਾਂਕਿ, ਇਸ ਪੀੜ੍ਹੀ ਨੂੰ ਲੈ ਕੇ ਕਈ ਤਰ੍ਹਾਂ ਦੇ ਸਵਾਲ ਉਠਾਏ ਜਾਂਦੇ ਹਨ ਕਿ ਇਹ ਪੀੜ੍ਹੀ ਆਪਣੇ ਸੁਖ ਸਹੂਲਤਾਂ ਵਾਲੇ ਮਾਹੌਲ 'ਚੋਂ ਬਾਹਰ ਨਹੀਂ ਨਿਕਲਦੀ ਜਾਂ ਸਮਾਜਿਕ ਮੁੱਦਿਆਂ ਨਾਲ ਉਨ੍ਹਾਂ ਨੂੰ ਕੋਈ ਬਹੁਤਾ ਸਰੋਕਾਰ ਨਹੀਂ। ਸਿਆਸੀ ਪੇਚਾਂ ਅਤੇ ਘੁੰਮਣਘੇਰੀਆਂ ਦੀ ਭਲਾ ਇਸ ਪੀੜ੍ਹੀ ਨੂੰ ਕੀ ਸਮਝ ?

ਦਰਅਸਲ, ਸਿਆਸਤ 'ਚ ਜਦੋਂ ਵੀ ਸੱਤਾਧਾਰੀਆਂ ਦਾ ਵਾਹ ਵਿਰੋਧੀ ਧਿਰ ਦੇ ਆਗੂਆਂ ਨਾਲ ਪੈਂਦਾ ਰਿਹਾ ਤਾਂ ਉਨ੍ਹਾਂ ਦੇ ਨਾਲ ਈ ਡੀ ਅਤੇ ਸੀ ਬੀ ਆਈ ਦੇ ਡਰਾਵੇ ਰਾਹੀਂ ਸਿੱਝ ਲਿਆ ਗਿਆ ਤੇ ਬੇਖ਼ੌਫ਼ ਸਿਆਸਤ ਕੀਤੀ ਗਈ, ਪਰ ਉਨ੍ਹਾਂ ਨੂੰ ਇਸ ਵਾਰ ਇਹ ਸਮਝ ਨਹੀਂ ਲੱਗੀ ਕਿ ਅੱਲੜ੍ਹ ਉਮਰ ਦੇ ਇਨ੍ਹਾਂ ਮੂੰਹਜ਼ੋਰ ਪ੍ਰਦਰਸ਼ਨਕਾਰੀਆਂ ਨਾਲ ਕਿਵੇਂ ਸਿੱਝਣਾ ਹੈ। ਜਦੋਂ ਤੁਸੀਂ ਵੱਖ- ਵੱਖ ਚੈਨਲਾਂ 'ਤੇ ਪੱਤਰਕਾਰਾਂ ਵੱਲੋਂ ਇਨ੍ਹਾਂ ਨੌਜਵਾਨਾਂ ਨਾਲ ਕੀਤੀ ਗਈ ਗੱਲਬਾਤ ਦੇਖਦੇ ਹੋ ਤਾਂ ਤੁਹਾਨੂੰ ਸਮਝ ਪੈ ਜਾਂਦੀ ਹੈ ਕਿ ਇਹ ਸਿਰਫ਼ ਪਿਜ਼ਾ, ਬਰਗਰ ਖਾਣ ਵਾਲੇ ਨਹੀਂ ਸਗੋਂ ਹਰ ਮੁੱਦੇ 'ਤੇ ਪੂਰੇ ਅੰਕੜਿਆਂ ਨਾਲ ਲੈਸ ਹਨ।

ਸਿਆਸਤ ਦੀਆਂ ਪੇਚੀਦਗੀਆਂ, ਮਸਲਿਆਂ ਅਤੇ ਮੁੱਦਿਆਂ ਦੀ ਉਨ੍ਹਾਂ ਨੂੰ ਚੰਗੀ ਸਮਝ ਹੈ। ਅੱਲੜ੍ਹ ਉਮਰ ਦੇ ਇੱਕ ਵਿਦਿਆਰਥੀ ਨੇ ਪੱਤਰਕਾਰ ਦੇ ਇੱਕ ਸਵਾਲ ਦੇ ਜਵਾਬ 'ਚ ਕਿਹਾ, "ਦੇਸ਼ ਦੀ ਅੱਧੀ ਤੋਂ ਵੱਧ ਆਬਾਦੀ ਯੁਵਾ ਹੈ ਅਤੇ ਜਿਹੜੀ ਸਰਕਾਰ ਸਾਡੀ ਗੱਲ ਨਹੀਂ ਸੁਣੇਗੀ, ਉਹ ਸਾਡੀ ਵੋਟ ਦੀ ਹੱਕਦਾਰ ਨਹੀਂ ਹੋਵੇਗੀ।" ਇਸ ਇੱਕ ਸਾਦੇ ਫ਼ਿਕਰੇ 'ਚ ਉਸ ਨੇ ਦੇਸ਼ ਦੀ ਸਿਆਸਤ ਤੇ ਸਿਆਸਤਦਾਨਾਂ ਦੀ ਕਮਜ਼ੋਰੀ ਬਿਆਨ ਕਰ ਦਿੱਤੀ ਕਿ ਉਨ੍ਹਾਂ ਦੀ ਵੋਟ ਦਾ ਹੱਕਦਾਰ ਬਣਨ ਲਈ ਉਨ੍ਹਾਂ ਦੀ ਗੱਲ ਤਾਂ ਸੁਣਨੀ ਹੀ ਪੈਣੀ ਹੈ ਤੇ ਅਖੀਰ ਗੱਲ ਸੁਣਨੀ ਹੀ ਪਈ।

ਉਦਾਂ ਵੀ ਦੇਸ਼-ਵਿਦੇਸ਼ ਤੋਂ ਲੋਕਾਂ ?ਨੇ ਜੰਤਰ ਮੰਤਰ 'ਤੇ ਬੈਠੇ ਧਰਨਾਕਾਰੀ ਬੱਚਿਆਂ ਲਈ ਫੂਡ ਡਲਿਵਰੀ ਐਪਸ ਰਾਹੀਂ ਖਾਣਾ, ਪਾਣੀ, ਚਾਹ ਅਤੇ ਹੋਰ ਜ਼ਰੂਰਤ ਦੀਆਂ ਚੀਜ਼ਾਂ ਪਹੁੰਚਾਈਆਂ। ਕੁਝ ਲੋਕ ਦੇਸ਼ ਅਤੇ ਕੁਝ ਵਿਦੇਸ਼ ਤੋਂ ਆਪਣੇ ਪੈਸੇ ਖਰਚ ਕੇ ਜੰਤਰ ਮੰਤਰ 'ਤੇ ਵਿਦਿਆਰਥੀਆਂ ਦੀ ਹਮਾਇਤ ਲਈ ਪੁੱਜੇ। ਵਿਦਿਆਰਥੀਆਂ ਵਾਸਤੇ ਲੋਕਾਂ ਵਿੱਚ ਇੱਕ ਅਜਿਹਾ ਜਜ਼ਬਾ ਪੈਦਾ ਹੋ ਗਿਆ, ਜੋ ਅੰਦੋਲਨ ਅਤੇ ਵਿਦਿਆਰਥੀਆਂ ਦੀ ਢਾਲ ਬਣ ਗਿਆ।

ਧਰਨੇ 'ਚ ਪੁੱਜੇ ਵੱਖ-ਵੱਖ ਲੋਕਾਂ ਦੀਆਂ ਕਹਾਣੀਆਂ/ ਗੱਲਾਂ ਸੁਣ ਕੇ ਤੁਹਾਨੂੰ ਇਸ ਜਜ਼ਬੇ ਦੀ ਸਮਝ ਪੈਂਦੀ ਹੈ। ਇੱਕ ਚੈਨਲ ਦਾ ਪੱਤਰਕਾਰ ਉੱਥੇ ਹਾਜ਼ਰ ਵੱਖ-ਵੱਖ ਲੋਕਾਂ ਨਾਲ ਗੱਲਾਂ ਕਰਦਿਆਂ-ਕਰਦਿਆਂ ਵੱਡੀ ਉਮਰ ਦੀ ਇੱਕ ਜੋੜੀ ਕੋਲ ਰੁਕਿਆ। ਦੇਖਣ ਨੂੰ ਦੋਵੇਂ ਕਾਰਪੋਰੇਟ ਸੈਕਟਰ ਵਿੱਚ ਕੰਮ ਕਰਦੇ ਜਾਪਦੇ ਸਨ। ਪੱਤਰਕਾਰ ਨੇ ਜਦੋਂ ਪਤੀ ਨੂੰ ਪੁੱਛਿਆ ਕਿ ਵਿਦਿਆਰਥੀਆਂ ਦੇ ਇਸ ਅੰਦੋਲਨ 'ਚ ਉਨ੍ਹਾਂ ਦੇ ਆਉਣ ਦਾ ਮਕਸਦ ਕੀ ਹੈ ਤਾਂ ਉਸ ਦਾ ਜਵਾਬ ਸੀ, "ਮੇਰਾ ਪੁੱਤਰ ਲੰਡਨ 'ਚ ਨੌਕਰੀ ਕਰਦਾ ਹੈ। ਉਸ ਨੂੰ ਉੱਥੋਂ ਛੁੱਟੀ ਨਹੀਂ ਮਿਲੀ। ਉਸ ਨੇ ਸਾਨੂੰ ਕਿਹਾ ਹੈ ਕਿ ਅਸੀਂ ਧਰਨੇ 'ਚ ਸ਼ਾਮਿਲ ਹੋਈਏ ਅਤੇ ਜੰਤਰ ਮੰਤਰ ਜਾ ਕੇ ਉਸ ਦੇ ਹਿੱਸੇ ਦਾ ਡੰਡਾ ਖਾਈਏ। ਉਸ ਨੇ ਮੈਨੂੰ ਕਿਹਾ ਕਿ ਮੈਂ ਉੱਥੇ ਤਾਇਨਾਤ ਪੁਲੀਸ ਮੁਲਾਜ਼ਮਾਂ ਨੂੰ ਬੇਨਤੀ ਕਰਾਂ ਕਿ ਉਹ ਮੈਨੂੰ ਘੱਟੋ-ਘੱਟ ਇੱਕ ਡੰਡਾ ਜ਼ਰੂਰ ਮਾਰਨ ਤਾਂ ਕਿ 20 ਤਾਰੀਖ਼ ਨੂੰ ਬੱਚਿਆਂ ਨਾਲ ਜੋ ਬੀਤੀ, ਉਸ ਨੂੰ ਆਪਣੇ ਪਿੰਡੇ 'ਤੇ ਹੰਢਾ ਕੇ ਮਹਿਸੂਸ ਕਰ ਸਕਾਂ। ਮੈਨੂੰ ਲੱਗਦੈ ਕਿ ਕੱਲ੍ਹ ਨੂੰ ਮੈਂ ਇਹ ਕਹਿ ਸਕਾਂਗਾ ਕਿ ਜਦੋਂ ਸਾਡੇ ਬੱਚਿਆਂ ਨੇ ਆਪਣੀਆਂ ਹੱਕੀ ਮੰਗਾਂ ਲਈ ਡੰਡੇ ਖਾਧੇ ਤਾਂ ਉਨ੍ਹਾਂ ਦੇ ਵੱਡੇ ਵੀ ਨਾਲ ਸਨ।"

ਉਦਾਂ ਵੀ ਅੱਲੜ੍ਹ ਉਮਰ ਦੇ ਇਨ੍ਹਾਂ ਬੱਚਿਆਂ 'ਚ ਜਿੱਥੇ ਆਪਣੀਆਂ ਮੰਗਾਂ ਮਨਵਾਉਣ ਲਈ ਸੰਜੀਦਗੀ ਨਾਲ ਸੰਘਰਸ਼ ਕਰਨ ਦਾ ਜੇਰਾ ਹੈ, ਉੱਥੇ ਉਹ ਇਸ ਉਮਰ ਦੀਆਂ ਖ਼ਰਮਸਤੀਆਂ ਵੀ ਨਹੀਂ ਭੁੱਲਦੇ। ਬਿਹਾਰ ਦੇ ਪਟਨਾ ਵਿੱਚ ਇਸੇ ਮੁੱਦੇ 'ਤੇ ਰੋਸ ਪ੍ਰਦਰਸ਼ਨ ਕਰ ਰਹੇ ਨੌਜਵਾਨਾਂ ਨੂੰ ਖਦੇੜਨ ਲਈ ਜਦੋਂ ਪਾਣੀ ਦੀਆਂ ਬੁਛਾੜਾਂ ਮਾਰੀਆਂ ਗਈਆਂ ਤਾਂ ਇਨ੍ਹਾਂ ਨੇ ਕੱਪੜੇ ਲਾਹ ਕੇ ਨਹਾਉਣਾ ਸ਼ੁਰੂ ਕਰ ਦਿੱਤਾ ਅਤੇ ਇੱਕ ਬੱਚਾ ਤਾਂ ਉੱਥੇ ਤਾਇਨਾਤ ਪੁਲੀਸ ਵਾਲਿਆਂ ਵੱਲ ਜਾ ਕੇ ਪੁੱਛਣ ਲੱਗਿਆ, "ਸਰ, ਇਧਰ ਕੌਨੋ ਆਂਸੂ ਗੈਸ ਕੀ ਵਿਵਸਥਾ ਨਹੀਂ ਹੈ ਕਯਾ ?" ਵਰਤੋਂ ਵਿਹਾਰ ਦੇ ਕਾਇਦਿਆਂ ਤੇ ਪ੍ਰੋਟੋਕੋਲ ਤੋਂ ਬੇਪਰਵਾਹ ਇਨ੍ਹਾਂ ਬੱਚਿਆਂ ਨੇ ਪ੍ਰਧਾਨ ਮੰਤਰੀ ਮੋਦੀ ਦੇ ਮਿੱਤਰਾਂ 'ਚ ਸ਼ੁਮਾਰ ਇਟਲੀ ਦੀ ਪ੍ਰਧਾਨ ਮੰਤਰੀ ਮੇਲੋਨੀ ਦੇ ਸੋਸ਼ਲ ਮੀਡੀਆ ਖਾਤੇ ਕੁਮੈਂਟਾਂ ਨਾਲ ਭਰ ਦਿੱਤੇ ਅਤੇ ਅੰਤ ਉਨ੍ਹਾਂ ਨੂੰ ਇਹ ਕੁਮੈਂਟ ਬਲੌਕ ਕਰਨੇ ਪਏ। ਇਨ੍ਹਾਂ ਵੱਲੋਂ ਨਵੇਂ ਨਵੇਂ ਅੰਦਾਜ਼ ਦੇ ਮੀਮਜ਼ ਤੇ ਪੋਸਟਰਾਂ ਨਾਲ ਜਿਸ ਤਰ੍ਹਾਂ ਸੱਤਾ ਤੇ ਸ਼ਾਸਨ ਨੂੰ ਠਿੱਠ ਕੀਤਾ ਗਿਆ, ਨਾ ਤਾਂ ਉਸ ਦਾ ਜਵਾਬ ਦਿੱਤਾ ਜਾ ਸਕਦਾ ਸੀ, ਨਾ ਇਸ ਦੇ ਲਈ ਉਨ੍ਹਾਂ ਖ਼ਿਲਾਫ਼ ਕੋਈ ਕਾਰਵਾਈ ਕੀਤੀ ਜਾ ਸਕਦੀ ਸੀ। ਬੱਸ ਉਨ੍ਹਾਂ ?ਨੂੰ ਦੇਖ ਕੇ ਤੁਹਾਡਾ ਬੇਸਾਖਤਾ ਹਾਸਾ ਨਿਕਲ ਜਾਂਦਾ ਹੈ। ਭਾਵੇਂ ਪੌਣੇ ਦੋ ਮਹੀਨਿਆਂ 'ਚ ਹੀ ਸਹੀ, ਫਿਰ ਵੀ ਸੱਤਾਧਾਰੀ ਧਿਰ ਨੂੰ ਛੇਤੀ ਹੀ ਸਮਝ ਆ ਗਈ ਕਿ ਇਸ ਵਾਰੀ ਵਾਹ ਰਵਾਇਤੀ ਸਿਆਸਤਦਾਨਾਂ ਨਾਲ ਨਹੀਂ, ਜੈੱਨ-ਜ਼ੀ ਨਾਲ ਪਿਆ ਹੈ।

# ਜਲ ਸਰੋਤ ਮੰਤਰੀ ਬਰਿੰਦਰ ਗੋਇਲ ਤੇ ਵਿਧਾਇਕ ਗੁਰਲਾਲ ਘਨੌਰ ਵੱਲੋਂ 26.73 ਕਰੋੜ ਰੁਪਏ ਦੀ ਲਾਗਤ ਵਾਲੇ ਨਹਿਰੀ ਸਿੰਚਾਈ ਪ੍ਰਾਜੈਕਟਾਂ ਦਾ ਉਦਘਾਟਨ

**ਘਨੌਰ, 29 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਗੋਇਲ ਅਤੇ ਵਿਧਾਇਕ ਗੁਰਲਾਲ ਘਨੌਰ ਨੇ ਅੱਜ ਪਿੰਡ ਕੋਲ੍ਹੇਮਾਜਰਾ ਵਿਖੇ 26.73 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਲਿਫ਼ਟ ਸਿਸਟਮ ਅਧਾਰਿਤ ਨਹਿਰੀ ਸਿੰਚਾਈ ਪ੍ਰਾਜੈਕਟਾਂ ਦਾ ਉਦਘਾਟਨ ਕਰਦਿਆਂ ਹਲਕੇ ਦੇ 42 ਪਿੰਡਾਂ ਦੇ ਕਿਸਾਨਾਂ ਨੂੰ ਵੱਡਾ ਤੋਹਫ਼ਾ ਦਿੱਤਾ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਇਸ ਇਲਾਕੇ ਦੇ ਕਿਸਾਨਾਂ ਦੀ ਆਜ਼ਾਦੀ ਤੋਂ ਪਹਿਲਾਂ ਤੋਂ ਚੱਲੀ ਆ ਰਹੀ ਚਿਰੋਕਣੀ ਮੰਗ ਨੂੰ ਪੂਰਾ ਕਰਕੇ ਆਪਣਾ ਵਾਅਦਾ ਨਿਭਾਇਆ ਹੈ।

ਬਰਿੰਦਰ ਗੋਇਲ, ਜਿਨ੍ਹਾਂ ਕੋਲ ਖਣਨ ਤੇ ਭੂ-ਵਿਗਿਆਨ ਅਤੇ ਭੂਮੀ ਤੇ ਪਾਣੀ ਦੀ ਸੰਭਾਲ ਬਾਰੇ ਵਿਭਾਗ ਵੀ ਹਨ, ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪਹਿਲੀ ਵਾਰ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਦਾ ਤਹੱਈਆ ਕਰਦਿਆਂ ਅਜਾਈਂ ਵਹਿ ਜਾਂਦੇ ਨਹਿਰੀ ਪਾਣੀ ਨੂੰ ਵੱਡੇ ਪੱਧਰ 'ਤੇ ਸਿੰਚਾਈ ਲਈ ਵਰਤਿਆ ਹੈ। ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਖੇਤਾਂ ਤੱਕ ਪਹੁੰਚਾ ਕੇ ਪੰਜਾਬ ਦੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਦੀ ਮੁਹਿੰਮ ਨੂੰ ਮਜ਼ਬੂਤੀ ਦਿੱਤੀ ਗਈ ਹੈ।



ਬਰਿੰਦਰ ਗੋਇਲ ਨੇ ਕਿਹਾ ਕਿ ਪੰਜਾਬ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਨਹਿਰੀ ਪਾਣੀ ਟੇਲਾਂ ਤੱਕ ਪਹੁੰਚਾਉਣ ਦਾ ਵਾਅਦਾ ਕੀਤਾ ਗਿਆ ਸੀ, ਜਿਸ ਨੂੰ ਹੁਣ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਘਨੌਰ ਹਲਕੇ ਦੇ ਨੇੜੇ ਨਹਿਰ ਲੰਘਦੀ ਹੋਣ ਦੇ ਬਾਵਜੂਦ ਕਈ ਪਿੰਡ ਨਹਿਰੀ ਪਾਣੀ ਤੋਂ ਵਾਂਝੇ ਸਨ, ਪਰ ਭਗਵੰਤ ਮਾਨ ਸਰਕਾਰ ਨੇ ਹੁਣ ਉਨ੍ਹਾਂ ਖੇਤਾਂ ਤੱਕ ਵੀ ਪਾਣੀ ਪਹੁੰਚਾ ਦਿੱਤਾ ਹੈ। ਬਰਿੰਦਰ ਗੋਇਲ ਨੇ ਦੱਸਿਆ ਕਿ ਵਿਧਾਇਕ ਗੁਰਲਾਲ ਘਨੌਰ ਦੀ ਪਹਿਲਕਦਮੀ ਸਦਕਾ ਹਲਕਾ ਘਨੌਰ ਵਿੱਚ 22.23 ਕਰੋੜ ਰੁਪਏ ਦੀ ਲਾਗਤ ਨਾਲ ਪਾਣੀ ਲਿਫ਼ਟਿੰਗ ਸਿਸਟਮ (ਪੁਰਾਣਾ ਨਾਮ ਰਾਜਖਾਂਟ, ਬਨੂੜ ਕੈਨਾਲ) ਰਾਹੀਂ 36.39 ਕਿਲੋਮੀਟਰ ਲੰਬੀ ਜ਼ਮੀਨਦੋਜ਼ ਪਾਈਪ ਲਾਈਨ ਵਿਛਾ ਕੇ 38 ਪਿੰਡਾਂ ਨੂੰ ਨਹਿਰੀ ਪਾਣੀ ਦਾ ਲਾਭ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਨਾਲ 15,129 ਏਕੜ ਰਕਬੇ ਨੂੰ ਪਹਿਲੀ ਵਾਰ ਨਹਿਰੀ ਸਿੰਚਾਈ ਅਧੀਨ ਲਿਆਂਦਾ ਗਿਆ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਤੋਂ ਇਲਾਵਾ ਹਲਕਾ ਘਨੌਰ ਵਿੱਚ ਪੈਂਦੇ ਘੜਾਮ ਰਜਬਾਹੇ ਦੇ 2.44 ਕਿਲੋਮੀਟਰ ਖੇਤਰ ਨੂੰ 4.50 ਕਰੋੜ ਰੁਪਏ ਦੀ ਲਾਗਤ ਨਾਲ ਕੰਕਰੀਟ ਲਾਈਨਿੰਗ ਕਰਕੇ ਪੱਕਾ ਕੀਤਾ ਗਿਆ ਹੈ, ਜਿਸ ਨਾਲ ਲਾਭ ਪ੍ਰਾਪਤ ਕਰਨ ਵਾਲੇ 4 ਪਿੰਡਾਂ ਵਿੱਚ 1,803 ਏਕੜ ਰਕਬੇ ਨੂੰ ਸਿੰਚਾਈ ਲਈ ਨਹਿਰੀ ਪਾਣੀ ਮਿਲੇਗਾ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਗੋਇਲ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਹੜ੍ਹਾਂ ਤੋਂ ਬਚਾਅ ਲਈ ਰਾਜ ਭਰ 'ਚ 450 ਕਰੋੜ ਰੁਪਏ ਖਰਚ ਕੀਤੇ ਹਨ ਅਤੇ ਪਿਛਲੇ ਪੰਜਾਹ ਸਾਲਾਂ ਵਿੱਚ ਪਹਿਲੀ ਵਾਰ ਇੰਨੇ ਵੱਡੇ ਪੱਧਰ 'ਤੇ ਕੰਮ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਕੱਲੇ ਘਨੌਰ ਹਲਕੇ ਵਿੱਚ ਘੱਗਰ ਨਦੀ 'ਤੇ ਹੜ੍ਹਾਂ ਤੋਂ ਬਚਾਅ ਲਈ 13 ਕਰੋੜ ਰੁਪਏ ਖਰਚੇ ਗਏ ਹਨ।

ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਦਾ ਸਵਾਗਤ ਕਰਦਿਆਂ ਵਿਧਾਇਕ ਗੁਰਲਾਲ ਘਨੌਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਹਲਕਾ ਘਨੌਰ 'ਚ ਲਾਮਿਸਾਲ ਵਿਕਾਸ ਕਾਰਜ ਕਰਵਾਏ ਹਨ। ਗੁਰਲਾਲ ਘਨੌਰ ਨੇ ਦੱਸਿਆ ਕਿ ਲਿਫ਼ਟ ਸਿਸਟਮ ਦੇ ਚਾਲੂ ਹੋਣ ਨਾਲ ਜਿੱਥੇ ਧਰਤੀ ਹੇਠਲਾ ਪਾਣੀ ਬਚੇਗਾ, ਉੱਥੇ ਹੀ ਕਿਸਾਨਾਂ ਦੀਆਂ ਖੇਤੀ ਲਾਗਤਾਂ ਵੀ ਘਟਣਗੀਆਂ।

ਇਸ ਦੌਰਾਨ ਇਲਾਕਾ ਨਿਵਾਸੀ ਕਿਸਾਨਾਂ ਨੇ ਕੈਬਨਿਟ ਮੰਤਰੀ ਤੇ ਹਲਕਾ ਵਿਧਾਇਕ ਗੁਰਲਾਲ ਘਨੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਚਿਰੋਕਣੀ ਮੰਗ ਨੂੰ ਕੇਵਲ ਭਗਵੰਤ ਮਾਨ ਸਰਕਾਰ ਨੇ ਹੀ ਪੂਰਾ ਕੀਤਾ ਹੈ, ਜਿਸ ਨਾਲ ਹੁਣ ਉਨ੍ਹਾਂ ਦੇ ਖੇਤਾਂ ਨੂੰ ਸਿੰਚਾਈ ਲਈ ਨਹਿਰੀ ਪਾਣੀ ਦੀ ਨਿਯਮਤ ਸਹੂਲਤ ਮਿਲੇਗੀ।ਇਸ ਮੌਕੇ ਕੈਬਨਿਟ ਮੰਤਰੀ ਤੇ ਵਿਧਾਇਕ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਸਿੰਚਾਈ ਵਿਭਾਗ ਦੇ ਨਿਗਰਾਨ ਇੰਜੀਨੀਅਰ ਰਮਨਦੀਪ ਸਿੰਘ ਬੈਂਸ, ਟਿਊਬਵੈੱਲ ਕਾਰਪੋਰੇਸ਼ਨ ਦੇ ਨਿਗਰਾਨ ਇੰਜੀਨੀਅਰ ਮਨਿੰਦਰ ਸਿੰਘ, ਕਾਰਜਕਾਰੀ ਇੰਜੀਨੀਅਰ ਗੁਰਸ਼ਰਨ ਸਿੰਘ ਵਿਰਕ, ਐਸ.ਡੀ.ਓ. ਕੁਮਾਰ ਧਵਨ, ਜ਼ਿਲ੍ਹਾ ਪਰਿਸ਼ਦ ਮੈਂਬਰ ਗੁਰਮੇਲ ਸਿੰਘ, ਸਹਿਜਪਾਲ ਸਿੰਘ ਲਾਡਾ, ਕਪਤਾਨ ਸਿੰਘ, ਨਰਿੰਦਰ ਸਿੰਘ, ਬਲਾਕ ਸੰਮਤੀ ਸ਼ੰਭੂ ਦੇ ਵਾਈਸ ਚੇਅਰਮੈਨ ਭੁਪਿੰਦਰ ਸਿੰਘ, ਗੁਰਤਾਜ ਸਿੰਘ, ਡੀ.ਐਸ.ਪੀ. ਦਲਜੀਤ ਸਿੰਘ ਵਿਰਕ, ਨਾਇਬ ਤਹਿਸੀਲਦਾਰ ਹਰੀਸ਼ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਮੌਜੂਦ ਸਨ।

# ਜਨਹਿਤ ਸਮਿਤੀ ਵੱਲੋਂ ਸਰਕਾਰੀ ਆਈ.ਟੀ.ਆਈ. (ਲੜਕੇ), ਮਾਡਲ ਟਾਊਨ ਵਿਖੇ ਫ਼ਲਦਾਰ ਪੌਦੇ ਲਗਾਉਣ ਦੀ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ




**ਪਟਿਆਲਾ, 28 ਜੁਲਾਈ**
**-ਛਤਰਪਾਲ ਸਿੰਘ-**

ਵਾਤਾਵਰਨ ਸੰਭਾਲ ਅਤੇ ਹਰਿਆਵਲ ਨੂੰ ਪ੍ਰੋਤਸਾਹਿਤ ਕਰਨ ਦੇ ਉਦੇਸ਼ ਨਾਲ ਜਨਹਿਤ ਸਮਿਤੀ (ਰਜਿ.) ਪਟਿਆਲਾ ਵੱਲੋਂ ਸਰਕਾਰੀ ਆਈ.ਟੀ.ਆਈ. (ਲੜਕੇ), ਨਾਭਾ ਰੋਡ/ ਮਾਡਲ ਟਾਊਨ ਵਿਖੇ ਫ਼ਲਦਾਰ ਪੌਦੇ ਲਗਾਉਣ ਦੀ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਪ੍ਰਧਾਨ ਐੱਸ. ਕੇ. ਗੌਤਮ ਅਤੇ ਜਨਰਲ ਸਕੱਤਰ ਸਟੇਟ ਐਵਾਰਡੀ ਵਿਨੋਦ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਕਰਵਾਏ ਗਏ ਇਸ ਪ੍ਰੋਗਰਾਮ ਦੌਰਾਨ ਲਗਭਗ 50 ਫ਼ਲਦਾਰ ਪੌਦੇ ਲਗਾਏ ਗਏ ਅਤੇ ਉਨ੍ਹਾਂ ਦੀ ਸੰਭਾਲ ਦਾ ਸੰਕਲਪ ਵੀ ਲਿਆ ਗਿਆ।

ਸਮਾਗਮ ਦੀ ਪ੍ਰਧਾਨਗੀ ਸਰਕਾਰੀ ਆਈ.ਟੀ.ਆਈ. ਦੇ ਪ੍ਰਿੰਸੀਪਲ ਰਾਕੇਸ਼ ਕੁਮਾਰ ਬੰਗਾ ਨੇ ਕੀਤੀ, ਜਦਕਿ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਦੇ ਇੰਚਾਰਜ ਸੁਖਜਿੰਦਰ ਸਿੰਘ ਬਾਜਵਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸੰਸਥਾ ਦੀ ਮੈਂਬਰ ਸ੍ਰੀਮਤੀ ਅਨੀਤਾ ਬਾਂਸਲ ਅਤੇ ਉਨ੍ਹਾਂ ਦੇ ਸਪੁੱਤਰ ਡਾ. ਏ. ਕੇ. ਬਾਂਸਲ ਦੇ ਸਹਿਯੋਗ ਨਾਲ ਇਹ ਪੌਦੇ ਲਗਾਏ ਗਏ।

ਇਸ ਮੌਕੇ ਪ੍ਰਿੰਸੀਪਲ ਰਾਕੇਸ਼ ਬੰਗਾ ਅਤੇ ਸੁਖਜਿੰਦਰ ਸਿੰਘ ਬਾਜਵਾ ਨੇ ਜਨਹਿਤ ਸਮਿਤੀ ਦੀ ਇਸ ਪਹਿਲ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਸਿਰਫ਼ ਪੌਦੇ ਲਗਾਉਣਾ ਹੀ ਨਹੀਂ, ਸਗੋਂ ਉਨ੍ਹਾਂ ਦੀ ਸੰਭਾਲ ਕਰਨਾ ਵੀ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਵਧਦਾ ਪ੍ਰਦੂਸ਼ਣ ਅਤੇ ਬੇਤਹਾਸਾ ਦਰੱਖਤਾਂ ਦੀ ਕਟਾਈ ਮਨੁੱਖੀ ਸਿਹਤ ਲਈ ਗੰਭੀਰ ਚੁਣੌਤੀ ਬਣ ਚੁੱਕੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਵਿਅਕਤੀ ਆਪਣੀ ਜ਼ਿੰਦਗੀ ਵਿੱਚ ਘੱਟੋ-ਘੱਟ ਪੰਜ ਰੁੱਖ ਲਗਾ ਕੇ ਉਨ੍ਹਾਂ ਦੀ ਦੇਖਭਾਲ ਕਰੇ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼ ਅਤੇ ਸਿਹਤਮੰਦ ਵਾਤਾਵਰਨ ਮਿਲ ਸਕੇ।

ਵਾਤਾਵਰਨ ਇੰਚਾਰਜ ਅਨਿਲ ਖੰਨਾ ਨੇ ਰੁੱਖਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਵਾਤਾਵਰਨ ਦਾ ਸੰਤੁਲਨ ਬਣਾਈ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣਾ ਸਮੇਂ ਦੀ ਲੋੜ ਹੈ। ਸੰਸਥਾ ਦੇ ਫਾਊਂਡਰ ਮੈਂਬਰ ਅਨਿਲ ਕੁਮਾਰ ਭਾਰਤੀ ਅਤੇ ਮੈਨੇਜਰ ਸਤੀਸ਼ ਜੋਸ਼ੀ ਨੇ ਲੋਕਾਂ ਨੂੰ ਜੁਲਾਈ ਅਤੇ ਅਗਸਤ ਦੇ ਬਰਸਾਤੀ ਮਹੀਨਿਆਂ ਦੌਰਾਨ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਹਰ ਜਨਮਦਿਨ 'ਤੇ ਘੱਟੋ-ਘੱਟ ਇੱਕ ਪੌਦਾ ਲਗਾ ਕੇ ਉਸ ਦੀ ਸੰਭਾਲ ਕਰਨ ਦਾ ਸੰਦੇਸ਼ ਦਿੱਤਾ। ਇਸ ਦੌਰਾਨ ਹਾਜ਼ਰ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਲਗਾਏ ਗਏ ਪੌਦਿਆਂ ਦੀ ਪੂਰੀ ਜ਼ਿੰਮੇਵਾਰੀ ਨਾਲ ਸਾਂਭ-ਸੰਭਾਲ ਕਰਨ ਦੀ ਸਹੁੰ ਵੀ ਚੁੱਕੀ।

ਸਮਾਗਮ ਵਿੱਚ ਅੰਤਰਰਾਸ਼ਟਰੀ ਲੇਖਕ ਅਤੇ ਸਿੱਖਿਆ ਸ਼ਾਸਤਰੀ ਅਨਿਲ ਭਾਰਤੀ, ਲੈਫ਼ਟੀਨੈਂਟ/ਕੈਪਟਨ ਜਗਦੀਪ ਜੋਸ਼ੀ, ਟ੍ਰੇਨਿੰਗ ਅਫ਼ਸਰ ਸੁਖਵੰਤ ਸਿੰਘ, ਪ੍ਰੋਫੈਸਰ ਸਵਿੰਦਰ ਸਿੰਘ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਪ੍ਰੈੱਸ ਸਕੱਤਰ ਪਰਮਿੰਦਰ ਭਲਵਾਨ, ਨਾਗਿੰਦਰ ਜੋਸ਼ੀ, ਰੁਦਰਪ੍ਰਤਾਪ ਸਿੰਘ, ਐਡਵੋਕੇਟ ਹਰਜਿੰਦਰ ਸਿੰਘ, ਹਰਪਾਲ ਮਾਨ, ਸੁਰਿੰਦਰ ਸਿੰਘ, ਅਰੁਣ ਕੁਮਾਰ, ਅਰਜੁਨ ਕੁਮਾਰ, ਅਮਰਿੰਦਰ ਸਿੰਘ ਅਤੇ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਦੇ ਡਾਟਾ ਆਪਰੇਟਰ ਵਰਿੰਦਰ ਸਿੰਘ ਖਰੋੜ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ, ਵਿਦਿਆਰਥੀ ਅਤੇ ਸਮਾਜ ਸੇਵੀ ਹਾਜ਼ਰ ਰਹੇ।

ਬੁਲਾਰਿਆਂ ਨੇ ਜਨਹਿਤ ਸਮਿਤੀ ਵੱਲੋਂ ਸ਼ਹਿਰ ਦੇ ਪਾਰਕਾਂ ਦੀ ਸੰਭਾਲ, ਲੋੜਵੰਦ ਲੜਕੀਆਂ ਦੇ ਵਿਆਹਾਂ ਵਿੱਚ ਸਹਾਇਤਾ, ਮੁਫ਼ਤ ਰਾਸ਼ਨ, ਫ਼ਰੀ ਐਂਬੂਲੈਂਸ

# ਡਿਪਟੀ ਕਮਿਸ਼ਨਰ ਵੱਲੋਂ ਦੀਪ ਨਗਰ ਸੀਵਰ ਸਫਾਈ ਘਟਨਾ ਦੀ ਜਾਂਚ ਦੇ ਹੁਕਮ

**ਪਟਿਆਲਾ, 28 ਜੁਲਾਈ**
**-ਛਤਰਪਾਲ ਸਿੰਘ-**

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੀਪ ਨਗਰ, ਪਟਿਆਲਾ ਵਿੱਚ ਸੀਵਰ ਸਫਾਈ ਕਰਦੇ ਸਮੇਂ ਦੋ ਵਿਅਕਤੀਆਂ ਦੀ ਜਾਨ ਜਾਣ ਵਾਲੀ ਦੁਖਦਾਈ ਘਟਨਾ ਦੀ ਜਾਂਚ ਦੇ ਹੁਕਮ ਦਿੱਤੇ ਹਨ। ਬੀਤੀ ਸ਼ਾਮ ਡਿਪਟੀ ਕਮਿਸ਼ਨਰ ਨੇ ਇਸ ਘਟਨਾ ਦਾ ਗੰਭੀਰ ਨੋਟਿਸ ਲੈਂਦੇ ਹੋਏ, ਨਗਰ ਨਿਗਮ ਦੇ ਵਧੀਕ ਕਮਿਸ਼ਨਰ ਤੇ ਸੀਨੀਅਰ ਆਈ ਏ ਐਸ ਅਧਿਕਾਰੀ ਮਿਸ ਸੋਨਮ ਨੂੰ ਵਿਸਥਾਰਤ ਤੱਥ-ਖੋਜ ਜਾਂਚ ਕਰਨ ਅਤੇ ਕਿਸੇ ਵੀ ਲਾਪਰਵਾਹੀ ਜਾਂ ਕੁਤਾਹੀ ਲਈ ਜ਼ਿੰਮੇਵਾਰੀ ਤੈਅ ਕਰਨ ਦੇ ਨਿਰਦੇਸ਼ ਦੇ ਦਿੱਤੇ ਸਨ।

ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਹੈ ਕਿ ਜਾਂਚ ਰਿਪੋਰਟ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾਂ ਕਰਵਾਈ ਜਾਵੇ ਤਾਂ ਜੋ ਜ਼ਿੰਮੇਵਾਰ ਪਾਏ ਜਾਣ ਵਾਲਿਆਂ ਵਿਰੁੱਧ ਢੁਕਵੀਂ ਕਾਰਵਾਈ ਕੀਤੀ ਜਾ ਸਕੇ।




# ਪੰਜਾਬ ’ਚ ਵੰਡਪਾਊ ਤਾਕਤਾਂ ਕਦੇ ਕਾਮਯਾਬ ਨਹੀਂ ਹੋ ਸਕਦੀਆਂ ਕਿਉਂਕਿ ਲੋਕ ਹਰ ਤਿਉਹਾਰ ਮਿਲ ਕੇ ਮਨਾਉਂਦੇ ਹਨ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

## ਪੰਜਾਬ ਦੀ ਮਿਹਨਤ ਨਾਲ ਹਾਸਲ ਕੀਤੀ ਸ਼ਾਂਤੀ, ਕੌਮੀ ਸਦਭਾਵਨਾ ਅਤੇ ਭਾਈਚਾਰਕ ਸਾਂਝ ਨੂੰ ਹਰ ਕੀਮਤ ’ਤੇ ਬਰਕਰਾਰ ਰੱਖਿਆ ਜਾਵੇਗਾ

**ਪਟਿਆਲਾ, 28 ਜੁਲਾਈ**
**-ਛਤਰਪਾਲ ਸਿੰਘ/ਗੁਰਮੀਤ ਤੂੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਵਿੱਚ ਮਿਹਨਤ ਨਾਲ ਹਾਸਲ ਕੀਤੀ ਸ਼ਾਂਤੀ, ਕੌਮੀ ਸਦਭਾਵਨਾ, ਭਾਈਚਾਰਕ ਸਾਂਝ ਅਤੇ ਅਮਨ-ਅਮਾਨ ਬਰਕਰਾਰ ਰੱਖਣ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਈ। ਪਟਿਆਲਾ ਵਿਖੇ ’ਇੱਕ ਸ਼ਾਮ ਸ਼ਿਵ ਕੇ ਨਾਮ’ ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ ਅਤੇ ਇੱਕ ਅਜਿਹੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਵਚਨਬੱਧ ਹੈ, ਜਿੱਥੇ ਸਾਰੇ ਧਰਮਾਂ ਦੇ ਲੋਕ ਆਪਸੀ ਸਤਿਕਾਰ ਅਤੇ ਸਦਭਾਵਨਾ ਨਾਲ ਇਕੱਠੇ ਰਹਿਣ।

ਸ਼ਰਧਾਲੂਆਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਇੱਕ ਅਜਿਹੀ ਉਪਜਾਊ ਧਰਤੀ ਹੈ, ਜਿੱਥੇ ਨਫ਼ਰਤ ਦੇ ਬੀਜ ਤੋਂ ਇਲਾਵਾ ਹਰ ਬੀਜ ਪੁੰਗਰ ਸਕਦਾ ਹੈ। ਸਾਡੇ ਸੂਬੇ ਵਿੱਚ ਇੱਕਜੁੱਟਤਾ ਦਾ ਬੰਧਨ ਬਹੁਤ ਮਜ਼ਬੂਤ ਹੈ ਕਿਉਂਕਿ ਲੋਕ ਹਰ ਤਿਉਹਾਰ ਮਿਲ ਕੇ ਮਨਾਉਂਦੇ ਹਨ। ਮੈਂ ਇਸ ਮੰਚ ’ਤੇ ਹਾਜ਼ਰ ਸਾਰੇ ਪੂਜਨੀਕ ਸੰਤਾਂ ਅਤੇ ਰੂਹਾਨੀ ਰਹਿਬਰਾਂ ਅੱਗੇ ਸੀਸ ਝੁਕਾਉਂਦਾ ਹਾਂ। ਸਾਡੀ ਸਰਕਾਰ ਹਰ ਧਰਮ ਦਾ ਬਰਾਬਰ ਸਤਿਕਾਰ ਕਰਦੇ ਹੋਏ ਹਰ ਧਰਮ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਮੁੱਖ ਮੰਤਰੀ ਨੇ ਕਿਹਾ, ਮੇਰੇ ਲਈ ਇਸ ਅਸਥਾਨ ’ਤੇ ਆਉਣਾ ਬਹੁਤ ਮਾਣ ਵਾਲੀ ਗੱਲ ਹੈ, ਜੋ ਹਮੇਸ਼ਾ ਮੇਰੇ ਦਿਲ ਦੇ ਬਹੁਤ ਕਰੀਬ ਰਿਹਾ ਹੈ ਅਤੇ ਇਸ ਪਵਿੱਤਰ ਸਮਾਗਮ ਵਿੱਚ ਸ਼ਿਰਕਤ ਕਰਨਾ ਮੇਰੇ ਲਈ ਵੱਡੇ ਭਾਗਾਂ ਵਾਲੀ ਗੱਲ ਹੈ। ਮੈਂ ਆਪ ਸਭ ਦੇ ਵਿਚਕਾਰ ਹਾਜ਼ਰ ਹੋ ਕੇ ਮਾਨਵਤਾ, ਏਕਤਾ ਅਤੇ ਪਿਆਰ ਦਾ ਸੁਨੇਹਾ ਸਾਂਝਾ ਕਰਦਿਆਂ ਬੇਹੱਦ ਮਾਣ ਮਹਿਸੂਸ ਕਰ ਰਿਹਾ ਹਾਂ। ਮੈਨੂੰ ਇਸ ਪ੍ਰੋਗਰਾਮ ਵਿੱਚ ਇੰਨੇ ਵੱਡੇ ਇਕੱਠ ਨੂੰ ਭਾਗ ਲੈਂਦੇ ਦੇਖ ਕੇ ਬਹੁਤ ਖ਼ੁਸ਼ੀ ਹੋ ਰਹੀ ਹੈ।







ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਦੀ ਭਾਰੀ ਸ਼ਮੂਲੀਅਤ ਸਰਕਾਰ ਦੇ ਹੋਰ ਵੀ ਵਧੇਰੇ ਸਮਰਪਣ ਭਾਵ ਨਾਲ ਸੇਵਾ ਕਰਨ ਦੇ ਸੰਕਲਪ ਨੂੰ ਮਜ਼ਬੂਤ ਕਰਦੀ ਹੈ। ਉਨ੍ਹਾਂ ਕਿਹਾ, ਪੰਜਾਬ ਭਾਈਚਾਰਕ ਸਾਂਝ ਅਤੇ ਆਜ਼ਾਦੀ ਦੀ ਧਰਤੀ ਹੈ ਅਤੇ ਵੰਡਪਾਊ ਤਾਕਤਾਂ ਇੱਥੇ ਕਦੇ ਵੀ ਸਫ਼ਲ ਨਹੀਂ ਹੋ ਸਕਦੀਆਂ। ਭਾਵੇਂ ਅੱਜ ਦਾ ਪ੍ਰੋਗਰਾਮ ਭਗਵਾਨ ਸ਼ਿਵ ਜੀ ਨੂੰ ਸਮਰਪਿਤ ਹੈ, ਪਰ ਹਰ ਧਰਮ ਦੇ ਲੋਕ ਇੱਥੇ ਇਕੱਠੇ ਹੋਏ ਹਨ, ਜੋ ਪੰਜਾਬ ਦੀ ਅਸਲ ਰੂਹ ਨੂੰ ਦਰਸਾਉਂਦਾ ਹੈ।

ਲੋਕ ਭਲਾਈ ਲਈ ਆਪਣੀ ਸਰਕਾਰ ਵੱਲੋਂ ਕੀਤੇ ਗਏ ਉਪਰਾਲਿਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਜਨਤਾ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਅਸੀਂ 19 ਟੋਲ ਪਲਾਜ਼ੇ ਬੰਦ ਕਰ ਦਿੱਤੇ ਹਨ, ਜਿਸ ਨਾਲ ਆਮ ਲੋਕਾਂ ਦੇ ਰੋਜ਼ਾਨਾ ਲਗਪਗ 70 ਲੱਖ ਰੁਪਏ ਦੀ ਬਚਤ ਹੋ ਰਹੀ ਹੈ। ਪੂਰੀ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਨੌਜਵਾਨਾਂ ਨੂੰ 68,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਲਗਪਗ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ, ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਦੀ ਸਪਲਾਈ ਮਿਲ ਰਹੀ ਹੈ, ਲਗਪਗ 44,000 ਕਿਲੋਮੀਟਰ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਅਤੇ ਨਹਿਰੀ ਸਿੰਜਾਈ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਗਿਆ ਹੈ ਤਾਂ ਕਿ ਖੇਤੀਬਾੜੀ ਲਈ ਨਹਿਰੀ ਪਾਣੀ ਦੀ ਕੋਈ ਘਾਟ ਨਾ ਰਹੇ। ’ਮਾਵਾਂ-ਧੀਆਂ ਸਤਿਕਾਰ ਯੋਜਨਾ’ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ, ਪਹਿਲੀ ਜੁਲਾਈ ਤੋਂ ਔਰਤਾਂ ਨੂੰ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਵਿੱਤੀ ਸਹਾਇਤਾ ਮਿਲਣੀ ਸ਼ੁਰੂ ਹੋ ਗਈ ਹੈ। ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਹਰ ਯੋਗ ਲਾਭਪਾਤਰੀ ਔਰਤ ਨੂੰ 1,000 ਰੁਪਏ ਮਹੀਨਾ ਮਿਲਦੇ ਹਨ, ਜਦਕਿ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਔਰਤਾਂ ਨੂੰ 1,500 ਰੁਪਏ ਮਹੀਨਾ ਮਿਲਦੇ ਹਨ। ਪਹਿਲੀ ਅਗਸਤ ਨੂੰ ਵੀ ਇਹ ਰਾਸ਼ੀ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾਵੇਗੀ। ਜੋ ਔਰਤਾਂ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸ਼ਨ ਪ੍ਰਾਪਤ ਕਰ ਰਹੀਆਂ ਹਨ, ਉਹ ਵੀ ਇਸ ਯੋਜਨਾ ਤਹਿਤ ਯੋਗ ਹੋਣਗੀਆਂ।

ਮੁੱਖ ਮੰਤਰੀ ਨੇ ਅੱਗੇ ਦੱਸਿਆ ਕਿ ਪੰਜਾਬ ਦੀਆਂ ਲਗਪਗ 97 ਫੀਸਦੀ ਔਰਤਾਂ ਇਸ ਯੋਜਨਾ ਦਾ ਲਾਭ ਲੈ ਰਹੀਆਂ ਹਨ ਅਤੇ ਸੂਬਾ ਸਰਕਾਰ ਨੇ ਇਸ ਲਈ ਬਜਟ ਵਿੱਚ 9,300 ਕਰੋੜ ਰੁਪਏ ਰੱਖੇ ਹਨ।

# ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਸਬੰਧੀ 31 ਜੁਲਾਈ ਨੂੰ ਹੋਣ ਵਾਲੇ ਰਾਜ ਪੱਧਰੀ ਸਮਾਗਮ ਲਈ ਤਿਆਰੀਆਂ ਜੰਗੀ ਪੱਧਰ ’ਤੇ ਜਾਰੀ

**ਸੁਨਾਮ, 28 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਹਾਨ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 31 ਜੁਲਾਈ ਨੂੰ ਦਾਣਾ ਮੰਡੀ, ਸੁਨਾਮ ਊਧਮ ਸਿੰਘ ਵਾਲਾ ਵਿਖੇ ਕਰਵਾਏ ਜਾ ਰਹੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਹੁਣ ਅੰਤਿਮ ਪੜਾਅ ਵਿੱਚ ਪਹੁੰਚ ਚੁੱਕੀਆਂ ਹਨ। ਸਮਾਗਮ ਨੂੰ ਸੁਚਾਰੂ, ਪ੍ਰਭਾਵਸ਼ਾਲੀ ਅਤੇ ਯਾਦਗਾਰੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਡਿਪਟੀ ਕਮਿਸ਼ਨਰ ਸੰਗਰੂਰ ਪੂਨਮਦੀਪ ਕੌਰ ਨੇ ਅੱਜ ਦਾਣਾ ਮੰਡੀ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਪ੍ਰੈਪਰੇਟਰੀ ਮੀਟਿੰਗ ਕਰ ਕੇ ਸਮੁੱਚੇ ਪ੍ਰਬੰਧਾਂ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ।



ਮੀਟਿੰਗ ਦੌਰਾਨ ਸਮਾਗਮ ਸਥਾਨ ’ਤੇ ਸਟੇਜ, ਬੈਠਣ ਦੀ ਵਿਵਸਥਾ, ਪਾਰਕਿੰਗ, ਟਰੈਫਿਕ ਪ੍ਰਬੰਧਨ, ਪੀਣ ਵਾਲੇ ਪਾਣੀ, ਸਫ਼ਾਈ, ਬਿਜਲੀ ਸਪਲਾਈ, ਮੈਡੀਕਲ ਸਹੂਲਤਾਂ, ਐਮਰਜੈਂਸੀ ਸੇਵਾਵਾਂ, ਸੁਰੱਖਿਆ ਪ੍ਰਬੰਧ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਸਬੰਧੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਕੈਬਨਿਟ ਮੰਤਰੀ ਅਤੇ ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਗਮ ਵਿੱਚ ਆਉਣ ਵਾਲੇ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਅਸੁਵਿਧਾ ਨਾ ਆਵੇ ਅਤੇ ਹਰ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤਾ ਜਾਵੇ।

ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦੀ ਜਨਮ ਭੂਮੀ ’ਤੇ ਉਨ੍ਹਾਂ ਦੀ ਲਾਸਾਨੀ ਕੁਰਬਾਨੀ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਕਰਵਾਉਣਾ ਸਮੁੱਚੇ ਪੰਜਾਬ ਅਤੇ ਖਾਸ ਕਰ ਕੇ ਸੁਨਾਮ ਵਾਸੀਆਂ ਲਈ ਬੇਹੱਦ ਮਾਣ ਅਤੇ ਫ਼ਖ਼ਰ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਦਾ ਬਦਲਾ ਲੈ ਕੇ ਦੇਸ਼ ਦੀ ਆਜ਼ਾਦੀ ਦੀ ਲੜਾਈ ਵਿੱਚ ਵੱਡਾ ਯੋਗਦਾਨ ਪਾਇਆ ਅਤੇ ਉਨ੍ਹਾਂ ਦੀ ਸ਼ਹਾਦਤ ਆਉਣ ਵਾਲੀਆਂ ਪੀੜ੍ਹੀਆਂ ਲਈ ਸਦਾ ਪ੍ਰੇਰਣਾ ਦਾ ਸਰੋਤ ਰਹੇਗੀ।

ਸ਼੍ਰੀ ਅਮਨ ਅਰੋੜਾ ਨੇ ਦੱਸਿਆ ਕਿ ਉਹਨਾਂ ਦੇ ਪਿਤਾ ਦੇ ਸਮੇਂ ਸਾਲ 1993-94 ਤੋਂ ਸ਼ੁਰੂ ਹੋਇਆ ਇਹ ਸਰਕਾਰੀ ਸਮਾਗਮ ਹਰ ਸਾਲ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕਿਸੇ ਵੀ ਪਾਰਟੀ ਦੀ ਸਰਕਾਰ ਰਹੀ ਹੋਵੇ, ਪਰ ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਨੂੰ ਸਦਾ ਹੀ ਉੱਚੇ ਸਨਮਾਨ ਨਾਲ ਯਾਦ ਕੀਤਾ ਜਾਂਦਾ ਰਿਹਾ ਹੈ ਅਤੇ ਇਹ ਪਰੰਪਰਾ ਅੱਜ ਵੀ ਉਸੇ ਸ਼ਰਧਾ ਨਾਲ ਨਿਭਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ 31 ਜੁਲਾਈ ਨੂੰ ਹੋਣ ਵਾਲੇ ਰਾਜ ਪੱਧਰੀ ਸਮਾਗਮ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਇਸ ਤੋਂ ਇਲਾਵਾ ਕੈਬਨਿਟ ਮੰਤਰੀ, ਵਿਧਾਇਕ, ਆਜ਼ਾਦੀ ਘੁਲਾਟੀਆਂ ਦੇ ਪਰਿਵਾਰਕ ਮੈਂਬਰ, ਵੱਖ-ਵੱਖ ਸੰਸਥਾਵਾਂ ਦੇ ਨੁਮਾਇੰਦੇ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਸਮਾਗਮ ਵਿੱਚ ਹਾਜ਼ਰੀ ਭਰੇਗੀ। ਕੈਬਨਿਟ ਮੰਤਰੀ ਨੇ ਸਮੂਹ ਇਲਾਕਾ ਨਿਵਾਸੀਆਂ ਅਤੇ ਪੰਜਾਬ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ 31 ਜੁਲਾਈ ਨੂੰ ਸਵੇਰੇ 11 ਵਜੇ ਦਾਣਾ ਮੰਡੀ, ਸੁਨਾਮ ਊਧਮ ਸਿੰਘ ਵਾਲਾ ਵਿਖੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਮਹਾਨ ਸ਼ਹੀਦ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਨ ਅਤੇ ਉਨ੍ਹਾਂ ਦੇ ਮਹਾਨ ਜੀਵਨ ਤੋਂ ਪ੍ਰੇਰਣਾ ਲੈਣ।

ਇਸ ਮੌਕੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਗਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਾਰੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਪ੍ਰੈਪਰੇਟਰੀ ਮੀਟਿੰਗ ਕਰਕੇ ਹਰ ਵਿਭਾਗ ਨੂੰ ਉਸ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ ਅਤੇ ਸਾਰੇ ਪ੍ਰਬੰਧਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਮਾਗਮ ਦੌਰਾਨ ਟਰੈਫਿਕ ਪ੍ਰਬੰਧਨ, ਪਾਰਕਿੰਗ, ਸੁਰੱਖਿਆ, ਸਿਹਤ ਸੇਵਾਵਾਂ, ਪੀਣ ਵਾਲੇ ਪਾਣੀ, ਸਫ਼ਾਈ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਪੁਖ਼ਤਾ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਦੂਰ-ਦੁਰਾਡੇ ਤੋਂ ਆਉਣ ਵਾਲੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

# ਸ੍ਰੀ ਅਨੰਦਪੁਰ ਸਾਹਿਬ ਵਿਚ ਉਪ ਮੰਡਲ ਪੱਧਰ ਦਾ ਸੁਤੰਤਰਤਾ ਦਿਵਸ ਸਮਾਰੋਹ ਮਨਾਉਣ ਸਬੰਧੀ ਹੋਈ ਮੀਟਿੰਗ



**ਸ੍ਰੀ ਆਨੰਦਪੁਰ ਸਾਹਿਬ, 28 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਤੰਤਰਤਾ ਦਿਵਸ ਸਮਾਰੋਹ 15 ਅਗਸਤ ਨੂੰ ਉਪ ਮੰਡਲ ਪੱਧਰ ਸ੍ਰੀ ਅਨੰਦਪੁਰ ਸਾਹਿਬ ਦੇ ਚਰਨ ਗੰਗਾ ਸਟੇਡੀਅਮ ਵਿਖੇ ਮਨਾਇਆ ਜਾ ਰਿਹਾ ਹੈ। 30 ਜੁਲਾਈ ਨੂੰ ਸਵੇਰੇ 9 ਵਜੇ ਆਈਟਮਾਂ ਦੀ ਚੋਣ ਕੀਤੀ ਜਾਵੇਗੀ, 11 ਤੇ 12 ਅਗਸਤ ਨੂੰ ਰਿਹਰਸਲ ਅਤੇ 13 ਅਗਸਤ ਨੂੰ ਫੁੱਲ ਡਰੈਸ ਰਿਹਰਸਲ ਕਰਵਾਈ ਜਾਵੇਗੀ।

ਇਹ ਪ੍ਰਗਟਾਵਾ ਅੱਜ ਸੁਖਪਾਲ ਸਿੰਘ ਐਸ.ਡੀ.ਐਮ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਦਫਤਰ ਦੇ ਮੀਟਿੰਗ ਹਾਲ ਵਿਚ ਸੁਤੰਤਰਤਾ ਦਿਵਸ ਮਨਾਉਣ ਸਬੰਧੀ ਹੋਈ ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਅਜ਼ਾਦੀ ਦਿਵਸ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਲਈ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਮਨਾਏ ਜਾਣ ਵਾਲੇ ਅਜਾਦੀ ਦਿਵਸ ਸਮਾਰੋਹ ਮੌਕੇ ਸਕੂਲਾ ਤੇ ਕਾਲਜਾ ਦੇ ਵਿਦਿਆਰਥੀਆ ਸੱਭਿਆਚਾਰਕ ਤੇ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਦੇਣਗੇ, ਪਰੇਡ, ਪੀ.ਟੀ.ਸ਼ੋਅ ਸਮਾਰੋਹ ਦੇ ਮੁੱਖ ਆਕਰਸ਼ਣ ਹੋਣਗੇ।

ਉਨ੍ਹਾਂ ਨੇ ਕਿਹਾ ਕਿ ਅਜਾਦੀ ਦਿਹਾੜੇ ਦੇ ਸਮਾਰੋਹ ਸਾਡੇ ਦੇਸ਼ ਵਿੱਚ ਇੱਕ ਸਮੇਂ ਹਰ ਖੇਤਰ ਵਿੱਚ ਮਨਾਏ ਜਾਣ ਵਾਲੇ ਸਮਾਰੋਹ ਹਨ, ਜੋ ਸਾਨੂੰ ਦੇਸ਼ ਭਗਤੀ ਦੀ ਭਾਵਨਾ ਦੀ ਪ੍ਰੇਰਨਾ ਦਿੰਦੇ ਹਨ। ਉਨ੍ਹਾਂ ਨੇ ਕਿਹਾ ਕਿ ਸਮਾਰੋਹ ਵਾਲੇ ਸਥਾਨ ਤੇ ਸਾਰੀਆਂ ਤਿਆਰੀਆਂ ਢੁਕਵੇ ਢੰਗ ਨਾਲ ਕੀਤੀਆਂ ਜਾਣ। ਇਸ ਮੌਕੇ ਅਜ਼ਾਦੀ ਦਿਵਸ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਲਈ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ।

ਜਸ਼ਨਦੀਪ ਸਿੰਘ ਡੀ.ਐਸ.ਪੀ ਨੇ ਦੱਸਿਆ ਕਿ ਉਪ ਮੰਡਲ ਦੇ ਅਜਾਦੀ ਦਿਵਸ ਸਮਾਰੋਹ ਚਰਨ ਗੰਗਾ ਸਟੇਡੀਅਮ ਸ੍ਰੀ ਅਨੰਦਪੁਰ ਸਾਹਿਬ ਵਿੱਚ ਮਨਾਇਆ ਜਾਵੇਗਾ, ਜਿੱਥੇ ਪਹੁੰਚਣ ਵਾਲੇ ਵਿਦਿਆਰਥੀਆਂ, ਦਰਸ਼ਕਾਂ ਤੇ ਪਤਵੰਤੇ ਸ਼ਹਿਰ ਵਾਸੀਆਂ ਲਈ ਸੁਚਾਰੂ ਟ੍ਰੈਫਿਕ ਤੇ ਸਮਾਰੋਹ ਵਾਲੇ ਸਥਾਨ ਤੇ ਵਿਸ਼ੇਸ ਸੁਰੱਖਿਆ ਪ੍ਰਬੰਧ ਹੋਣਗੇ।

ਇਸ ਮੌਕੇ ਤਹਿਸੀਲਦਾਰ ਸੰਦੀਪ ਕੁਮਾਰ, ਇਸ਼ਾਨ ਚੋਧਰੀ ਬੀਡੀਪੀਓ, ਭਾਵਨਾ ਦੀਵਾਨ ਐਸ.ਡੀ.ਓ, ਸੰਜੀਵ ਕੁਮਾਰ ਬੀਪੀਈਓ, ਰਣਜੀਤ ਸਿੰਘ ਐਨ.ਸੀ.ਸੀ.ਅਫਸਰ, ਹਰਵਿੰਦਰ ਕੁਮਾਰ, ਸਤੀਸ਼ ਕੁਮਾਰ, ਸੀਮਾ ਜੱਸਲ, ਭਾਰਤ ਭੂਸ਼ਣ ਬਾਗਬਾਨੀ ਅਫਸਰ, ਇੰਦਰਪਾਲ ਸਿੰਘ ਬੀਪੀਈਓ, ਰਾਜਵਿੰਦਰ ਸਿੰਘ ਇੰਸਟਰਕਟਰ, ਸਿਮਰਨਪਾਲ ਸਿੰਘ, ਕੁਲਜੀਤ ਸਿੰਘ, ਗੁਰਦੀਪ ਕੌਰ, ਜਸਵਿੰਦਰ ਕੌਰ, ਜਸਵਿੰਦਰ ਕੌਰ, ਡਾ.ਅਮਰਿੰਦਰ ਸਿੰਘ, ਅਮਰੀਕ ਸਿੰਘ, ਬਲਜਿੰਦਰ ਸਿੰਘ ਤੇ ਵੱਡੀ ਗਿਣਤੀ ਵਿਚ ਅਧਿਕਾਰੀ ਹਾਜ਼ਰ ਸਨ।

# ਠੇਕੇ ਵਾਲੇ ਸਫ਼ਾਈ ਕਾਮਿਆਂ ਦਾ ਮਾਸਿਕ ਮਿਹਨਤਾਨਾ 1 ਅਗਸਤ ਤੋਂ ਸੋਧ ਕੇ 20,520 ਰੁਪਏ ਕੀਤਾ: ਹਰਜੋਤ ਸਿੰਘ ਬੈਂਸ

**ਚੰਡੀਗੜ੍ਹ 28 ਜੁਲਾਈ**
**-ਛਤਰਪਾਲ ਸਿੰਘ-**

ਪੰਜਾਬ ਭਰ ਦੇ ਹਜ਼ਾਰਾਂ ਸਫ਼ਾਈ ਕਾਮਿਆਂ ਨੂੰ ਵੱਡੀ ਰਾਹਤ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਅੱਜ ਸ਼ਹਿਰੀ ਸਥਾਨਕ ਇਕਾਈਆਂ ਵਿੱਚ ਕੰਮ ਕਰਦੇ ਸਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਲਈ ਇੱਕ ਵਿਆਪਕ ਭਲਾਈ ਪੈਕੇਜ ਦਾ ਐਲਾਨ ਕੀਤਾ ਹੈ। ਸਰਕਾਰ ਨੇ ਤਿੰਨ ਸਾਲ ਦੀ ਨਿਰੰਤਰ ਸੇਵਾ ਵਾਲੇ ਆਊਟਸੋਰਸ ਸਫ਼ਾਈ ਕਾਮਿਆਂ ਨੂੰ ਸਿੱਧੇ ਠੇਕੇ (ਡਾਇਰੈਕਟ ਕੰਟਰੈਕਟ) ਅਧੀਨ ਲਿਆਉਣ, ਪੰਜ ਸਾਲ ਦੀ ਸੇਵਾ ਪੂਰੀ ਕਰ ਚੁੱਕੇ ਠੇਕਾ ਆਧਾਰਤ ਕਾਮਿਆਂ ਸਮੇਤ ਸਾਲ 2021 ਵਿੱਚ ਰੱਖੇ ਗਏ ਵਰਕਰਾਂ ਨੂੰ ਪੱਕਾ (ਰੈਗੂਲਰ) ਕਰਨ ਅਤੇ ਠੇਕਾ ਆਧਾਰਤ ਸਫ਼ਾਈ ਸਟਾਫ਼ ਦਾ ਮਾਸਿਕ ਮਿਹਨਤਾਨਾ 1 ਅਗਸਤ, 2026 ਤੋਂ ਸੋਧ ਕੇ 20,520 ਰੁਪਏ ਕਰਨ ਦਾ ਫੈਸਲਾ ਕੀਤਾ ਹੈ।

ਇੱਥੇ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਇਨ੍ਹਾਂ ਫੈਸਲਿਆਂ ਦਾ ਐਲਾਨ ਕਰਦਿਆਂ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਵਿੱਚ ਆਊਟਸੋਰਸਿੰਗ ’ਤੇ ਕੰਮ ਕਰਦੇ ਅਤੇ ਤਿੰਨ ਸਾਲ ਦੀ ਸੇਵਾ ਪੂਰੀ ਕਰ ਚੁੱਕੇ ਸਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਨੂੰ ਸਿੱਧੇ ਠੇਕਾ ਆਧਾਰਤ ਕਰਮਚਾਰੀਆਂ ਵਿੱਚ ਤਬਦੀਲ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਇਹ ਫ਼ੈਸਲਾ ਸਾਡੇ ਸਤਿਕਾਰਯੋਗ ਸਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਨੂੰ ਵੱਡੀ ਰਾਹਤ ਪ੍ਰਦਾਨ ਕਰੇਗਾ।

ਭਗਵੰਤ ਮਾਨ ਸਰਕਾਰ ਦੇ ਇੱਕ ਹੋਰ ਇਤਿਹਾਸਕ ਫੈਸਲੇ ਬਾਰੇ ਜਾਣਕਾਰੀ ਦਿੰਦਿਆਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਕਿਹਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਹ ਵੀ ਫੈਸਲਾ ਕੀਤਾ ਹੈ ਕਿ ਪੰਜ ਸਾਲ ਦੀ ਸੇਵਾ ਪੂਰੀ ਕਰਨ ਵਾਲੇ ਠੇਕੇ ’ਤੇ ਕੰਮ ਕਰ ਰਹੇ ਸਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਅਤੇ ਸਾਲ 2021 ਵਿੱਚ ਰੱਖੇ ਗਏ ਸਾਰੇ ਸਫ਼ਾਈ ਸੇਵਕਾਂ ਨੂੰ ਰੈਗੂਲਰ ਕੀਤਾ ਜਾਵੇਗਾ। ਇਹ ਇੱਕ ਅਜਿਹਾ ਇਤਿਹਾਸਕ ਕਦਮ ਹੈ ਜਿਸ ਸਦਕਾ ਪੰਜਾਬ ਵਿੱਚ ਸੇਵਾ ਕਰਨ ਵਾਲੇ ਹਰੇਕ ਸਫ਼ਾਈ ਸੇਵਕ ਅਤੇ ਸੀਵਰਮੈਨ ਦੀ ਭਲਾਈ ਨੂੰ ਯਕੀਨੀ ਬਣਾਇਆ ਜਾਵੇਗਾ। ਇਸ ਸਬੰਧੀ ਲਾਗੂਕਰਨ ਪ੍ਰਕਿਰਿਆ ਬਾਰੇ ਦੱਸਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਸਾਰੀਆਂ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਨੂੰ ਇਹ ਮਾਮਲਾ ਆਪਣੇ-ਆਪਣੇ ਹਾਊਸ ਅੱਗੇ ਰੱਖਣ ਅਤੇ ਮਤੇ ਪਾਸ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਸ਼ਹਿਰੀ ਸਥਾਨਕ ਇਕਾਈਆਂ ਕੋਲ ਹਰੇਕ ਕਰਮਚਾਰੀ ਦੀਆਂ ਸੇਵਾਵਾਂ ਦਾ ਮੁਕੰਮਲ ਰਿਕਾਰਡ ਹੈ। ਹਾਊਸ ਵੱਲੋਂ ਯੋਗ ਕਰਮਚਾਰੀਆਂ ਦੇ ਵੇਰਵਿਆਂ ਸਮੇਤ ਆਪਣਾ ਮਤਾ ਭੇਜਿਆ ਜਾਵੇਗਾ ਅਤੇ ਸੂਬਾ ਸਰਕਾਰ ਵੱਲੋਂ ਅੰਤਿਮ ਪ੍ਰਵਾਨਗੀ ਦਿੱਤੀ ਜਾਵੇਗੀ। ਜਿੰਨੀ ਜਲਦੀ ਕੋਈ ਨਗਰ ਨਿਗਮ, ਨਗਰ ਕੌਂਸਲ ਜਾਂ ਨਗਰ ਪੰਚਾਇਤ ਆਪਣਾ ਪ੍ਰਸਤਾਵ ਭੇਜਦੀ ਹੈ, ਓਨੀ ਹੀ ਜਲਦੀ ਅਸੀਂ ਮਨਜ਼ੂਰੀ ਦੇਵਾਂਗੇ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਸੇਵਾਵਾਂ ਨੂੰ ਰੈਗੂਲਰ ਕਰਨ ਦੀ ਪ੍ਰਕਿਰਿਆ ਨੂੰ ਮੁਕੰਮਲ ਕਰਾਂਗੇ।



ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਕਿਹਾ, ਕੱਲ੍ਹ ਕੀਤੇ ਗਏ ਐਲਾਨ ਮੁਤਾਬਕ ਸੋਧਿਆ ਹੋਇਆ ਮਿਹਨਤਾਨਾ 1 ਅਗਸਤ, 2026 ਤੋਂ ਲਾਗੂ ਹੋਵੇਗਾ। ਆਊਟਸੋਰਸਿੰਗ ਤੋਂ ਸਿੱਧੇ ਠੇਕਾ ਪ੍ਰਣਾਲੀ ਅਧੀਨ ਲਿਆਂਦੇ ਜਾ ਰਹੇ ਕਰਮਚਾਰੀਆਂ ਨੂੰ 20,520 ਰੁਪਏ ਮਹੀਨਾਵਾਰ ਮਿਹਨਤਾਨਾ ਮਿਲੇਗਾ। ਇਸ ਨਾਲ ਉਨ੍ਹਾਂ ਦੀ ਤਨਖ਼ਾਹ ਵਿੱਚ ਕਾਫ਼ੀ ਵਾਧਾ ਹੋਵੇਗਾ ਅਤੇ ਲਾਗੂ ਕਾਨੂੰਨੀ ਯੋਗਦਾਨ ਉਨ੍ਹਾਂ ਦੇ ਸਬੰਧਤ ਫੰਡਾਂ ਵਿੱਚ ਜਮ੍ਹਾ ਹੁੰਦਾ ਰਹੇਗਾ।

ਇਨ੍ਹਾਂ ਫੈਸਲਿਆਂ ਨੂੰ ਸਫਾਈ ਕਰਮਚਾਰੀਆਂ ਲਈ ਅਹਿਮ ਮੀਲ ਪੱਥਰ ਦੱਸਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ, ਇਹ ਫੈਸਲਾ ਉਨ੍ਹਾਂ ਲੋਕਾਂ ਦੇ ਮਾਣ-ਸਨਮਾਨ ਨੂੰ ਬਹਾਲ ਕਰਦਾ ਹੈ ਜੋ ਸਾਡੇ ਸ਼ਹਿਰਾਂ ਨੂੰ ਸਾਫ਼-ਸੁਥਰਾ ਰੱਖਦੇ ਹਨ। ਅੱਜ, ਭਗਵੰਤ ਮਾਨ ਸਰਕਾਰ ਨੇ ਸਾਡੇ ਸਫਾਈ ਕਰਮਚਾਰੀਆਂ ਪ੍ਰਤੀ ਆਪਣੀ ਵਚਨਬੱਧਤਾ ਨੂੰ ਪੂਰਾ ਕੀਤਾ ਹੈ। ਅਸੀਂ ਉਨ੍ਹਾਂ ਲੋਕਾਂ ਲਈ ਬਰਾਬਰੀ ਅਤੇ ਮਾਣ-ਸਨਮਾਨ ਅਧਾਰਤ ਸਮਾਜ ਦਾ ਨਿਰਮਾਣ ਕਰ ਰਹੇ ਹਾਂ ਜੋ ਸਾਡੇ ਕਸਬਿਆਂ ਅਤੇ ਸ਼ਹਿਰਾਂ ਨੂੰ ਸਾਫ਼-ਸੁਥਰਾ ਰੱਖਣ ਲਈ ਅਣਥੱਕ ਮਿਹਨਤ ਕਰਦੇ ਹਨ।

ਮੰਤਰੀ ਨੇ ਕਿਹਾ ਕਿ ਇਹ ਫੈਸਲੇ ਕਰਮਚਾਰੀ ਯੂਨੀਅਨਾਂ ਦੇ ਪ੍ਰਤੀਨਿਧੀਆਂ ਨਾਲ ਵਿਆਪਕ ਸਲਾਹ-ਮਸ਼ਵਰੇ ਤੋਂ ਬਾਅਦ ਲਏ ਗਏ ਹਨ। ਉਨ੍ਹਾਂ ਕਿਹਾ, ਅਸੀਂ ਕੱਲ੍ਹ ਕਈ ਯੂਨੀਅਨ ਆਗੂਆਂ ਨਾਲ ਵਿਆਪਕ ਵਿਚਾਰ-ਵਟਾਂਦਰਾ ਕੀਤਾ। ਅੱਜ, ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਅਤੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਕੈਬਨਿਟ ਸਬ-ਕਮੇਟੀ ਨੇ ਸਫਾਈ ਕਰਮਚਾਰੀ ਯੂਨੀਅਨਾਂ ਦੇ ਪ੍ਰਤੀਨਿਧੀਆਂ ਨਾਲ ਵੱਖ-ਵੱਖ ਮੀਟਿੰਗਾਂ ਕੀਤੀਆਂ। ਇਸ ਦੌਰਾਨ ਸਾਰੇ ਪ੍ਰਮੁੱਖ ਮੁੱਦਿਆਂ ’ਤੇ ਸਹਿਮਤੀ ਬਣੀ ਅਤੇ ਬਾਕੀ ਛੋਟੇ ਮੁੱਦਿਆਂ ਨੂੰ ਵੀ ਆਉਣ ਵਾਲੇ ਦਿਨਾਂ ਵਿੱਚ ਹੱਲ ਕਰ ਦਿੱਤਾ ਜਾਵੇਗਾ। ਸਾਰੇ ਸਫਾਈ ਕਰਮਚਾਰੀਆਂ ਨੂੰ ਵਡੇਰੇ ਜਨਤਕ ਹਿੱਤ ਵਿੱਚ ਸੇਵਾਵਾਂ ’ਤੇ ਵਾਪਸ ਆਉਣ ਦੀ ਅਪੀਲ ਕਰਦਿਆਂ, ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਮੈਂ ਸਾਰੀਆਂ ਕਰਮਚਾਰੀ ਯੂਨੀਅਨਾਂ ਨੂੰ ਖਾਸ ਕਰਕੇ ਮਾਨਸੂਨ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਹੜਤਾਲ ਵਾਪਸ ਲੈਣ ਦੀ ਬੇਨਤੀ ਕਰਦਾ ਹਾਂ ਤਾਂ ਜੋ ਪਾਣੀ ਤੋਂ ਪੈਦਾ ਹੋਣ ਵਾਲੀਆਂ ਅਤੇ ਵੈਕਟਰ ਬੋਰਨ ਬਿਮਾਰੀਆਂ ਦੇ ਫੈਲਾਅ ਨੂੰ ਰੋਕਿਆ ਜਾ ਸਕੇ।

# ਭੋਲੇ ਬਾਬਾ ਦੇ ਸਾਵਨ ਮਹੀਨੇ ਗੁਰੂ ਪੂਰਨਮਾ ਮੌਕੇ 21 ਪੌਦੇ ਲਗਾਏ



**ਪਟਿਆਲਾ, 28 ਜੁਲਾਈ**
**-ਬਲਜੀਤ ਸਰਨਾ-**

ਅੱਜ ਅਰਬਨ ਅਸਟੇਟ 1—ਬੀ ਦੇ ਵੱਡੇ ਪਾਰਕ ਵਿੱਚ ਸਤਨਾਮ ਹਸੀਜਾ ਦੇ ਪਰਿਵਾਰ ਵੱਲੋਂ 21 ਪੌਦੇ ਲਗਾਏ ਗਏ। ਸ਼ਿਵ ਜੀ ਦੇ ਮਨਭਾਵਨੇ ਜਿਵੇਂ ਕਿ ਬਿਲ ਪੱਤਰ, ਸ਼ਮੀ, ਆਵਲੇ ਦੇ ਅਤੇ ਛਾਂ ਵਾਲੇ ਫੈਂਸੀ ਪੌਦੇ ਲਗਾਏ ਗਏ ਅਤੇ ਹਲਵੇ ਦਾ ਪ੍ਰਸ਼ਾਦ ਵਰਤਾਇਆ ਗਿਆ। ਇਸ ਮੌਕੇ ਅਰਬਨ ਅਸਟੇਟ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਸ੍ਰ. ਜੱਸਾ ਸਿੰਘ ਸਿੱਧੂ ਰਿਟਾਇਰਡ ਡੀ.ਐਸ.ਪੀ. ਦੀ ਪ੍ਰਧਾਨਗੀ ਹੇਠ, ਜਨਰਲ ਸਕੱਤਰ ਸੰਜੀਵ, ਤੇਜ਼ ਪਾਲ ਅਤੇ ਬੀ.ਡੀ. ਗੁਪਤਾ ਕੈਸ਼ੀਅਰ ਅਤੇ ਹੋਰ ਮੈਂਬਰ ਰੋਹਿਤ ਵਰਮਾ, ਰਮਨ, ਬਲਵੀਰ ਸਿੰਘ, ਮਾਲੀ ਰਾਮ ਧਾਰੀ ਆਦਿ ਹਾਜ਼ਰ ਸਨ।

ਇਸ ਮੌਕੇ ਅਰਬਨ ਅਸਟੇਟ ਵੈਲਫੇਅਰ ਵਲੋਂ ਸਤਨਾਮ ਹਸੀਜਾ ਜੀ ਅਤੇ ਉਹਨਾਂ ਦੇ ਪਰਿਵਾਰ ਦੀ ਇਸ ਵਧੀਆ ਕੰਮ ਦੀ ਬਹੁਤ ਸ਼ਲਾਘਾ ਕੀਤੀ ਗਈ।

SEA DESIGN COMPANY
Customized and Designer
- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
Opp. Gurudwara Dukhniwaran Sahib Srihind Road, Patiala

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮੁੱਖ ਮੁੱਦਿਆਂ ਦੇ ਹੱਲ ਲਈ ਟਰਾਂਸਪੋਰਟ ਅਤੇ ਮੁਲਾਜ਼ਮ ਯੂਨੀਅਨਾਂ ਨਾਲ ਉੱਚ ਪੱਧਰੀ ਮੀਟਿੰਗ

**ਚੰਡੀਗੜ੍ਹ 28 ਜੁਲਾਈ**
**-ਛਤਰਪਾਲ ਸਿੰਘ-**



ਪੰਜਾਬ ਦੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਟਰਾਂਸਪੋਰਟ ਅਤੇ ਜਨਤਕ ਖੇਤਰ ਦੀਆਂ ਮੁਲਾਜ਼ਮ ਯੂਨੀਅਨਾਂ ਨਾਲ ਉਨ੍ਹਾਂ ਦੀਆਂ ਜਾਇਜ਼ ਮੰਗਾਂ ਅਤੇ ਕੰਮਕਾਜੀ ਚੁਣੌਤੀਆਂ ਦੇ ਨਿਪਟਾਰੇ ਲਈ ਲੜੀਵਾਰ ਵਿਆਪਕ ਮੀਟਿੰਗਾਂ ਕੀਤੀਆਂ।

ਟਰਾਂਸਪੋਰਟ ਖੇਤਰ ਦੀਆਂ ਅਹਿਮ ਵਿਚਾਰ-ਵਟਾਂਦਰੇ ਦੌਰਾਨ, ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ 'ਪੰਜਾਬ ਸਟੇਟ ਗੁਡਜ਼ ਟਰਾਂਸਪੋਰਟ ਐਸੋਸੀਏਸ਼ਨ' ਅਤੇ 'ਸਮਾਲ ਸਕੇਲ ਬੱਸ ਆਪ੍ਰੇਟਰਜ਼ ਐਸੋਸੀਏਸ਼ਨ' ਦੇ ਵਫ਼ਦਾਂ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ। ਟਰਾਂਸਪੋਰਟ ਇੰਡਸਟਰੀ ਨੂੰ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਦੱਸਦਿਆਂ ਭਗਵੰਤ ਮਾਨ ਸਰਕਾਰ ਦੀ ਇਸ ਨੂੰ ਪੂਰਾ ਸਮਰਥਨ ਦੇਣ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਟਰਾਂਸਪੋਰਟ ਮੰਤਰੀ ਨੇ ਕਿਹਾ, ਪੰਜਾਬ ਸਰਕਾਰ ਟਰਾਂਸਪੋਰਟ ਖੇਤਰ ਦੀ ਮਦਦ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਦੋਵਾਂ ਐਸੋਸੀਏਸ਼ਨਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਸਮਾਂਬੱਧ ਤਰੀਕੇ ਨਾਲ ਹੱਲ ਕੀਤਾ ਜਾਵੇਗਾ।

ਪ੍ਰਸ਼ਾਸਕੀ ਪੱਧਰ 'ਤੇ ਤੁਰੰਤ ਕਾਰਵਾਈ ਯਕੀਨੀ ਬਣਾਉਣ ਲਈ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਕੱਤਰ ਟਰਾਂਸਪੋਰਟ ਵਰੁਣ ਰੂਜ਼ਮ ਅਤੇ ਸਟੇਟ ਟਰਾਂਸਪੋਰਟ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੂੰ ਨਿਰਦੇਸ਼ ਦਿੱਤੇ ਕਿ ਉਹ ਟਰਾਂਸਪੋਰਟ ਯੂਨੀਅਨਾਂ ਵੱਲੋਂ ਸੌਂਪੇ ਮੰਗ ਪੱਤਰਾਂ ਦੀ ਬਾਰੀਕੀ ਨਾਲ ਸਮੀਖਿਆ ਕਰਨ, ਉਨ੍ਹਾਂ ਦੇ ਮੁੱਖ ਮੁੱਦਿਆਂ ਦੇ ਠੋਸ ਹੱਲ ਤਿਆਰ ਕਰਨ ਅਤੇ ਮਸਲਿਆਂ ਨੂੰ ਅੰਤਿਮ ਰੂਪ ਦੇਣ ਲਈ ਜਲਦ ਤੋਂ ਜਲਦ ਅਗਲੀਆਂ ਮੀਟਿੰਗਾਂ ਕਰਨ।

ਟਰਾਂਸਪੋਰਟ ਖੇਤਰ ਦੀਆਂ ਮੀਟਿੰਗਾਂ ਤੋਂ ਇਲਾਵਾ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁਲਾਜ਼ਮਾਂ ਦੇ ਮਸਲਿਆਂ ਲਈ ਬਣਾਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਜੋਂ 'ਜੀ.ਪੀ.ਡਬਲਯੂ. ਐਸ.ਸੀ. ਵਾਟਰ ਸਪਲਾਈ ਪੰਪ ਆਪ੍ਰੇਟਰ ਐਸੋਸੀਏਸ਼ਨ ਪੰਜਾਬ', 'ਐਨ.ਐਚ.ਐਮ. ਇੰਪਲਾਈਜ਼ ਯੂਨੀਅਨ', 'ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ' ਅਤੇ 'ਪੰਜਾਬ ਪ੍ਰਦੇਸ਼ ਪੱਲੇਦਾਰ ਮਜ਼ਦੂਰ ਯੂਨੀਅਨ' ਦੇ ਨੁਮਾਇੰਦਿਆਂ ਨਾਲ ਵੀ ਵਿਆਪਕ ਵਿਚਾਰ-ਵਟਾਂਦਰਾ ਕੀਤਾ।

ਮੁਲਾਜ਼ਮ ਅਤੇ ਮਜ਼ਦੂਰ ਜਥੇਬੰਦੀਆਂ ਵੱਲੋਂ ਉਠਾਈਆਂ ਗਈਆਂ ਚਿੰਤਾਵਾਂ ਦਾ ਜਵਾਬ ਦਿੰਦਿਆਂ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਪੰਜਾਬ ਸਰਕਾਰ ਤੁਹਾਡੀਆਂ ਮੰਗਾਂ ਨੂੰ ਪੂਰੀ ਹਮਦਰਦੀ ਅਤੇ ਗੰਭੀਰਤਾ ਨਾਲ ਲੈ ਰਹੀ ਹੈ ਅਤੇ ਸਮੇਂ ਸਿਰ ਰਾਹਤ ਦੇਣ ਲਈ ਜ਼ਰੂਰੀ ਕਦਮਾਂ ਦੀ ਸਰਗਰਮੀ ਨਾਲ ਸਮੀਖਿਆ ਕੀਤੀ ਜਾ ਰਹੀ ਹੈ।

ਇਨ੍ਹਾਂ ਮੀਟਿੰਗਾਂ ਦੌਰਾਨ ਪੰਜਾਬ ਸਟੇਟ ਗੁਡਜ਼ ਟਰਾਂਸਪੋਰਟ ਐਸੋਸੀਏਸ਼ਨ ਵੱਲੋਂ ਚਰਨ ਸਿੰਘ ਲਾਹੌਰੀਆ, ਜੇ.ਪੀ. ਅਗਰਵਾਲ, ਬਲਰਾਜ ਸ਼ਰਮਾ, ਕਾਮਰੇਡ ਪ੍ਰੇਮ ਸਿੰਘ ਬਨੂੜ ਅਤੇ ਸ਼ਮਿੰਦਰ ਸਿੰਘ ਬਰਾੜ; ਸਮਾਲ ਸਕੇਲ ਬੱਸ ਆਪ੍ਰੇਟਰਜ਼ ਐਸੋਸੀਏਸ਼ਨ ਵੱਲੋਂ ਦਰਸ਼ਨ ਸਿੰਘ, ਸੰਦੀਪ ਸ਼ਰਮਾ, ਜਗਰੂਪ ਸਿੰਘ ਅਤੇ ਬਰਿੰਦਰ ਸਿੰਘ; ਜੀ.ਪੀ.ਡਬਲਯੂ.ਐਸ.ਸੀ. ਵਾਟਰ ਸਪਲਾਈ ਪੰਪ ਆਪ੍ਰੇਟਰ ਐਸੋਸੀਏਸ਼ਨ ਵੱਲੋਂ ਬੇਅੰਤ ਸਿੰਘ ਅਤੇ ਅਵਤਾਰ ਸਿੰਘ; ਐਨ.ਐਚ.ਐਮ. ਇੰਪਲਾਈਜ਼ ਯੂਨੀਅਨ ਵੱਲੋਂ ਸੰਦੀਪ ਕੌਰ, ਜਸਵੀਰ ਸਿੰਘ ਅਤੇ ਡਾ. ਵਾਹਿਦ ਮੁਹੰਮਦ; ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਵੱਲੋਂ ਗੁਰਜਿੰਦਰ ਸਿੰਘ ਔਲਖ, ਹਰਮਨਦੀਪ ਸਿੰਘ ਸਿੱਧੂ ਅਤੇ ਨਜ਼ਰ ਸਿੰਘ; ਅਤੇ ਪੰਜਾਬ ਪ੍ਰਦੇਸ਼ ਪੱਲੇਦਾਰ ਮਜ਼ਦੂਰ ਯੂਨੀਅਨ ਵੱਲੋਂ ਸ਼ਿੰਦਰਪਾਲ ਸਿੰਘ ਅਤੇ ਜਗਤਾਰ ਸਿੰਘ ਨੇ ਆਪਣੇ ਮਸਲੇ ਅਤੇ ਮੰਗਾਂ ਪੇਸ਼ ਕੀਤੀਆਂ।

# ਪ੍ਰਸ਼ਾਸਕ ਨੇ 'ਹੋਲਾ ਮਹੱਲਾ' ਫੋਟੋਗ੍ਰਾਫੀ ਪ੍ਰਦਰਸ਼ਨੀ ਦਾ ਗਵਰਨਮੈਂਟ ਮਿਊਜ਼ੀਅਮ ਐਂਡ ਆਰਟ ਗੈਲਰੀ ਵਿਖੇ ਉਦਘਾਟਨ ਕੀਤਾ



**ਚੰਡੀਗੜ੍ਹ, 29 ਜੁਲਾਈ**
**-ਜੀ. ਐਸ. ਤੁੰਗ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਗਵਰਨਮੈਂਟ ਮਿਊਜ਼ੀਅਮ ਐਂਡ ਆਰਟ ਗੈਲਰੀ ਸੈਕਟਰ 10, ਚੰਡੀਗੜ੍ਹ ਵਿਖੇ 'ਹੋਲਾ ਮਹੱਲਾ' ਫੋਟੋਗ੍ਰਾਫੀ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ। ਗਵਰਨਮੈਂਟ ਮਿਊਜ਼ੀਅਮ ਐਂਡ ਆਰਟ ਗੈਲਰੀ ਅਤੇ ਚੰਡੀਗੜ੍ਹ ਲਲਿਤ ਕਲਾ ਅਕਾਦਮੀ ਦੁਆਰਾ ਸੰਯੁਕਤ ਤੌਰ 'ਤੇ ਆਯੋਜਿਤ ਇਹ ਪ੍ਰਦਰਸ਼ਨੀ 15 ਸਤੰਬਰ, 2026 ਤੱਕ ਰੋਜ਼ਾਨਾ ਸਵੇਰੇ 10:00 ਵਜੇ ਤੋਂ ਸ਼ਾਮ 5:00 ਵਜੇ ਤੱਕ ਜਨਤਾ ਲਈ ਖੁੱਲ੍ਹੀ ਰਹੇਗੀ।

ਇਸ ਅਵਸਰ 'ਤੇ ਪ੍ਰਸ਼ਾਸਕ ਦੇ ਨਾਲ ਸ਼੍ਰੀ ਮਨਦੀਪ ਸਿੰਘ ਬਰਾੜ, ਗ੍ਰਹਿ ਸਕੱਤਰ; ਡਾ. ਸਈਦ ਆਬਿਦ ਰਸ਼ੀਦ ਸ਼ਾਹ, ਸਕੱਤਰ, ਸੱਭਿਆਚਾਰਕ ਮਾਮਲੇ; ਸੁਸ਼੍ਰੀ ਈਸ਼ਾ ਕੰਬੋਜ, ਡਾਇਰੈਕਟਰ, ਸੱਭਿਆਚਾਰ ਮਾਮਲੇ; ਅਤੇ ਸ਼੍ਰੀ ਭੀਮ ਮਲਹੋਤਰਾ, ਚੇਅਰਮੈਨ, ਚੰਡੀਗੜ੍ਹ ਲਲਿਤ ਕਲਾ ਅਕਾਦਮੀ ਉਪਸਥਿਤ ਰਹੇ।

ਪ੍ਰਸ਼ਾਸਕ ਨੇ ਕਿਹਾ ਕਿ ਭਾਰਤ ਦੀ ਸੱਭਿਆਚਾਰਕ ਵਿਰਾਸਤ ਸਾਡੀ ਅਨਮੋਲ ਧਰੋਹਰ ਹੈ ਅਤੇ ਹੋਲਾ ਮੁਹੱਲਾ ਜਿਹੀ ਪ੍ਰਦਰਸ਼ਨੀ ਫੋਟੋਗ੍ਰਾਫੀ ਦੇ ਸਸ਼ਕਤ ਮਾਧਿਅਮ ਨਾਲ ਦੇਸ਼ ਦੀਆਂ ਸਮ੍ਰਿੱਧ ਪਰੰਪਰਾਵਾਂ ਦੀ ਸੰਭਾਲ਼ ਅਤੇ ਸੰਵਰਧਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।

ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਪਹਿਲਾਂ ਸਾਡੀ ਸੱਭਿਆਚਾਰਕ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਪ੍ਰਭਾਵੀ ਮਾਧਿਅਮ ਹਨ।

ਪ੍ਰਸਿੱਧ ਫੋਟੋਗ੍ਰਾਫਰ ਸ਼੍ਰੀ ਸੰਜੈ ਦਾਸ ਦੇ ਕਾਰਜਾਂ ਦੀ ਸ਼ਲਾਘਾ ਕਰਦੇ ਹੋਏ, ਪ੍ਰਸ਼ਾਸਕ ਨੇ ਕਿਹਾ ਕਿ ਇਹ ਪ੍ਰਦਰਸ਼ਨੀ ਭਾਰਤ ਦੀ ਸਮ੍ਰਿੱਧ ਸੱਭਿਆਚਾਰਕ ਵਿਰਾਸਤ ਦੇ ਦਸਤਾਵੇਜ਼ੀਕਰਨ ਪ੍ਰਤੀ ਉਨ੍ਹਾਂ ਦੀ ਦਹਾਕਿਆਂ ਪੁਰਾਣੀ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ। ਪ੍ਰਦਰਸ਼ਨੀ ਵਿੱਚ ਪ੍ਰਦਰਸ਼ਿਤ ਤਸਵੀਰਾਂ ਹੋਲਾ ਮੁਹੱਲਾ ਦੀਆਂ ਜੀਵੰਤ ਪਰੰਪਰਾਵਾਂ, ਬੀਰਤਾ ਦੀ ਭਾਵਨਾ, ਅਧਿਆਤਮਿਕ ਆਸਥਾ ਅਤੇ ਸਮੁਦਾਇਕ ਜੀਵਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਸਤੁਤ ਕਰਦੀਆਂ ਹਨ ਅਤੇ ਸਸ਼ਕਤ ਵਿਜ਼ੂਅਲ ਸਟੋਰੀ ਟੈਲਿੰਗ ਦੇ ਜ਼ਰੀਏ ਇਸ ਜੀਵੰਤ ਵਿਰਾਸਤ ਨੂੰ ਸੁਰੱਖਿਅਤ ਰੱਖਦੀਆਂ ਹਨ।

ਪ੍ਰਸ਼ਾਸਕ ਨੇ ਉੱਥੇ ਕਲਾ ਇਤਿਹਾਸਕਾਰ, ਕਿਊਰੇਟਰ ਅਤੇ ਆਲੋਚਕ ਡਾ. ਸੀਮਾ ਭੱਲਾ ਜਿਨ੍ਹਾਂ ਨੂੰ ਰਾਜਾ ਰਵੀ ਵਰਮਾ ਪੁਰਸਕਾਰ (2023) ਨਾਲ ਸਨਮਾਨਿਤ ਕੀਤਾ ਜਾ ਚੁੱਕਿਆ ਹੈ, ਦੇ ਕਿਊਰੇਟੋਰੀਅਲ ਵਿਜ਼ਨ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਹੋਲਾ ਮੁਹੱਲਾ ਦੀ ਉਨ੍ਹਾਂ ਦੀ ਵਿਚਾਰਪੂਰਨ ਕਿਊਰੇਸ਼ਨ ਇਸ ਤਿਉਹਾਰ ਦੀਆਂ ਪਰੰਪਰਾਵਾਂ, ਕਲਾਤਮਕ ਪ੍ਰਗਟਾਵੇ ਅਤੇ ਆਰਕੀਟੈਕਚਰਲ ਸੈਟਿੰਗਾਂ ਨੂੰ ਇੱਕ ਪ੍ਰਭਾਵਸ਼ਾਲੀ ਵਿਜ਼ੂਅਲ ਨੈਰੇਟਿਵ ਵਿੱਚ ਪਿਰੋਂਦੀ ਹੈ, ਜਿਸ ਨਾਲ ਸੈਲਾਨੀਆਂ ਨੂੰ ਇਸ ਦੀ ਇਤਿਹਾਸਿਕ, ਸੱਭਿਆਚਾਰਕ ਅਤੇ ਅਧਿਆਤਮਿਕ ਮਹੱਤਤਾ ਨੂੰ ਨੇੜਿਓਂ ਸਮਝਣ ਦਾ ਅਵਸਰ ਮਿਲਦਾ ਹੈ।

ਇਹ ਪ੍ਰਦਰਸ਼ਨੀ ਹੋਲਾ ਮੁਹੱਲਾ ਦੀ ਜੀਵੰਤ ਭਾਵਨਾ ਨੂੰ ਇੱਕ ਆਕਰਸ਼ਕ ਵਿਜ਼ੂਅਲ ਜਰਨੀ ਦੇ ਜ਼ਰੀਏ ਪ੍ਰਸਤੁਤ ਕਰਦੀ ਹੈ ਅਤੇ ਸਾਹਸ, ਸਮਰਪਣ, ਮਾਰਸ਼ਲ ਹੈਰੀਟੇਜ ਅਤੇ ਸਮੁਦਾਇਕ ਸਹਿਭਾਗਿਤਾ ਦੀਆਂ ਗੌਰਵਸ਼ਾਲੀ ਪਰੰਪਰਾਵਾਂ ਦਾ ਉਤਸਵ ਮਨਾਉਂਦੀ ਹੈ।

# ਪਿਛਲੇ ਸਾਢੇ ਚਾਰ ਸਾਲਾਂ ਵਿੱਚ ਪੰਜਾਬ ਵਿੱਚ ਇੱਕ ਵੀ ਪੇਪਰ ਲੀਕ ਨਹੀਂ ਹੋਇਆ: ਭਗਵੰਤ ਸਿੰਘ ਮਾਨ

➢ ਬਿਨਾਂ ਕਿਸੇ ਪੈਸੇ, ਫ਼ਰਮਾਇਸ਼ ਅਤੇ ਪੇਪਰ ਲੀਕ ਤੋਂ ਮੈਂ ਪੰਜਾਬ ਦੇ 69,000 ਨੌਜਵਾਨਾਂ ਨੂੰ ਨਿਰੋਲ ਯੋਗਤਾ ਦੇ ਅਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ ➢ ਭਾਜਪਾ ਮਿਹਨਤੀ ਪੰਜਾਬੀਆਂ ਦੀ ਸਾਖ ਨੂੰ ਢਾਹ ਲਗਾਉਣ ਲਈ ਝੂਠੇ ਦੋਸ਼ ਲਗਾ ਰਹੀ ਹੈ ➢ ਰਾਜਨੀਤਿਕ ਹਿੱਤਾਂ ਲਈ ਪੰਜਾਬੀਆਂ ਨੂੰ ਬਦਨਾਮ ਕਰਨ ਸਬੰਧੀ ਭਾਜਪਾ ਦੀ ਰਾਜਨੀਤੀ ਉਸ ਨੂੰ ਮਹਿੰਗੀ ਪਵੇਗੀ

**ਨਵੀਂ ਦਿੱਲੀ, 28 ਜੁਲਾਈ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਝੂਠੇ ਪੇਪਰ ਲੀਕ ਦੇ ਦੋਸ਼ਾਂ ਰਾਹੀਂ ਪੰਜਾਬ ਅਤੇ ਇਸ ਦੇ ਮਿਹਨਤੀ ਨੌਜਵਾਨਾਂ ਦੀ ਸਾਖ ਨੂੰ ਢਾਹ ਲਗਾਉਣ ਦੀ ਕੋਸ਼ਿਸ਼ ਕਰਨ 'ਤੇ ਭਾਜਪਾ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਕਰੜੇ ਹੱਥੀਂ ਲੈਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਬਿਨਾਂ ਕਿਸੇ ਪੈਸੇ, ਫ਼ਰਮਾਇਸ਼ ਅਤੇ ਪੇਪਰ ਲੀਕ ਤੋਂ ਸਿਰਫ਼ ਯੋਗਤਾ ਦੇ ਅਧਾਰ 'ਤੇ 69,000 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਆਪਣੀ ਸੰਸਦ ਫੇਰੀ ਦੌਰਾਨ ਮੁੱਖ ਮੰਤਰੀ ਨੇ ਲੋਕ ਸਭਾ ਸਪੀਕਰ ਓਮ ਬਿਰਲਾ, ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਅਤੇ ਹੋਰ ਸੰਸਦ ਮੈਂਬਰਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਨੂੰ ਰਾਜਨੀਤਿਕ ਲਾਭ ਲਈ ਪੰਜਾਬੀਆਂ ਨੂੰ ਬਦਨਾਮ ਕਰਨਾ ਬੰਦ ਕਰਨਾ ਚਾਹੀਦਾ ਹੈ ਅਤੇ ਇਸ ਦੀ ਬਜਾਏ ਉਨ੍ਹਾਂ ਨਾਲ ਆਪਣੀ ਰਾਜਨੀਤਿਕ ਲੜਾਈ ਲੜਨੀ ਚਾਹੀਦੀ ਹੈ।

ਮੀਡੀਆ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਲੋਕਤੰਤਰ ਦੀ ਖੂਬਸੂਰਤੀ ਇਹ ਹੈ ਕਿ ਲੋਕਾਂ ਨੂੰ ਇੱਕ ਦੂਜੇ ਨਾਲ ਮਿਲਦੇ ਰਹਿਣਾ ਚਾਹੀਦਾ ਹੈ ਅਤੇ ਗੱਲਬਾਤ ਕਰਦੇ ਰਹਿਣਾ ਚਾਹੀਦਾ ਹੈ। ਰਾਜਨੀਤੀ ਵਿੱਚ ਮਤਭੇਦ ਹੋਣਾ ਸੁਭਾਵਿਕ ਹੈ ਅਤੇ ਇਹ ਮਤਭੇਦ ਹਮੇਸ਼ਾ ਰਹਿਣਗੇ ਪਰ ਇਹਨਾਂ ਨੂੰ ਦਿਲਾਂ ਅੰਦਰ ਘਰ ਨਹੀਂ ਕਰਨ ਦੇਣਾ ਚਾਹੀਦਾ।

ਪੇਪਰ ਲੀਕ ਬਾਰੇ ਵਿਰੋਧੀ ਧਿਰ ਦੇ ਦੋਸ਼ਾਂ ਦਾ ਹਵਾਲਾ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਨੇ ਸੱਤਾ ਦੇ ਸਾਢੇ ਚਾਰ ਸਾਲ ਪੂਰੇ ਕਰ ਲਏ ਹਨ, ਪਰ ਇਸ ਸਮੇਂ ਦੌਰਾਨ ਪੰਜਾਬ ਵਿੱਚ ਇੱਕ ਵੀ ਪ੍ਰੀਖਿਆਂ ਪੇਪਰ ਲੀਕ ਨਹੀਂ ਹੋਇਆ।

ਉਨ੍ਹਾਂ ਕਿਹਾ, ਕੁਝ ਦਿਨ ਪਹਿਲਾਂ ਸਾਨੂੰ ਫਾਰਮੇਸੀ ਪ੍ਰੀਖਿਆ ਦੌਰਾਨ ਨਕਲ ਦੀ ਕੋਸ਼ਿਸ਼ ਬਾਰੇ ਪਤਾ ਲੱਗਾ ਸੀ। ਪ੍ਰੀਖਿਆ ਸਵੇਰੇ 11 ਵਜੇ ਸ਼ੁਰੂ ਹੋਈ ਸੀ ਅਤੇ 11:15 ਵਜੇ ਤੱਕ ਅਸੀਂ ਪਾਇਆ ਕਿ ਇੱਕ ਉਮੀਦਵਾਰ ਬਲੂਟੁੱਥ-ਵਾਲੇ ਪੈੱਨ ਰਾਹੀਂ ਪ੍ਰਸ਼ਨ ਪੱਤਰ ਨੂੰ ਸਕੈਨ ਕਰਕੇ ਬਾਹਰ ਬੈਠੇ ਲੋਕਾਂ ਤੋਂ ਈਅਰਪੀਸ ਰਾਹੀਂ ਉੱਤਰ ਪ੍ਰਾਪਤ ਕਰ ਰਿਹਾ ਸੀ। ਪੰਜਾਬ ਪੁਲਿਸ ਨੇ ਤੁਰੰਤ ਕਾਰਵਾਈ ਕੀਤੀ, ਬਾਹਰੋਂ ਕੰਮ ਕਰ ਰਹੇ 11 ਮੈਂਬਰੀ ਗਿਰੋਹ ਸਮੇਤ 10 ਉਮੀਦਵਾਰਾਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਨੂੰ ਜੇਲ੍ਹ ਭੇਜ ਦਿੱਤਾ। ਪੰਜਾਬ ਸਰਕਾਰ ਵੱਲੋਂ ਬਿਨਾਂ ਕਿਸੇ ਪੈਸੇ ਅਤੇ ਫ਼ਰਮਾਇਸ਼ ਤੋਂ, ਸਿਰਫ਼ ਯੋਗਤਾ ਦੇ ਅਧਾਰ 'ਤੇ ਨੌਕਰੀਆਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ।

ਵਿਰੋਧੀ ਧਿਰ ਵੱਲੋਂ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ, ਸਭ ਤੋਂ ਪਹਿਲਾਂ, ਫਾਰਮੇਸੀ ਪ੍ਰੀਖਿਆ ਸਿੱਖਿਆ ਵਿਭਾਗ ਦੇ ਅਧੀਨ ਨਹੀਂ ਆਉਂਦੀ, ਸਗੋਂ ਸਿਹਤ ਵਿਭਾਗ ਦੇ ਅਧੀਨ ਆਉਂਦੀ ਸੀ। ਸਿਹਤ ਮੰਤਰੀ ਪਹਿਲਾਂ ਹੀ ਸਪੱਸ਼ਟ ਕਰ ਚੁੱਕੇ ਹਨ ਕਿ ਕੋਈ ਪੇਪਰ ਲੀਕ ਨਹੀਂ ਹੋਇਆ ਸੀ। ਇਹ ਸਿਰਫ਼ ਨਕਲ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ, ਜਿਸਨੂੰ ਤੁਰੰਤ ਰੋਕ ਦਿੱਤਾ ਗਿਆ ਅਤੇ ਪ੍ਰੀਖਿਆ ਸਫਲਤਾਪੂਰਵਕ ਸਮਾਪਤ ਹੋਈ। ਪੰਜਾਬ ਵਿੱਚ ਪੇਪਰ ਲੀਕ ਨਹੀਂ ਹੋ ਸਕਦੇ।

ਅਕਾਲੀ ਦਲ 'ਤੇ ਨਿਸ਼ਾਨਾਂ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਕਾਲੀ ਦਲ ਦਾ ਹੁਣ ਪੰਜਾਬ ਵਿੱਚ ਕੋਈ ਵਜੂਦ ਨਹੀਂ ਰਿਹਾ। ਹੁਣ ਉਨ੍ਹਾਂ ਕੋਲ ਕਿੰਨਾ ਸਮਰਥਨ ਹੈ? ਭਾਜਪਾ ਦੀ ਗੱਲ ਕਰੀਏ ਤਾਂ ਸੰਸਦ ਦੇ ਬਾਹਰ ਵਿਰੋਧ ਪ੍ਰਦਰਸ਼ਨ ਕਰਨ ਤੋਂ ਪਹਿਲਾਂ ਉਸ ਨੂੰ ਪਹਿਲਾਂ ਜੰਤਰ-ਮੰਤਰ ਵੱਲ ਧਿਆਨ ਦੇਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ, ਮੈਂ ਇੱਕ ਵੀ ਰੁਪਿਆ ਲਏ ਬਿਨਾਂ ਅਤੇ ਸਿਰਫ਼ ਯੋਗਤਾ ਦੇ ਆਧਾਰ 'ਤੇ 68,855 ਸਰਕਾਰੀ ਨੌਕਰੀਆਂ ਦੇ ਕੇ ਲੋਕਾਂ ਵਿੱਚ ਵਿਚਰ ਰਿਹਾ ਹਾਂ। ਭਰਤੀ ਵਿੱਚ ਧੋਖਾਧੜੀ ਅਤੇ ਭ੍ਰਿਸ਼ਟਾਚਾਰ ਪੰਜਾਬ ਵਿੱਚ ਬੀਤੇ ਸਮੇਂ ਦੀਆਂ ਕਹਾਣੀਆਂ ਬਣ ਗਈਆਂ ਹਨ। ਭਾਜਪਾ, ਕਾਂਗਰਸ ਅਤੇ ਅਕਾਲੀ ਦਲ ਨੂੰ 'ਝਾੜੂ' ਦੀ ਚਿੰਤਾ ਕਰਨ ਦੀ ਬਜਾਏ ਪਹਿਲਾਂ ਆਪਣੀ ਪਾਰਟੀ ਬਾਰੇ ਸੋਚਣਾ ਚਾਹੀਦਾ ਹੈ।

# ਬਾਲ ਭਿੱਖਿਆ ਰੋਕੂ ਟਾਸਕ ਫੋਰਸ ਵਲੋਂ ਛਾਪੇਮਾਰੀ, ਭੀਖ ਮੰਗਦੀਆਂ ਦੋ ਬੱਚੀਆਂ ਛੁਡਾਈਆਂ

**ਜਲੰਧਰ, 29 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਜ਼ਿਲ੍ਹਾ ਪੱਧਰੀ ਬਾਲ ਭਿੱਖਿਆ ਰੋਕੂ ਟਾਸਕ ਫੋਰਸ ਵੱਲੋਂ ਅੱਜ ਵੱਖ-ਵੱਖ ਥਾਈਂ ਛਾਪੇਮਾਰੀ ਦੌਰਾਨ ਭੀਖ ਮੰਗਦੀਆਂ ਦੋ ਬੱਚੀਆਂ ਨੂੰ ਰੈਸਕਿਊ ਕੀਤਾ ਗਿਆ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੇ ਭਾਰਤੀ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ, ਵਿਭਾਗ ਵੱਲੋਂ ਜਾਰੀ ਹਦਾਇਤਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਦੇ ਨਿਰਦੇਸ਼ਾਂ ਅਨੁਸਾਰ ਪ੍ਰਾਜੈਕਟ ਜੀਵਨਜੋਤ 2.0 ਤਹਿਤ ਭੀਖ ਮੰਗਦੇ ਬੱਚਿਆਂ ਨੂੰ ਰੈਸਕਿਊ ਕਰਨ ਲਈ ਛਾਪੇਮਾਰੀ ਕੀਤੀ ਗਈ ਸੀ, ਜਿਸ ਦੌਰਾਨ ਕਰੀਬ 5 ਤੇ 6 ਸਾਲ ਉਮਰ ਦੀਆਂ ਦੋ ਬੱਚੀਆਂ ਨੂੰ ਗੀਤਾ ਮੰਦਿਰ, ਮਾਡਲ ਟਾਊਨ, ਜਲੰਧਰ ਨੇੜਿਓਂ ਰੈਸਕਿਊ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਬੱਚੀਆਂ ਨੂੰ ਥਾਣਾ ਡਵੀਜ਼ਨ ਨੰ. 6 ਵਿਖੇ ਡੀ.ਡੀ.ਆਰ ਕਰਵਾ ਕੇ ਬਾਲ ਭਲਾਈ ਕਮੇਟੀ, ਜਲੰਧਰ ਵਿਖੇ ਪੇਸ਼ ਕੀਤਾ ਗਿਆ ਅਤੇ ਬਾਲ ਭਲਾਈ ਕਮੇਟੀ ਵੱਲੋਂ ਬੱਚੀਆਂ ਨੂੰ ਨਾਰੀ ਨਿਕੇਤਨ, ਜਲੰਧਰ ਵਿਖੇ ਸ਼ੈਲਟਰ ਦਿੱਤਾ ਗਿਆ।

ਉਨ੍ਹਾਂ ਕਿਹਾ ਕਿ ਬੱਚੀਆਂ ਦੇ ਮੁੜ ਵਸੇਬੇ ਅਤੇ ਪੜ੍ਹਾਈ ਲਈ ਉਪਰਾਲੇ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ ਵਿਭਾਗ ਦੀਆਂ ਟੀਮਾਂ ਵੱਲੋਂ ਸਮੇਂ-ਸਮੇਂ 'ਤੇ ਆਮ ਲੋਕਾਂ ਨੂੰ ਬੱਚਿਆਂ ਦੇ ਅਧਿਕਾਰਾਂ, ਸਿੱਖਿਆ ਦੀ ਮਹੱਤਤਾ ਅਤੇ ਬੱਚਿਆਂ ਨਾਲ ਹੋ ਰਹੇ ਅਪਰਾਧਾਂ ਬਾਰੇ, ਬਾਲ ਮਜ਼ਦੂਰੀ, ਬਾਲ ਭਿਖਿਆ, ਬੱਚਿਆਂ ਨਾਲ ਛੇੜਛਾੜ ਅਤੇ ਜਿਨਸੀ ਸ਼ੋਸ਼ਣ ਵਰਗੀਆਂ ਬੁਰਾਈਆਂ ਬਾਰੇ ਜਾਗਰੂਕ ਵੀ ਕੀਤਾ ਜਾਂਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕਿਸੇ ਨੂੰ ਬਾਲ ਭਿੱਖਿਆ, ਕਿਸੇ ਵੀ ਮੁਸੀਬਤ ਵਿੱਚ ਫਸੇ ਬੱਚੇ ਬਾਰੇ ਜਾਣਕਾਰੀ ਮਿਲਦੀ ਹੈ, ਤਾਂ ਤੁਰੰਤ ਚਾਈਲਡ ਹੈਲਪਲਾਈਨ ਨੰਬਰ 1098 'ਤੇ ਜਾਂ ਦਫਤਰ ਜ਼ਿਲ੍ਹਾ ਪ੍ਰੋਗਰਾਮ ਅਫਸਰ, ਗਾਂਧੀ ਵਨੀਤਾ ਆਸ਼ਰਮ ਵਿਖੇ ਸੰਪਰਕ ਕਰ ਸਕਦੇ ਹਨ।

ਰੈਸਕਿਊ ਟੀਮ ਵਿੱਚ ਲੀਗਲ ਕਮ ਪ੍ਰੋਬੇਸ਼ਨ ਅਫਸਰ ਸੰਦੀਪ ਕੁਮਾਰ, ਸੋਸ਼ਲ ਵਰਕਰ ਰੈਨੂੰ ਬਾਲਾ ਅਤੇ ਕਮਲਪ੍ਰੀਤ ਕੌਰ, ਆਊਟ ਰੀਚ ਵਰਕਰ ਗੌਰਵ ਕੁਮਾਰ ਸਮੇਤ ਕਮਿਸ਼ਨਰੇਟ ਪੁਲਿਸ, ਜਲੰਧਰ ਦੇ ਮਹਿਲਾ ਥਾਣਾ ਦੀ ਟੀਮ ਵੀ ਮੌਜੂਦ ਸੀ।

# ਵਿਦਿਆਰਥੀਆਂ ਦਾ ਸੰਘਰਸ਼ ਭਵਿੱਖੀ ਪੀੜ੍ਹੀਆਂ ਵੱਲੋਂ ਰੋਸ ਦੇ ਰੁੱਖ ਵਜੋਂ ਯਾਦ ਰੱਖਿਆ ਜਾਵੇਗਾ: ਕੁਲਤਾਰ ਸਿੰਘ ਸੰਧਵਾਂ

➢ ਸੈਕਟਰ 66-ਏ, ਮੋਹਾਲੀ ਸਥਿਤ 'ਸਟੋਰੀਲਾਈਨ ਮੋਂਟੇਸਰੀ ਐਂਡ ਕੈਫੇ' ਦਾ ਕੀਤਾ ਦੌਰਾ; ਬਾਲ-ਕੇਂਦਰਿਤ ਨਿਵੇਕਲੇ ਸੰਕਲਪ ਦੀ ਕੀਤੀ ਸ਼ਲਾਘਾ ➢ ਮੌਜੂਦਾ ਕਾਰਜਕਾਲ ਦੌਰਾਨ ਪੰਜਾਬ ਵਿਧਾਨ ਸਭਾ ਨੇ ਹਮੇਸ਼ਾ ਪੰਜਾਬ ਦੇ ਲੋਕਾਂ ਦੇ ਹੱਕਾਂ ਅਤੇ ਹਿਤਾਂ ਵਿੱਚ ਹੀ ਫ਼ੈਸਲੇ ਕੀਤੇ

**ਮੁਹਾਲੀ, 29 ਜੁਲਾਈ**
**-ਜੀ. ਐਸ. ਤੁੰਗ-**

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਹਾਲ ਹੀ ਵਿੱਚ ਵਿਦਿਆਰਥੀਆਂ ਵੱਲੋਂ ਕੀਤਾ ਗਿਆ ਸੰਘਰਸ਼ ਭਵਿੱਖੀ ਪੀੜ੍ਹੀਆਂ ਵੱਲੋਂ ਭਾਰਤ ਦੇ ਇਤਿਹਾਸ ਵਿੱਚ ਰੋਸ ਦੇ ਰੁੱਖ (Tree of Resistance) ਵਜੋਂ ਯਾਦ ਰੱਖਿਆ ਜਾਵੇਗਾ।

ਸੈਕਟਰ 66-ਏ, ਮੋਹਾਲੀ ਵਿਖੇ ਸਥਿਤ 'ਸਟੋਰੀਲਾਈਨ ਮੋਂਟੇਸਰੀ ਐਂਡ ਕੈਫੇ' ਦੇ ਦੌਰੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਸੰਧਵਾਂ ਨੇ ਕਿਹਾ ਕਿ ਇਹ ਸੰਘਰਸ਼ ਦੇ ਬੀਜ ਕੁਝ ਸਾਲ ਪਹਿਲਾਂ ਕਿਸਾਨਾਂ ਵੱਲੋਂ ਖੇਤੀ ਕਾਨੂੰਨਾਂ ਦੇ ਵਿਰੋਧ ਵਿੱਚ ਕੀਤੇ ਗਏ ਇਤਿਹਾਸਕ ਅੰਦੋਲਨ ਦੌਰਾਨ ਬੀਜੇ ਗਏ ਸਨ। ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਅੰਦੋਲਨ ਦੇਸ਼ ਦੇ ਨੌਜਵਾਨਾਂ ਦੀ ਜਾਗਰੂਕਤਾ ਅਤੇ ਆਪਣੇ ਹੱਕਾਂ ਦੀ ਰਾਖੀ ਲਈ ਉਨ੍ਹਾਂ ਦੀ ਵਚਨਬੱਧਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਨੌਜਵਾਨ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਸ ਸੰਘਰਸ਼ ਨੇ ਕਈ ਲੁਕੇ ਹੋਏ ਮੁੱਦਿਆਂ ਨੂੰ ਵੀ ਸਾਹਮਣੇ ਲਿਆਂਦਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਰੌੜੀ, ਵਿਧਾਇਕ ਸ. ਕੁਲਵੰਤ ਸਿੰਘ ਪੰਡੋਰੀ ਅਤੇ ਸ. ਮਨਜਿੰਦਰ ਸਿੰਘ ਲਾਲਪੁਰਾ ਵੀ ਮੌਜੂਦ ਸਨ। ਸਪੀਕਰ ਨੇ ਮੋਂਟੇਸਰੀ ਸਕੂਲ ਅਤੇ ਕੈਫੇ ਦਾ ਦੌਰਾ ਕਰਦਿਆਂ ਸੰਸਥਾ ਦੇ ਪ੍ਰਬੰਧਕਾਂ ਸ. ਗੁਰਪ੍ਰੀਤ ਸਿੰਘ ਬਰਾੜ, ਸ. ਹਰਸ਼ੇਰ ਸਿੰਘ ਸਿੱਧੂ ਅਤੇ ਸ. ਦਵਿੰਦਰ ਸਿੰਘ ਬਰਾੜ ਨਾਲ ਗੱਲਬਾਤ ਕੀਤੀ। ਉਨ੍ਹਾਂ ਬੱਚਿਆਂ ਲਈ ਸੁਰੱਖਿਅਤ, ਸਿਰਜਣਾਤਮਕ ਅਤੇ ਪਰਿਵਾਰਕ ਮਾਹੌਲ ਪ੍ਰਦਾਨ ਕਰਨ ਦੇ ਇਸ ਨਿਵੇਕਲੇ ਸੰਕਲਪ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ਼ੁਰੂਆਤੀ ਬਾਲ ਸਿੱਖਿਆ ਨੂੰ ਪਰਿਵਾਰ-ਕੇਂਦਰਿਤ ਕੈਫੇ ਦੇ ਵਿਚਾਰ ਨਾਲ ਜੋੜਨਾ ਇੱਕ ਪ੍ਰੇਰਨਾਦਾਇਕ ਪਹਿਲ ਹੈ।

ਉਨ੍ਹਾਂ ਕਿਹਾ ਕਿ ਇਹ ਸੰਸਥਾ ਬੱਚਿਆਂ ਨੂੰ ਰਚਨਾਤਮਕਤਾ, ਕਹਾਣੀਆਂ ਅਤੇ ਅਨੁਭਵ-ਅਧਾਰਿਤ ਗਤੀਵਿਧੀਆਂ ਰਾਹੀਂ ਸਿੱਖਣ ਦੇ ਮੌਕੇ ਪ੍ਰਦਾਨ ਕਰਦੀ ਹੈ, ਜਦਕਿ ਮਾਪਿਆਂ ਅਤੇ ਬੱਚਿਆਂ ਨੂੰ ਇਕੱਠੇ ਗੁਣਵੱਤਾ ਭਰਿਆ ਸਮਾਂ ਬਿਤਾਉਣ ਲਈ ਵੀ ਉਤਸ਼ਾਹਿਤ ਕਰਦੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਨਵੇਂ ਸਿੱਖਿਆ ਮਾਡਲ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਸ. ਸੰਧਵਾਂ ਨੇ ਕਿਹਾ ਕਿ ਦੋ ਤੋਂ ਪੰਜ ਸਾਲ ਦੀ ਉਮਰ ਦੇ ਬੱਚਿਆਂ ਲਈ ਸ਼ੁਰੂ ਕੀਤਾ ਗਿਆ ਇਹ ਮੋਂਟੇਸਰੀ ਸਕੂਲ ਉਨ੍ਹਾਂ ਦੇ ਸਰਵਪੱਖੀ ਵਿਕਾਸ ਅਤੇ ਸਹੀ ਪਰਵਰਿਸ਼ ਲਈ ਇੱਕ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਦੱਸਿਆ ਕਿ ਬਹੁਤ ਹੀ ਥੋੜ੍ਹੇ ਸਮੇਂ ਵਿੱਚ ਲਗਭਗ 35 ਬੱਚਿਆਂ ਦਾ ਦਾਖਲਾ ਹੋਣਾ ਇਸ ਸੰਕਲਪ ਦੀ ਲੋਕਪ੍ਰਿਯਤਾ ਅਤੇ ਸਫ਼ਲਤਾ ਦਾ ਪ੍ਰਮਾਣ ਹੈ।

ਉਨ੍ਹਾਂ ਕਿਹਾ ਕਿ ਇੱਥੇ ਬੱਚਿਆਂ ਨੂੰ ਮੋਬਾਈਲ ਫੋਨ ਅਤੇ ਟੈਲੀਵਿਜ਼ਨ ਦੀਆਂ ਸਕ੍ਰੀਨਾਂ ਤੋਂ ਦੂਰ ਰੱਖਦਿਆਂ ਇੱਕ ਅਜਿਹਾ ਮਾਹੌਲ ਦਿੱਤਾ ਜਾਂਦਾ ਹੈ, ਜਿੱਥੇ ਉਹ ਖੁਦਮੁਖਤਿਆਰੀ, ਆਤਮ-ਵਿਸ਼ਵਾਸ, ਟੀਮ ਵਰਕ, ਰਚਨਾਤਮਕ ਸੋਚ ਅਤੇ ਜੀਵਨ ਨਾਲ ਜੁੜੇ ਹੋਰ ਮਹੱਤਵਪੂਰਨ ਹੁਨਰ ਕੁਦਰਤੀ ਢੰਗ ਨਾਲ ਸਿੱਖਦੇ ਹਨ।

ਇਸ ਦੌਰਾਨ ਸਟੋਰੀਲਾਈਨ ਦੀ ਪ੍ਰਬੰਧਕੀ ਟੀਮ ਨੇ ਆਪਣੇ ਵਿਜ਼ਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਉਨ੍ਹਾਂ ਦਾ ਉਦੇਸ਼ ਅਜਿਹਾ ਪਾਲਣ-ਪੋਸ਼ਣ ਵਾਲਾ ਮਾਹੌਲ ਤਿਆਰ ਕਰਨਾ ਹੈ, ਜਿੱਥੇ ਬੱਚੇ ਸਿੱਖਣ, ਖੋਜ ਕਰਨ ਅਤੇ ਵਿਕਾਸ ਕਰਨ ਦੇ ਨਾਲ-ਨਾਲ ਪਰਿਵਾਰ ਵੀ ਇਕੱਠੇ ਗੁਣਵੱਤਾ ਭਰਿਆ ਸਮਾਂ ਬਿਤਾ ਸਕਣ। ਪ੍ਰਬੰਧਕਾਂ ਨੇ ਸ. ਸੰਧਵਾਂ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਸੰਸਥਾ ਲਈ ਪ੍ਰੇਰਨਾਦਾਇਕ ਹੈ। ਉਨ੍ਹਾਂ ਪੰਜਾਬ ਦੇ ਬੱਚਿਆਂ ਅਤੇ ਪਰਿਵਾਰਾਂ ਨੂੰ ਉੱਚ ਪੱਧਰੀ ਸ਼ੁਰੂਆਤੀ ਸਿੱਖਿਆ ਅਤੇ ਬਿਹਤਰ ਤਜਰਬੇ ਮੁਹੱਈਆ ਕਰਵਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ।

# ਭਾਜਪਾ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਮਸਤੂਆਣਾ ਸਾਹਿਬ ਵਿਖੇ ਟੇਕਿਆ ਮੱਥਾ, ਸੰਗਤਾਂ ਵੱਲੋਂ ਨਿੱਘਾ ਸਵਾਗਤ



**ਸੰਗਰੂਰ, 28 ਜੁਲਾਈ**
**-ਜਗਦੇਵ ਰੰਚਨਾਂ-**

ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਅੱਜ ਸੰਗਰੂਰ ਦੇ ਪ੍ਰਸਿੱਧ ਧਾਰਮਿਕ ਅਸਥਾਨ ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਗੁਰੂ ਘਰ ਵਿੱਚ ਮੱਥਾ ਟੇਕ ਕੇ ਸਰਬੱਤ ਦੇ ਭਲੇ, ਪੰਜਾਬ ਦੀ ਖੁਸ਼ਹਾਲੀ ਅਤੇ ਸ਼ਾਂਤੀ ਲਈ ਅਰਦਾਸ ਕੀਤੀ। ਇਸ ਮੌਕੇ ਗੁਰਦੁਆਰਾ ਪ੍ਰਬੰਧਕਾਂ, ਭਾਜਪਾ ਦੇ ਸਥਾਨਕ ਆਗੂਆਂ ਅਤੇ ਵਰਕਰਾਂ ਵੱਲੋਂ ਕੇਵਲ ਸਿੰਘ ਢਿੱਲੋਂ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਅਤੇ ਸਿਰੋਪਾਓ ਨਾਲ ਸਨਮਾਨ ਕੀਤਾ ਗਿਆ। ਸੰਗਤਾਂ ਨੇ ਵੀ ਉਨ੍ਹਾਂ ਦਾ ਨਿੱਘਾ ਅਤੇ ਭਰਵਾਂ ਸਵਾਗਤ ਕੀਤਾ। ਦੌਰੇ ਦੌਰਾਨ ਕੇਵਲ ਸਿੰਘ ਢਿੱਲੋਂ ਨੇ ਹਾਜ਼ਰ ਸੰਗਤਾਂ ਅਤੇ ਪਾਰਟੀ ਵਰਕਰਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨਾਲ ਵਿਚਾਰ ਸਾਂਝੇ ਕੀਤੇ। ਇਸ ਮੌਕੇ ਵੱਡੀ ਗਿਣਤੀ ਵਿੱਚ ਭਾਜਪਾ ਆਗੂ, ਵਰਕਰ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਰਹੀਆਂ।

ਮਸਤੂਆਣਾ ਸਾਹਿਬ ਵਿਖੇ ਹੋਏ ਇਸ ਦੌਰੇ ਦੌਰਾਨ ਭਾਜਪਾ ਵਰਕਰਾਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਸਮਾਗਮ ਸ਼ਰਧਾ ਅਤੇ ਸਾਦਗੀ ਭਰੇ ਮਾਹੌਲ ਵਿੱਚ ਸੰਪੰਨ ਹੋਇਆ।

# ਸਵਰਗੀ ਸ੍ਰੀ ਪ੍ਰਲਾਦ ਸਿੰਘ ਚੌਹਾਨ ਸ਼ਰਧਾਂਜਲੀ ਸਭਾ ਅਤੇ ਭੋਗ 31 ਨੂੰ

**ਪਟਿਆਲਾ, 29 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰੰਗ ਮੰਚ ਅਤੇ ਨ੍ਰਿਤ ਦੇ ਖੇਤਰ ਵਿੱਚ ਨਾਮਣਾ ਖੱਟਣ ਵਾਲੇ ਪ੍ਰਸਿੱਧ ਕਲਾਕਾਰ ਸੁਨੀਲ ਚੌਹਾਨ ਦੇ ਪਿਤਾ ਸਵਰਗੀ ਸ੍ਰੀ ਪ੍ਰਲਾਦ ਚੌਹਾਨ ਦੀ ਮਿੱਠੀ ਯਾਦ ਵਿੱਚ ਸ਼ਰਧਾਂਜਲੀ ਸਭਾ ਅਤੇ ਭੋਗ 31 ਜੁਲਾਈ ਦਿਨ ਸ਼ੁਕਰਵਾਰ ਨੂੰ ਦੁਪਹਿਰ 1 ਵਜੇ ਤੋਂ 2 ਵਜੇ ਤੱਕ ਉੱਤਰਾਂਚਲੀ ਧਰਮਸ਼ਾਲਾ, ਆਦਰਸ਼ ਨਗਰ ਕਲੋਨੀ, ਥਾਪਰ ਕਾਲਜ ਦੇ ਨੇੜੇ ਸੰਪੰਨ ਹੋਵੇਗਾ। ਚੌਹਾਨ ਪਰਿਵਾਰ ਵੱਲੋਂ ਉਹਨਾਂ ਦੀ ਯਾਦ ਵਿੱਚ ਰੱਖੇ ਗਏ ਸ਼ਰਧਾਂਜਲੀ ਸਭਾ ਅਤੇ ਭੋਗ ਵਿੱਚ ਸ਼ਾਮਿਲ ਹੋਣ ਦੇ ਲਈ ਆਪਣੇ ਨਜ਼ਦੀਕੀ ਰਿਸ਼ਤੇਦਾਰ ਅਤੇ ਮਿੱਤਰਾ, ਦੋਸਤਾਂ ਨੂੰ ਬੇਨਤੀ ਕੀਤੀ ਗਈ ਹੈ ਕਿ ਸਾਰੇ ਉਹ ਸ਼ਾਮਿਲ ਹੋ ਕੇ ਸਵਰਗੀ ਸ੍ਰੀ ਪ੍ਰਹਲਾਦ ਸਿੰਘ ਚੌਹਾਨ ਨੂੰ ਸ਼ਰਧਾਂਜਲੀ ਭੇਟ ਕਰਨ ਅਤੇ ਚੌਹਾਨ ਪਰਿਵਾਰ ਨੂੰ ਆਪਣੀਆਂ ਸੰਵੇਦਨਾਵਾਂ ਪ੍ਰਗਟ ਕਰਨ।

# ਰੋਟਰੀ ਕਲੱਬ ਮੋਰਿੰਡਾ ਵੱਲੋਂ ਵਣ ਮਹਾ ਉਤਸਵ ਮਨਾਇਆ ਗਿਆ

**ਮੋਰਿੰਡਾ, 29 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**




ਰੋਟਰੀ ਕਲੱਬ ਮੋਰਿੰਡਾ ਵਲੋਂ ਮਾਤਾ ਪ੍ਰਸਿੰਨੀ ਦੇਵੀ ਸਕੂਲ ਵਿਖ਼ੇ ਵਣ ਮਹਾਂ ਉਤਸਵ ਮਨਾਇਆ ਗਿਆ। ਐਸ ਸਬੰਧੀ ਜਾਣਕਾਰੀ ਦਿੰਦਿਆਂ ਡਾਕਟਰ ਨਿਰਮਲ ਕੁਮਾਰ ਧੀਮਾਨ ਨੇ. ਦੱਸਿਆ ਕਿ ਐਸ ਸਮੇਂ ਫ਼ਲਦਾਰ ਅਤੇ ਛਾਂਦਾਰ ਬੂਟੇ ਲਗਾਏ ਗਏ.। ਕਲੱਬ ਵਲੋਂ 250 ਬੂਟੇ ਲਗਾਉਣ ਦਾ ਟੀਚਾ ਮਿਥਿਆਂ ਗਿਆ। ਇਸ ਮੌਕੇ ਕਰਨਲ ਮਲਕੀਤ ਸਿੰਘ ਵਲੋਂ ਹਰ ਇੱਕ ਮਨੁੱਖ ਨੂੰ ਇੱਕ ਬੂਟਾ ਲਗਾਉਣ ਅਤੇ ਉਸ ਦੀ ਸਾਂਭ ਸੰਭਾਲ ਕਰਨ ਦੀ ਜਿੰਮੇਵਾਰੀ ਲੈਣ ਦੀ ਪ੍ਰੇਰਨਾ ਦਿੱਤੀ ਗਈ ਤਾਂ ਜੋ ਵਾਤਾਵਰਨ ਸ਼ੁੱਧ ਹੋ ਸਕੇ, ਪੰਛੀਆਂ ਲਈ ਰੈਣ ਬਸੇਰੇ ਬਣ ਸਕਣ ਅਤੇ ਆਲਮੀ ਤਪਸ਼ ਘਟ ਸਕੇ।ਇਸ ਮੌਕੇ ਸਕੂਲ ਦੇ ਮੈਨੇਜਰ ਰਮਨ ਕੌਲ, ਪ੍ਰਧਾਨ ਧਰਮਵੀਰ ਸੈਣੀ, ਪ੍ਰਿੰਸੀਪਲ ਪੁਨੀਤ ਧੀਮਾਨ, ਰੋਟਰੀ ਕਲੱਬ ਦੇ ਪ੍ਰਧਾਨ ਰਜਨੀਸ਼ ਭਾਟੀਆ, ਸਕੱਤਰ ਮਨਜੀਤ ਭਾਟੀਆ, ਅਵਤਾਰ ਸਿੰਘ ਅਤੇ ਦਵਿੰਦਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਡਾ ਨਿਰਮਲ ਕੁਮਾਰ ਧੀਮਾਨ ਨੇ ਦੱਸਿਆ ਅਗਲੇ ਪੜ੍ਹਾਅ ਵਿੱਚ ਆਰਮੀ ਗਰਾਉਂਡ ਮੋਰਿੰਡਾ ਵਿਖ਼ੇ ਬੂਟੇ ਲਗਾਏ ਜਾਣਗੇ।

# ਜਸਵੰਤ ਸਿੰਘ ਖਾਲੜਾ ਦੇ ਕਾਤਲ ਅਜੇ ਵੀ ਆਜ਼ਾਦ: ਪਰਮਜੀਤ ਕੌਰ ਖਾਲੜਾ ਨੇ 'ਆਪ' ਸਰਕਾਰ 'ਤੇ ਚੁੱਕੇ ਸਵਾਲ

## ਸਾਬਕਾ ਡੀਐੱਸਪੀ ਜਸਪਾਲ ਸਿੰਘ ਤੇ ਹੋਰ ਪੁਲਿਸ ਮੁਲਾਜ਼ਮਾਂ ਦੀ ਰਿਹਾਈ 'ਤੇ ਸਿਆਸਤ ਗਰਮਾਈ

**ਚੰਡੀਗੜ੍ਹ, 29 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਮਨੁੱਖੀ ਅਧਿਕਾਰ ਕਾਰਕੁੰਨ ਜਸਵੰਤ ਸਿੰਘ ਖਾਲੜਾ ਦੀ ਪਤਨੀ ਪਰਮਜੀਤ ਕੌਰ ਖਾਲੜਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਸਾਬਕਾ ਡੀ.ਐੱਸ.ਪੀ. ਜਸਪਾਲ ਸਿੰਘ ਅਤੇ ਸਬ-ਇੰਸਪੈਕਟਰਾਂ ਸਤਨਾਮ ਸਿੰਘ ਤੇ ਜਸਬੀਰ ਸਿੰਘ ਦੀ ਮੌਜੂਦਗੀ ਬਾਰੇ ਸਵਾਲ ਪੁੱਛ ਕੇ ਆਮ ਆਦਮੀ ਪਾਰਟੀ ਸਰਕਾਰ ਨੂੰ ਘੇਰੇ ਵਿੱਚ ਲਿਆ ਹੈ। ਇਹ ਪੁਲੀਸ ਅਧਿਕਾਰੀ ਖਾਲੜਾ ਦੇ ਅਗਵਾ ਅਤੇ ਕਸਟਡੀ ਵਿੱਚ ਹੋਏ ਕਤਲ ਦੇ ਦੋਸ਼ੀ ਹਨ।

ਫ਼ਿਲਮ 'ਸਤਲੁਜ' ਨਾਲ ਜੁੜੇ ਵਿਵਾਦ ਦਰਮਿਆਨ ਖਾਲੜਾ ਕਤਲ ਕੇਸ ਦੇ ਦੋਸ਼ੀਆਂ 'ਤੇ ਇੱਕ ਵਾਰ ਫਿਰ ਚਰਚਾ ਛਿੜ ਗਈ ਹੈ। ਜਿੱਥੇ 26 ਮਈ 2023 ਨੂੰ ਨਾਭਾ ਓਪਨ ਏਅਰ ਜੇਲ੍ਹ ਤੋਂ ਰਿਹਾਅ ਹੋਏ ਸਾਬਕਾ ਡੀ.ਐੱਸ.ਪੀ. ਜਸਪਾਲ ਸਿੰਘ ਦੇ ਥਾਂ-ਪਤੇ ਬਾਰੇ ਅਜੇ ਵੀ ਕੋਈ ਜਾਣਕਾਰੀ ਨਹੀਂ ਹੈ, ਉੱਥੇ ਹੀ ਸੂਬਾ ਸਰਕਾਰ ਦਾ ਦਾਅਵਾ ਹੈ ਕਿ ਭਗਵੰਤ ਮਾਨ ਸਰਕਾਰ ਨੇ ਇਸ ਕੇਸ ਦੇ ਦੋਸ਼ੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਨਾਲ ਜੁੜੀ ਕਿਸੇ ਫਾਈਲ 'ਤੇ ਦਸਤਖ਼ਤ ਨਹੀਂ ਕੀਤੇ ਹਨ।

ਜ਼ਿਕਰਯੋਗ ਹੈ ਕਿ ਸਾਬਕਾ ਡੀ.ਐੱਸ.ਪੀ. ਜਸਪਾਲ ਸਿੰਘ ਅਤੇ ਹੋਰ ਪੁਲੀਸ ਵਾਲਿਆਂ ਨੂੰ 2005 ਵਿੱਚ ਸੀ.ਬੀ.ਆਈ. (329) ਅਦਾਲਤ ਨੇ ਦੋਸ਼ੀ ਠਹਿਰਾਉਂਦਿਆਂ ਉਮਰ ਕੈਦ ਦੀ ਸਜ਼ਾ ਸੁਣਾਈ ਸੀ, ਜਿਸ ਨੂੰ 2007 ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ 2011 ਵਿੱਚ ਸੁਪਰੀਮ ਕੋਰਟ ਨੇ ਵੀ ਬਰਕਰਾਰ ਰੱਖਿਆ ਸੀ। ਉਹ ਮਈ 2023 ਵਿੱਚ ਅੰਤਰਿਮ ਜ਼ਮਾਨਤ 'ਤੇ ਬਾਹਰ ਆਇਆ ਸੀ। ਇਸ ਕੇਸ ਵਿੱਚ ਦੋਸ਼ੀ ਠਹਿਰਾਏ ਗਏ 8 ਪੁਲੀਸ ਮੁਲਾਜ਼ਮਾਂ ਵਿੱਚੋਂ ਚਾਰ ਦੀ ਮੌਤ ਹੋ ਚੁੱਕੀ ਹੈ, ਤਿੰਨ ਜ਼ਮਾਨਤ/ਪੈਰੋਲ 'ਤੇ ਬਾਹਰ ਹਨ ਅਤੇ ਇੱਕ ਅਜੇ ਵੀ ਜੇਲ੍ਹ ਵਿੱਚ ਹੈ।

ਇਸ ਮਾਮਲੇ 'ਤੇ 'ਆਪ' ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸਪੱਸ਼ਟੀਕਰਨ ਦਿੰਦਿਆਂ ਕਿਹਾ, ਇਸ ਕੇਸ ਵਿੱਚ 8 ਦੋਸ਼ੀ ਸਨ, ਜਿਨ੍ਹਾਂ ਵਿੱਚੋਂ 4 ਦੀ ਮੌਤ ਹੋ ਚੁੱਕੀ ਹੈ। ਬਚੇ ਹੋਏ ਦੋਸ਼ੀਆਂ ਵਿੱਚ ਜਸਪਾਲ ਸਿੰਘ, ਸਤਨਾਮ ਸਿੰਘ, ਸੁਰਿੰਦਰ ਸਿੰਘ ਅਤੇ ਜਸਬੀਰ ਸਿੰਘ ਸ਼ਾਮਲ ਹਨ। ਇਨ੍ਹਾਂ ਵਿੱਚੋਂ ਜਸਪਾਲ ਸਿੰਘ ਸਭ ਤੋਂ ਸੀਨੀਅਰ ਸੀ। ਉਨ੍ਹਾਂ ਦੱਸਿਆ ਕਿ ਇਸ ਵੇਲੇ ਜਸਪਾਲ ਸਿੰਘ, ਸਤਨਾਮ ਸਿੰਘ ਅਤੇ ਜਸਬੀਰ ਸਿੰਘ ਜ਼ਮਾਨਤ/ਪੈਰੋਲ 'ਤੇ ਹਨ, ਜਦੋਂਕਿ ਸੁਰਿੰਦਰ ਸਿੰਘ ਅਜੇ ਵੀ ਹਿਰਾਸਤ 'ਚ ਹੈ।

ਪੰਨੂ ਨੇ ਆਰਟੀਕਲ ਅਤੇ ਕਾਨੂੰਨੀ ਨਿਯਮਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਹ ਮਾਮਲਾ ਸੀ.ਬੀ.ਆਈ. ਵੱਲੋਂ ਇਨਵੈਸਟੀਗੇਟ ਕੀਤਾ ਗਿਆ ਸੀ। BNSS, 2023 ਦੀ ਧਾਰਾ 477 (ਜੋ ਪਹਿਲਾਂ CrPC ਦੀ ਧਾਰਾ 435 ਸੀ) ਤਹਿਤ ਸੀ.ਬੀ.ਆਈ. ਕੇਸਾਂ ਵਿੱਚ ਦੋਸ਼ੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਦਾ ਅਧਿਕਾਰ ਸੂਬਾ ਸਰਕਾਰ ਕੋਲ ਨਹੀਂ, ਸਗੋਂ ਕੇਂਦਰੀ ਗ੍ਰਹਿ ਮੰਤਰਾਲੇ ($81) ਕੋਲ ਹੁੰਦਾ ਹੈ। ਜਸਪਾਲ ਸਿੰਘ ਨੇ 2017 ਵਿੱਚ ਰਿਹਾਈ ਲਈ ਅਰਜ਼ੀ ਦਿੱਤੀ ਸੀ ਜਿਸ ਨੂੰ ਕੇਂਦਰ ਅਤੇ ਬਾਅਦ ਵਿੱਚ 2018 ਵਿੱਚ ਰਾਜਪਾਲ ਨੇ ਰੱਦ ਕਰ ਦਿੱਤਾ ਸੀ।

ਉਨ੍ਹਾਂ ਅੱਗੇ ਦੱਸਿਆ ਕਿ 2019 ਵਿੱਚ ਕਾਂਗਰਸ ਸਰਕਾਰ ਵੇਲੇ ਵੀ ਇਹ ਮਾਮਲਾ ਕੇਂਦਰ ਨੂੰ ਭੇਜਿਆ ਗਿਆ ਸੀ। ਬਾਕੀ ਦੋਸ਼ੀਆਂ ਦੀਆਂ ਅਰਜ਼ੀਆਂ ਨੂੰ ਵੀ ਕੇਂਦਰੀ ਗ੍ਰਹਿ ਮੰਤਰਾਲੇ ਨੇ ਮਾਰਚ 2023 ਵਿੱਚ ਰੱਦ ਕਰ ਦਿੱਤਾ ਸੀ। ਅਕਤੂਬਰ 2023 ਵਿੱਚ ਮਾਮਲਾ ਮੁੜ ਕੇਂਦਰ ਨੂੰ ਭੇਜਿਆ ਗਿਆ ਸੀ, ਪਰ ਉਸ ਤੋਂ ਬਾਅਦ ਕੇਂਦਰੀ ਮੰਤਰਾਲੇ ਵੱਲੋਂ ਪੰਜਾਬ ਸਰਕਾਰ ਨੂੰ ਕੋਈ ਪ੍ਰਸਤਾਵ ਜਾਂ ਅਰਜ਼ੀ ਵਾਪਸ ਨਹੀਂ ਭੇਜੀ ਗਈ।



# ਹਰਿਆਣਾ ਖ਼ਬਰਨਾਮਾ



## ਮੈਨਪਾਵਰ ਦੀ ਘਾਟ ਕਾਰਨ ਸਰਕਾਰੀ ਕੰਮਾਂ ਵਿੱਚ ਦੇਰੀ ਸਵੀਕਾਰਯੋਗ ਨਹੀਂ : ਮੁੱਖ ਮੰਤਰੀ



**ਚੰਡੀਗੜ੍ਹ, 28 ਜੁਲਾਈ**
**-ਸੰਜੀਵ ਸਿੰਗਲਾ-**

ਹਰਿਆਣਾ ਸਰਕਾਰ ਨੇ ਸਰਕਾਰੀ ਯੋਜਨਾਵਾਂ, ਪ੍ਰੋਜੈਕਟਾਂ ਅਤੇ ਹੋਰ ਵਿਭਾਗੀ ਕੰਮਾਂ ਨੂੰ ਸਮੇਂ ਸਿਰ ਅਮਲ ਯਕੀਨੀ ਬਣਾਉਣ ਲਈ ਸਾਰੇ ਵਿਭਾਗਾਂ ਨੂੰ ਉਪਲਬਧ ਮਨੁੱਖੀ ਵਸੀਲਿਆਂ (ਮਨੁੱਖੀ ਸ਼ਕਤੀ) ਦੀ ਸੁਚੱਜੀ ਵਰਤੋਂ ਕਰਨ ਦੇ ਨਿਰਦੇਸ਼ ਦਿੱਤੇ ਹਨ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਹੁਣੇ ਹੀ ਹੋਈ ਇੱਕ ਸਮੀਖਿਆ ਮੀਟਿੰਗ ਵਿੱਚ ਕੁਝ ਵਿਭਾਗਾਂ ਵੱਲੋਂ ਕੰਮਾਂ ਵਿੱਚ ਦੇਰੀ ਦਾ ਕਾਰਨ ਮੈਨਪਾਵਰ ਦੀ ਘਾਟ ਦੱਸੇ ਜਾਣ ਉੱਤੇ ਗੰਭੀਰ ਚਿੰਤਾ ਪ੍ਰਗਟਾਈ ਗਈ ਸੀ।

ਇਸ ਤੋਂ ਬਾਅਦ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਇਸ ਸਬੰਧ ਵਿੱਚ ਸਾਰੇ ਪ੍ਰਸ਼ਾਸਕੀ ਸਕੱਤਰਾਂ, ਵਿਭਾਗ ਮੁਖੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਵਿਸਥਾਰਤ ਨਿਰਦੇਸ਼ ਜਾਰੀ ਕੀਤੇ ਹਨ।

ਮੁੱਖ ਸਕੱਤਰ ਨੇ ਕਿਹਾ ਕਿ ਸਭ ਵਿਭਾਗ ਮਨੁੱਖੀ ਵਸੀਲਿਆਂ ਨਾਲ ਜੁੜੀਆਂ ਸਮੱਸਿਆਵਾਂ ਦਾ ਸਮਾਂ ਰਹਿੰਦਿਆਂ ਹੱਲ ਯਕੀਨੀ ਬਣਾਉਣ ਤਾਂ ਜੋ ਸਰਕਾਰ ਦੀਆਂ ਯੋਜਨਾਵਾਂ, ਵਿਕਾਸ ਪ੍ਰੋਜੈਕਟਾਂ ਅਤੇ ਹੋਰ ਸੌਂਪੇ ਗਏ ਕੰਮਾਂ ਦੇ ਅਮਲ ਉੱਤੇ ਮਾੜਾ ਪ੍ਰਭਾਵ ਨਾ ਪਵੇ। ਨਿਰਦੇਸ਼ਾਂ ਵਿੱਚ ਸਾਰੇ ਵਿਭਾਗ ਮੁਖੀਆਂ ਨੂੰ ਕਿਹਾ ਗਿਆ ਹੈ ਕਿ ਉਹ ਆਪਣੇ ਵਿਭਾਗ ਅਤੇ ਅਧੀਨ ਦਫ਼ਤਰਾਂ ਤੇ ਸੰਸਥਾਵਾਂ ਵਿੱਚ ਉਪਲਬਧ ਮਨੁੱਖੀ ਵਸੀਲਿਆਂ ਦੀ ਨਿੱਜੀ ਪੱਧਰ ਉੱਤੇ ਸਮੀਖਿਆ ਕਰਨ ਅਤੇ ਇਸ ਦੀ ਸਰਵੋਤਮ ਅਤੇ ਪ੍ਰਭਾਵਸ਼ਾਲੀ ਵਰਤੋਂ ਯਕੀਨੀ ਬਣਾਉਣ। ਜਿੱਥੇ ਕਿਤੇ ਵੀ ਕਰਮਚਾਰੀਆਂ ਦੀ ਘਾਟ ਪਾਈ ਜਾਂਦੀ ਹੈ, ਉੱਥੇ ਪ੍ਰਚਲਿਤ ਸਰਕਾਰੀ ਨੀਤੀਆਂ ਦੇ ਮੁਤਾਬਕ ਉਪਲਬਧ ਸਾਰੇ ਬਦਲਾਂ ਦੀ ਵਰਤੋਂ ਕਰਦਿਆਂ ਲੋੜੀਂਦੇ ਕਦਮ ਚੁੱਕੇ ਜਾਣ। ਇਨ੍ਹਾਂ ਵਿੱਚ ਕਰਮਚਾਰੀਆਂ ਦੀ ਤਰਕਸੰਗਤ ਮੁੜ ਤਾਇਨਾਤੀ (ਰੈਸ਼ਨਲ ਰਿਡਪਲਾਇਮੈਂਟ), ਪ੍ਰਵਾਨਿਤ ਮਾਧਿਅਮਾਂ ਰਾਹੀਂ ਲੋੜੀਂਦੇ ਅਮਲੇ ਦੀ ਨਿਯੁਕਤੀ ਅਤੇ ਲੋੜ ਅਨੁਸਾਰ ਨਿਯਮਤ ਭਰਤੀ ਦੀ ਪ੍ਰਕਿਰਿਆ ਸ਼ਾਮਲ ਹੈ।

ਮੁੱਖ ਸਕੱਤਰ ਨੇ ਸਪੱਸ਼ਟ ਕੀਤਾ ਹੈ ਕਿ ਭਵਿੱਖ ਵਿੱਚ ਕਿਸੇ ਵੀ ਸਰਕਾਰੀ ਕੰਮ, ਪ੍ਰੋਜੈਕਟ ਜਾਂ ਵਿਭਾਗੀ ਜ਼ਿੰਮੇਵਾਰੀ ਨੂੰ ਨਿਭਾਉਣ ਵਿੱਚ ਦੇਰੀ ਲਈ ਮੈਨਪਾਵਰ ਦੀ ਘਾਟ ਨੂੰ ਕਾਰਨ ਵਜੋਂ ਸਵੀਕਾਰ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਰ ਵਿਭਾਗ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੀਆਂ ਮਨੁੱਖੀ ਵਸੀਲਿਆਂ ਦੀਆਂ ਲੋੜਾਂ ਦਾ ਸਮਾਂ ਰਹਿੰਦਿਆਂ ਮੁਲਾਂਕਣ ਕਰੇ, ਉਪਲਬਧ ਪ੍ਰਬੰਧਾਂ ਰਾਹੀਂ ਕਾਫ਼ੀ ਕਰਮਚਾਰੀਆਂ ਦੀ ਤਾਇਨਾਤੀ ਯਕੀਨੀ ਬਣਾਵੇ ਅਤੇ ਸਭ ਸਰਕਾਰੀ ਪ੍ਰੋਗਰਾਮਾਂ ਅਤੇ ਪ੍ਰੋਜੈਕਟਾਂ ਨੂੰ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਪੂਰਾ ਕੀਤਾ ਜਾਵੇ।

ਉਨ੍ਹਾਂ ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਮਨੁੱਖੀ ਵਸੀਲਿਆਂ ਨਾਲ ਜੁੜੀਆਂ ਰੁਕਾਵਟਾਂ ਨੂੰ ਦੂਰ ਕਰਨ ਲਈ ਤੁਰੰਤ ਲੋੜੀਂਦੀ ਕਾਰਵਾਈ ਕੀਤੀ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਕਰਮਚਾਰੀਆਂ ਦੀ ਘਾਟ ਕਾਰਨ ਕਿਸੇ ਵੀ ਵਿਕਾਸ ਕਾਰਜ, ਸਰਕਾਰੀ ਯੋਜਨਾ ਜਾਂ ਵਿਭਾਗੀ ਜ਼ਿੰਮੇਵਾਰੀ ਨੂੰ ਨਿਭਾਉਣ ਵਿੱਚ ਕੋਈ ਅੜਿੱਕਾ ਪੈਦਾ ਨਾ ਹੋਵੇ।

ਮੁੱਖ ਸਕੱਤਰ ਨੇ ਸਭ ਸਬੰਧਤ ਅਧਿਕਾਰੀਆਂ ਨੂੰ ਇਸ ਨੂੰ ਬਹੁਤ ਮਹੱਤਵਪੂਰਨ ਮੰਨਦਿਆਂ ਸਰਵਉੱਚ ਤਰਜੀਹ ਉੱਤੇ ਕਾਰਵਾਈ ਕਰਨ ਅਤੇ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਸਾਰੇ ਕੰਮਾਂ ਦਾ ਪ੍ਰਭਾਵਸ਼ਾਲੀ ਅਮਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ।

## ਚੰਡੀਗੜ੍ਹ ਵਿੱਚ ਮੇਰਾ ਯੁਵਾ ਭਾਰਤ ਦੇ ਵਲੰਟੀਅਰਾਂ ਨੇ ਵਿਕਸਿਤ ਵਾਇਬ੍ਰੈਂਟ ਵਿਲੇਜ ਪ੍ਰੋਗਰਾਮ 'ਤੇ ਪ੍ਰਧਾਨ ਮੰਤਰੀ ਦੇ ਵਰਚੁਅਲ ਇੰਟਰੈਕਸ਼ਨ ਵਿੱਚ ਹਿੱਸਾ ਲਿਆ

**ਚੰਡੀਗੜ੍ਹ, 28 ਜੁਲਾਈ**
**-ਹਰਮਨਪ੍ਰੀਤ ਕੌਰ-**

ਚੰਡੀਗੜ੍ਹ ਦੇ ਲਗਭਗ 30 ਮੇਰਾ ਯੁਵਾ ਭਾਰਤ ਵਲੰਟੀਅਰਾਂ ਅਤੇ ਯੁਵਾ ਪ੍ਰਤੀਭਾਗੀਆਂ ਨੇ ਅੱਜ ਡਿਪਟੀ ਕਮਿਸ਼ਨਰ ਦਫ਼ਤਰ, ਚੰਡੀਗੜ੍ਹ ਦੇ ਕਮੇਟੀ ਰੂਮ ਤੋਂ ਵਿਕਸਿਤ ਵਾਇਬ੍ਰੈਂਟ ਵਿਲੇਜ ਪ੍ਰੋਗਰਾਮ ਦੇ ਪ੍ਰਤੀਭਾਗੀਆਂ ਨਾਲ ਆਯੋਜਿਤ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਵਰਚੁਅਲ ਇੰਟਰੈਕਸ਼ਨ ਵਿੱਚ ਹਿੱਸਾ ਲਿਆ।

ਇਹ ਇੰਟਰੈਕਸ਼ਨ ਦੇਸ਼ਵਿਆਪੀ ਪ੍ਰੋਗਰਾਮ ਦਾ ਹਿੱਸਾ ਸੀ, ਜਿਸ ਵਿੱਚ ਦੇਸ਼ ਦੇ 245 ਜ਼ਿਲ੍ਹਿਆਂ ਤੋਂ 5,000 ਤੋਂ ਅਧਿਕ ਮੇਰਾ ਯੁਵਾ ਭਾਰਤ ਵਲੰਟੀਅਰਾਂ ਨੇ ਸਹਿਭਾਗਿਤਾ ਕੀਤੀ। ਇਸ ਅਵਸਰ 'ਤੇ ਪ੍ਰਧਾਨ ਮੰਤਰੀ ਨੇ ਸੀਮਾਵਰਤੀ ਪਿੰਡਾਂ ਦੇ ਵਿਕਾਸ ਲਈ ਪ੍ਰਤੀਭਾਗੀਆਂ ਦੁਆਰਾ ਕੀਤੇ ਜਾ ਰਹੇ ਪ੍ਰਯਾਸਾਂ ਦੀ ਸ਼ਲਾਘਾ ਕਰਦੇ ਹੋਏ ਇੱਕ ਸਸ਼ਕਤ, ਆਤਮਨਿਰਭਰ ਅਤੇ ਸਮਾਵੇਸ਼ੀ ਭਾਰਤ ਦੇ ਨਿਰਮਾਣ ਦੇ ਪ੍ਰਤੀ ਸਰਕਾਰ ਦੀ ਪ੍ਰਤੀਬੱਧਤਾ ਦੁਹਰਾਈ।

ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਵਿਕਸਿਤ ਵਾਇਬ੍ਰੈਂਟ ਵਿਲੇਜ ਪ੍ਰੋਗਰਾਮ ਦੇ ਤਹਿਤ ਸੀਮਾਵਰਤੀ ਪਿੰਡਾਂ ਦੇ ਸੰਪੂਰਨ ਵਿਕਾਸ ਲਈ ਕੀਤੇ ਜਾ ਰਹੇ ਪਰਿਵਰਤਨਕਾਰੀ ਕਾਰਜਾਂ 'ਤੇ ਪ੍ਰਕਾਸ਼ ਪਾਇਆ। ਉਨ੍ਹਾਂ ਨੇ ਵਿਕਸਿਤ ਭਾਰਤ 02047 ਦੇ ਲਕਸ਼ ਨੂੰ ਸਾਕਾਰ ਕਰਨ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਬਲ ਦਿੰਦੇ ਹੋਏ ਉਨ੍ਹਾਂ ਨੂੰ ਇਨੋਵੇਸ਼ਨਸ, ਸਮੁਦਾਇਕ ਸੇਵਾ ਅਤੇ ਵਿਕਾਸਾਤਮਕ ਗਤੀਵਿਧੀਆਂ ਦੇ ਜ਼ਰੀਏ ਰਾਸ਼ਟਰ ਨਿਰਮਾਣ ਵਿੱਚ ਸਰਗਰਮ ਯੋਗਦਾਨ ਦੇਣ ਦਾ ਸੱਦਾ ਦਿੱਤਾ।

ਚੰਡੀਗੜ੍ਹ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਸ਼੍ਰੀ ਅਮਨਦੀਪ ਸਿੰਘ ਭੱਟੀ, ਪੀਸੀਐੱਸ, ਐਡੀਸ਼ਨਲ ਡਿਪਟੀ ਕਮਿਸ਼ਨਰ, ਚੰਡੀਗੜ੍ਹ; ਸ਼੍ਰੀ ਸ਼ਿਵਧਨ ਸ਼ਰਮਾ, ਯੂਟੀ ਡਾਇਰੈਕਟਰ, ਮੇਰਾ ਯੁਵਾ ਭਾਰਤ; ਸ਼੍ਰੀ ਵਿਨੈ ਕੁਮਾਰ, ਜ਼ਿਲ੍ਹਾ ਯੁਵਾ ਅਧਿਕਾਰੀ, ਮੇਰਾ ਯੁਵਾ ਭਾਰਤ ਚੰਡੀਗੜ੍ਹ; ਅਤੇ ਸ਼੍ਰੀ ਮਨਦੀਪ, ਜ਼ਿਲ੍ਹਾ ਸੂਚਨਾ ਅਧਿਕਾਰੀ, ਚੰਡੀਗੜ੍ਹ ਉਪਸਥਿਤ ਰਹੇ। ਸਾਰੇ ਪਤਵੰਤਿਆਂ ਨੇ ਨੌਜਵਾਨਾਂ ਨੂੰ ਸਮੁਦਾਇਕ ਵਿਕਾਸ ਅਤੇ ਜਨ ਸੇਵਾ ਨਾਲ ਜੁੜ ਕੇ ਰਾਸ਼ਟਰ ਨਿਰਮਾਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਸੰਵਾਦ ਨੇ ਪ੍ਰਤੀਭਾਗੀ ਵਲੰਟੀਅਰਾਂ ਨੂੰ ਪ੍ਰੇਰਿਤ ਕੀਤਾ ਅਤੇ ਯੁਵਾ ਲੀਡਰਸ਼ਿਪ, ਨਾਗਰਿਕ ਸਹਿਭਾਗਿਤਾ ਅਤੇ ਰਾਸ਼ਟਰ ਨਿਰਮਾਣ ਵਿੱਚ ਸਰਗਰਮ ਭਾਗੀਦਾਰੀ ਨੂੰ ਹੁਲਾਰਾ ਦੇਣ ਦੇ ਪ੍ਰਤੀ ਮੇਰਾ ਯੁਵਾ ਭਾਰਤ ਦੀ ਪ੍ਰਤੀਬੱਧਤਾ ਨੂੰ ਹੋਰ ਮਜ਼ਬੂਤ ਕੀਤਾ।

ਪ੍ਰਧਾਨ ਮੰਤਰੀ ਦੇ ਵਿਕਸਿਤ ਭਾਰਤ ਲਈ ਨਸ਼ਾ ਮੁਕਤ ਯੁਵਾ ਦੇ ਸੱਦੇ ਦੇ ਤਹਿਤ ਮੇਰਾ ਯੁਵਾ ਭਾਰਤ ਨੇ ਮੇਰਾ ਯੁਵਾ ਭਾਰਤ ਪੋਰਟਲ 'ਤੇ ਇੱਕ ਵਰਚੁਅਲ ਪ੍ਰਤਿਗਿਆ ਵੀ ਲਾਂਚ ਕੀਤੀ ਹੈ, ਤਾਕਿ ਯੁਵਾ ਅਤੇ ਨਾਗਰਿਕ ਨਸ਼ਾ ਮੁਕਤੀ ਦੇ ਰਾਸ਼ਟਰੀ ਅਭਿਯਾਨ ਨਾਲ ਜੁੜ ਸਕਣ। ਨਾਗਰਿਕ ਔਨਲਾਇਨ ਪ੍ਰਤਿਗਿਆ ਲੈ ਕੇ ਸਫ਼ਲਤਾਪੂਰਵਕ ਪੂਰਾ ਕਰਨ 'ਤੇ ਈ-ਸਰਟੀਫਿਕੇਟ ਵੀ ਡਾਊਨਲੋਡ ਕਰ ਸਕਦੇ ਹਨ।

## ਵੈੱਬਸਾਈਟ ਅਤੇ ਡੀਜੀਲਾਕਰ ਰਾਹੀਂ ਆਸਾਨੀ ਨਾਲ ਡਾਊਨਲੋਡ ਕੀਤੀ ਜਾ ਸਕਦੀ ਹੈ ਜੀ.ਪੀ.ਐੱਫ. ਸਟੇਟਮੈਂਟ

**ਚੰਡੀਗੜ੍ਹ, 29 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਦੇ ਕਰਮਚਾਰੀਆਂ ਅਤੇ ਹਰਿਆਣਾ ਕੈਡਰ ਦੇ ਆਲ ਇੰਡੀਆ ਸਰਵਿਸ (ਆਈ.ਏ.ਐਸ.) ਅਧਿਕਾਰੀਆਂ ਦੀ ਵਿੱਤੀ ਸਾਲ 2025-26 ਲਈ ਜਨਰਲ ਪ੍ਰੋਵੀਡੈਂਟ ਫੰਡ ਦੀ ਸਾਲਾਨਾ ਸਟੇਟਮੈਂਟ ਦਫ਼ਤਰ ਦੀ ਅਧਿਕਾਰਤ ਵੈੱਬਸਾਈਟ 'ਤੇ ਅੱਪਲੋਡ ਕਰ ਦਿੱਤੀ ਗਈ ਹੈ।

ਰਾਜ ਸਰਕਾਰ ਦੇ ਸਾਰੇ ਜੀ.ਪੀ.ਐੱਫ. ਗਾਹਕ ਪ੍ਰਧਾਨ ਮਹਾਲੇਖਾਕਾਰ (1×5) ਦਫ਼ਤਰ ਦੀ ਵੈੱਬਸਾਈਟ 'ਤੇ ਜਾ ਕੇ ਆਪਣੀ ਸਾਲਾਨਾ ਸਟੇਟਮੈਂਟ ਡਾਊਨਲੋਡ ਕਰ ਸਕਦੇ ਹਨ। ਇਸ ਦੇ ਲਈ ਗਾਹਕਾਂ ਨੂੰ ਆਪਣਾ ਸੀਰੀਜ਼ ਕੋਡ, ਜੀ.ਪੀ.ਐੱਫ. ਖਾਤਾ ਨੰਬਰ ਅਤੇ ਕਰਮਚਾਰੀ ਪਿਨ/ਪਾਸਵਰਡ ਦਰਜ ਕਰਨਾ ਹੋਵੇਗਾ।

ਇੱਕ ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਰਮਚਾਰੀਆਂ ਦੀ ਸਹੂਲਤ ਲਈ ਸਾਲ 2025-26 ਦੀ ਸਾਲਾਨਾ ਜੀ.ਪੀ.ਐੱਫ. ਸਟੇਟਮੈਂਟ ਡੀਜੀਲਾਕਰ 'ਤੇ ਵੀ ਉਪਲਬਧ ਕਰਵਾਈ ਗਈ ਹੈ। ਗਾਹਕ 'ਤੇ ਲੌਗ-ਇਨ ਕਰਕੇ ਹੇਠ ਲਿਖੀ ਪ੍ਰਕਿਰਿਆ ਰਾਹੀਂ ਆਪਣੀ ਸਟੇਟਮੈਂਟ ਪ੍ਰਾਪਤ ਕਰ ਸਕਦੇ ਹਨ, ਜਿਵੇਂ ਕਿ ਆਪਣੇ ਡੀਜੀਲਾਕਰ ਖਾਤੇ ਵਿੱਚ ਲੌਗ-ਇਨ ਕਰੋ ਅਤੇ ਸਰਚ ਡਾਕਿਉਮੈਂਟ ਟੈਬ 'ਤੇ ਜਾਓ, ਸਰਚ ਬਾਕਸ ਵਿੱਚ ਪ੍ਰਿੰਸੀਪਲ ਅਕਾਊਂਟੈਂਟ ਜਨਰਲ ਹਰਿਆਣਾ ਟਾਈਪ ਕਰੋ, ਪ੍ਰਾਪਤ ਨਤੀਜਿਆਂ ਵਿੱਚੋਂ ਜੀ ਪੀ ਐਫ਼ ਸਟੇਟਮੈਂਟ ਵਿਕਲਪ ਦੀ ਚੋਣ ਕਰੋ।

## ਸੂਬੇ ਵਿੱਚ ਖੁੱਲ੍ਹਣਗੇ 700 ਵੀਟਾ ਬੂਥ : ਮੁੱਖ ਮੰਤਰੀ

**➢ ਸਾਂਝੀ ਡੇਅਰੀ ਯੋਜਨਾ ਤਹਿਤ ਪੰਚਾਇਤੀ ਜ਼ਮੀਨ ਉੱਤੇ ਬਣਨਗੇ ਪਸ਼ੂ ਸ਼ੈੱਡ ➢ ਮਹਿਲਾ ਸਵੈ-ਸਹਾਇਤਾ ਸਮੂਹਾਂ ਨੂੰ 10 ਰੁਪਏ ਪ੍ਰਤੀ ਲੀਟਰ ਪ੍ਰੋਤਸਾਹਨ ➢ ਦੁੱਧ ਉਤਪਾਦਨ ਅਤੇ ਉਤਪਾਦ ਲਈ ਬਜਟ ਦੀ ਕੋਈ ਕਮੀ ਨਹੀਂ ➢ਪੇਂਡੂ ਅਰਥਚਾਰੇ ਨੂੰ ਮਜ਼ਬੂਤੀ ਨਾਲ ਡੇਅਰੀ ਵਿਕਾਸ ਖੇਤਰ ਨੂੰ ਨਵੀਆਂ ਉਚਾਈਆਂ ਤੱਕ ਲੈ ਕੇ ਜਾਣਾ**

**ਚੰਡੀਗੜ੍ਹ 28 ਜੁਲਾਈ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਦੱਸਿਆ ਕਿ ਸਹਿਕਾਰੀ ਸਭਾਵਾਂ ਦੇ ਤਹਿਤ ਰਜਿਸਟਰਡ ਮਹਿਲਾਵਾਂ ਦੇ ਸਵੈ-ਸਹਾਇਤਾ ਸਮੂਹਾਂ ਨੂੰ ਵਿਸ਼ੇਸ਼ ਪ੍ਰੋਤਸਾਹਨ ਦਿੱਤਾ ਜਾਵੇਗਾ ਤਾਂ ਜੋ ਉਹ ਆਤਮ-ਨਿਰਭਰ ਬਣ ਸਕਣ। ਇਸ ਤੋਂ ਇਲਾਵਾ, ਸਾਂਝੀ ਡੇਅਰੀ ਯੋਜਨਾ ਤਹਿਤ ਪੰਚਾਇਤੀ ਜ਼ਮੀਨ ਉੱਤੇ ਇਨ੍ਹਾਂ ਸਮੂਹਾਂ ਲਈ ਸ਼ੈੱਡ ਅਤੇ ਪਸ਼ੂਆਂ ਦੀ ਖਰੀਦ ਲਈ ਕਰਜ਼ੇ ਦੀ ਸਹੂਲਤ ਵੀ ਮੁਹੱਈਆ ਕਰਵਾਈ ਜਾਵੇਗੀ।

ਮੁੱਖ ਮੰਤਰੀ ਨੇ ਸੋਮਵਾਰ ਦੇਰ ਸ਼ਾਮ ਚੰਡੀਗੜ੍ਹ ਵਿੱਚ ਸਹਿਕਾਰੀ ਫੈਡਰੇਸ਼ਨ, ਡੇਅਰੀਫੈਡ, ਵੀਟਾ ਬੂਥ, ਹਰਹਿਤ ਸਟੋਰ, ਲੇਬਰਫੈਡ, ਹਾਊਸਫੈਡ ਆਦਿ ਸਹਿਕਾਰੀ ਫੈਡਰੇਸ਼ਨਾਂ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੀਟਿੰਗ ਵਿੱਚ ਸਹਿਕਾਰਤਾ ਮੰਤਰੀ ਅਰਵਿੰਦ ਸ਼ਰਮਾ ਵੀ ਮੌਜੂਦ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਆਮਦਨ ਦੇ ਸਰੋਤਾਂ ਨੂੰ ਵਧਾਉਣ ਲਈ ਸਰਕਾਰ ਨੇ ਕਈ ਕਦਮ ਚੁੱਕੇ ਹਨ। ਸਹਿਕਾਰੀ ਸਭਾਵਾਂ ਤਹਿਤ ਰਜਿਸਟਰਡ ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ ਔਰਤਾਂ ਨੂੰ 10 ਰੁਪਏ ਪ੍ਰਤੀ ਲੀਟਰ ਪ੍ਰੋਤਸਾਹਨ ਰਾਸ਼ੀ ਦਿੱਤੀ ਜਾਵੇਗੀ। ਦੁੱਧ ਉਤਪਾਦਨ ਅਤੇ ਹੋਰ ਦੁੱਧ ਉਤਪਾਦਾਂ ਲਈ ਬਜਟ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਸਹਿਕਾਰਤਾ ਵਿਭਾਗ ਵੱਲੋਂ ਸਰਦੀਆਂ ਵਿੱਚ 3 ਰੁਪਏ ਅਤੇ ਗਰਮੀਆਂ ਵਿੱਚ 5 ਰੁਪਏ ਦਿੱਤੀ ਜਾਣ ਵਾਲੀ ਪ੍ਰੋਤਸਾਹਨ ਰਾਸ਼ੀ ਵਿੱਚ 2 ਰੁਪਏ ਦੇ ਹਿਸਾਬ ਨਾਲ ਵਾਧਾ ਕਰਨ ਦਾ ਐਲਾਨ ਕੀਤਾ। ਹੁਣ ਇਹ ਰਾਸ਼ੀ 5 ਰੁਪਏ ਅਤੇ 7 ਰੁਪਏ ਪ੍ਰਤੀ ਲੀਟਰ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਦੁੱਧ ਦੀ ਮਾਰਕੀਟਿੰਗ ਲਈ 3 ਰੁਪਏ ਪ੍ਰਤੀ ਲੀਟਰ ਦਾ ਵਾਧਾ ਕੀਤਾ ਜਾ ਰਿਹਾ ਹੈ ਤਾਂ ਜੋ ਵੀਟਾ ਦੁੱਧ ਨੂੰ ਹੋਰ ਦੁੱਧ ਦੀ ਤਰਜ਼ ਉੱਤੇ ਮੁਨਾਫ਼ੇ ਵਿੱਚ ਲਿਆਂਦਾ ਜਾ ਸਕੇ।



**ਮੁਰ੍ਹਾ ਨਸਲ ਦੀ ਮੱਝ ਹਰਿਆਣਾ ਦੀ ਪਛਾਣ**

ਮੁੱਖ ਮੰਤਰੀ ਨੇ ਕਿਹਾ ਕਿ ਮੁਰ੍ਹਾ ਨਸਲ ਦੀ ਮੱਝ ਹਰਿਆਣਾ ਦੀ ਪਛਾਣ ਹੈ। ਦੁੱਧ ਉਤਪਾਦਨ ਨੂੰ ਵਧਾਉਣ ਲਈ ਹੋਰ ਜ਼ਿਆਦਾ ਸਾਰਥਕ ਯਤਨ ਕੀਤੇ ਜਾਣੇ ਚਾਹੀਦੇ ਹਨ। ਇਸ ਲਈ ਪੈਕਸ ਵਿੱਚ ਔਰਤਾਂ ਦੇ ਸਮੂਹਾਂ ਨੂੰ ਦੁੱਧ ਦੀ ਡੇਅਰੀ ਸ਼ੁਰੂ ਕਰਨ ਲਈ ਉਤਸ਼ਾਹਿਤ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਸੂਬੇ ਦੇ 143 ਸਵੈ-ਸਹਾਇਤਾ ਸਮੂਹਾਂ ਨੇ ਦੁੱਧ ਦੀ ਵਿਕਰੀ ਲਈ ਸਹਿਮਤੀ ਪ੍ਰਗਟਾਈ ਹੈ। ਜਲਦੀ ਹੀ 'ਸਹਿਕਾਰ ਨੂੰ ਹੋਰ ਮਜ਼ਬੂਤ ਕਰਨ ਲਈ ਇਨ੍ਹਾਂ ਸਮੂਹਾਂ ਲਈ ਸ਼ੈੱਡ ਬਣਵਾ ਕੇ ਆਧੁਨਿਕ ਡੇਅਰੀ ਸਹੂਲਤਾਂ ਮੁਹੱਈਆ ਕਰਵਾ ਕੇ ਕੰਮ ਸ਼ੁਰੂ ਕਰਵਾਇਆ ਜਾਵੇਗਾ।

**710 ਸਹਿਕਾਰੀ ਸਭਾਵਾਂ ਦੀ ਆਨਲਾਈਨ ਰਜਿਸਟ੍ਰੇਸ਼ਨ**

ਮੁੱਖ ਮੰਤਰੀ ਨੇ ਕਿਹਾ ਕਿ ਰਾਜ ਦੀਆਂ 800 ਸਹਿਕਾਰੀ ਸਭਾਵਾਂ ਵਿੱਚੋਂ 710 ਦੀ ਆਨਲਾਈਨ ਰਜਿਸਟ੍ਰੇਸ਼ਨ ਕੀਤੀ ਜਾ ਚੁੱਕੀ ਹੈ। ਇਸ ਮੁਹਿੰਮ ਵਿੱਚ ਤੇਜ਼ੀ ਲਿਆਂਦੀ ਜਾ ਰਹੀ ਹੈ ਤਾਂ ਜੋ ਸਾਰੀਆਂ ਸਭਾਵਾਂ ਦੀ ਰਜਿਸਟ੍ਰੇਸ਼ਨ ਆਨਲਾਈਨ ਕਰਕੇ ਸ਼ੇਅਰ ਟਰਾਂਸਫਰ ਸੇਵਾ ਸ਼ੁਰੂ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸੀ.ਐਮ. ਪੈਕਸ ਨੂੰ ਐਮ. ਪੈਕਸ ਵਿੱਚ ਬਦਲਣ ਲਈ ਕੰਮ ਕੀਤਾ ਜਾਵੇ ਤਾਂ ਜੋ ਇਨ੍ਹਾਂ ਵਿੱਚ ਸੀ.ਐੱਸ.ਸੀ., ਕੈਟਲ ਫੀਡ, ਬੀਜ ਵਿਕਰੀ, ਖਾਦ, ਕੀਟਨਾਸ਼ਕ ਦਵਾਈਆਂ ਆਦਿ 33 ਤਰ੍ਹਾਂ ਦੇ ਕੰਮ ਸ਼ੁਰੂ ਕੀਤੇ ਜਾ ਸਕਣ। ਉਨ੍ਹਾਂ ਕਿਹਾ ਕਿ ਦੂਜੇ ਰਾਜਾਂ ਦੀ ਤਰ੍ਹਾਂ ਸਹਿਕਾਰੀ ਸਭਾਵਾਂ ਨੂੰ ਮੁਨਾਫੇ ਵਿੱਚ ਲਿਆਉਣ ਲਈ ਵਿਆਪਕ ਪੱਧਰ ਉੱਤੇ ਕਾਰਜ ਯੋਜਨਾ ਬਣਾਈ ਜਾਵੇ। ਸਹਿਕਾਰੀ ਸਭਾਵਾਂ ਦੇ ਮਾਧਿਅਮ ਨਾਲ ਹਰ ਘਰ ਨੂੰ ਕੰਮ ਮਿਲ ਸਕਦਾ ਹੈ। ਇਸ ਤਰ੍ਹਾਂ ਪੇਂਡੂ ਅਰਥਚਾਰੇ ਨੂੰ ਮਜ਼ਬੂਤੀ ਨਾਲ ਹਰਿਆਣਾ ਨੂੰ ਡੇਅਰੀ ਵਿਕਾਸ ਖੇਤਰ ਵਿੱਚ ਨਵੀਆਂ ਉਚਾਈਆਂ ਤੱਕ ਲੈ ਕੇ ਜਾਣਾ ਹੈ।

**ਸੂਬੇ ਵਿੱਚ ਖੁੱਲ੍ਹਣਗੇ 700 ਵੀਟਾ ਬੂਥ**

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਰੁਜ਼ਗਾਰ ਨੂੰ ਵਾਧਾ ਦੇਣ ਲਈ 674 ਵੀਟਾ ਬੂਥ ਖੋਲ੍ਹੇ ਜਾ ਚੁੱਕੇ ਹਨ ਅਤੇ ਛੇਤੀ ਹੀ 318 ਬੂਥ ਹੋਰ ਖੋਲ੍ਹੇ ਜਾਣਗੇ। ਇਸ ਤੋਂ ਇਲਾਵਾ 240 ਬੂਥਾਂ ਲਈ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਕਿਹਾ ਕਿ ਵੀਟਾ ਬੂਥ ਸੈਂਟਰਾਂ ਦੀ ਗਿਣਤੀ ਵਧਾਉਣ ਲਈ ਤੇਜ਼ੀ ਨਾਲ ਕੰਮ ਕੀਤਾ ਜਾ ਰਿਹਾ ਹੈ। ਸਹਿਕਾਰੀ ਸਭਾਵਾਂ ਰਾਹੀਂ ਰੋਜ਼ਾਨਾ 5 ਲੱਖ ਲੀਟਰ ਦੁੱਧ ਦੀ ਖਰੀਦ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਦੁੱਧ ਤੋਂ ਕਈ ਤਰ੍ਹਾਂ ਦੇ ਉਤਪਾਦ ਤਿਆਰ ਕੀਤੇ ਜਾਣ ਤਾਂ ਜੋ ਸਹਿਕਾਰੀ ਫੈਡਰੇਸ਼ਨ ਨੂੰ ਘਾਟੇ ਤੋਂ ਉਭਾਰਿਆ ਜਾ ਸਕੇ। ਇਸ ਲਈ ਜਲਦੀ ਹੀ ਆਈਸ ਕਰੀਮ ਬਣਾਉਣੀ ਸ਼ੁਰੂ ਕੀਤੀ ਜਾਵੇਗੀ।

**ਬਾਵਲ ਦੁੱਧ ਪਲਾਂਟ ਦੀ ਸਮਰੱਥਾ ਵਧਾ ਕੇ 5 ਲੱਖ ਲੀਟਰ ਹੋਵੇਗੀ**

ਮੁੱਖ ਮੰਤਰੀ ਨੇ ਕਿਹਾ ਕਿ ਵੀਟਾ ਦੁੱਧ ਅਤੇ ਉਤਪਾਦਾਂ ਦੀ ਵਿਕਰੀ ਲਈ ਰੇਲਵੇ ਅਤੇ ਡਿਫੈਂਸ ਲਈ ਯਤਨ ਕੀਤੇ ਜਾਣ। ਉਨ੍ਹਾਂ ਕਿਹਾ ਕਿ ਬਾਵਲ ਵਿੱਚ 1.50 ਲੱਖ ਲੀਟਰ ਸਮਰੱਥਾ ਦਾ ਦੁੱਧ ਪਲਾਂਟ ਲਗਾਇਆ ਜਾ ਰਿਹਾ ਹੈ ਜਿਸ ਦੀ ਸਮਰੱਥਾ ਵਧਾ ਕੇ ਪੜਾਅਵਾਰ ਤਰੀਕੇ ਨਾਲ 5 ਲੱਖ ਲੀਟਰ ਕੀਤੀ ਜਾਵੇਗੀ। ਇਸ ਤੋਂ ਇਲਾਵਾ ਅੰਬਾਲਾ ਵਿੱਚ ਵੀ 1.50 ਲੱਖ ਲੀਟਰ ਸਮਰੱਥਾ ਦਾ ਪਲਾਂਟ ਲਗਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸੂਬੇ ਦੇ ਹਰ ਜ਼ਿਲ੍ਹੇ ਵਿੱਚ 5 ਤੋਂ 10 ਹਜ਼ਾਰ ਲੀਟਰ ਸਮਰੱਥਾ ਦੇ 21 ਮਿਲਕ ਚਿਲਿੰਗ ਸੈਂਟਰ ਖੋਲ੍ਹੇ ਜਾਣਗੇ।

ਉਨ੍ਹਾਂ ਦੱਸਿਆ ਕਿ ਹਰਿਆਣਾ ਰਾਜ ਪਰਿਵਹਨ ਦੇ ਬੱਸ ਅੱਡਿਆਂ ਉੱਤੇ 75 ਬੂਥ ਖੋਲ੍ਹੇ ਗਏ ਹਨ। ਇਸ ਤੋਂ ਇਲਾਵਾ ਰੇਲਵੇ ਸਟੇਸ਼ਨਾਂ, ਟੂਰਿਜ਼ਮ ਖੇਤਰਾਂ ਅਤੇ ਗਰੁੱਪ ਹਾਊਸਿੰਗ ਸੁਸਾਇਟੀਆਂ ਅਤੇ ਸਿਵਲ ਹਸਪਤਾਲਾਂ ਵਿੱਚ ਵੀ ਜਨ ਔਸ਼ਧੀ ਸਟੋਰ ਦੀ ਤਰ੍ਹਾਂ ਵੀਟਾ ਬੂਥ ਖੋਲ੍ਹੇ ਜਾਣਗੇ। ਇਸੇ ਤਰ੍ਹਾਂ ਸੂਬੇ ਵਿੱਚ 1400 ਹਰਹਿਤ ਸਟੋਰ ਖੋਲ੍ਹੇ ਜਾਣਗੇ ਅਤੇ ਪੰਚਾਇਤਾਂ ਵਿੱਚ ਆਈ.ਓ.ਸੀ.ਐੱਲ. ਲਈ 300 ਥਾਵਾਂ ਦੀ ਪਛਾਣ ਕੀਤੀ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਹਿਕਾਰੀ ਖੰਡ ਮਿੱਲਾਂ ਵਿੱਚ ਪਿੜਾਈ ਦਾ ਟੀਚਾ 130 ਦਿਨ ਕੀਤਾ ਜਾਵੇ ਅਤੇ ਰਿਕਵਰੀ ਟੀਚਾ ਵਧਾ ਕੇ 10 ਫੀਸਦੀ ਕੀਤਾ ਜਾਵੇ। ਇਸ ਤੋਂ ਇਲਾਵਾ ਗੰਨੇ ਦਾ ਖੇਤਰਫਲ ਵਧਾਉਣ ਲਈ ਡ੍ਰਿਪ ਇਰੀਗੇਸ਼ਨ ਦੀ ਵਰਤੋਂ ਦੇ ਨਾਲ ਕਿਸਾਨਾਂ ਨੂੰ ਵੱਧ ਤੋਂ ਵੱਧ ਗੰਨੇ ਦੀ ਕਾਸ਼ਤ ਕਰਨ ਲਈ ਉਤਸ਼ਾਹਿਤ ਕੀਤਾ ਜਾਵੇ। ਇਸ ਲਈ ਬੋਰਡ ਆਫ਼ ਡਾਇਰੈਕਟਰਜ਼ ਦੀ ਤਿਮਾਹੀ ਮੀਟਿੰਗ ਕਿਸਾਨਾਂ ਦੇ ਨਾਲ ਕੀਤੀ ਜਾਵੇ। ਕੈਥਲ ਖੰਡ ਮਿੱਲ ਵਿੱਚ ਉੱਚ ਗੁਣਵੱਤਾ ਦਾ ਗੁੜ ਬਣਾਇਆ ਜਾਵੇ। ਉਨ੍ਹਾਂ ਰਾਜ ਦੇ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਵਿੱਚ ਖੰਡ ਦੇ ਪਾਊਚਾਂ ਦੀ ਵਰਤੋਂ ਕਰਨ ਦੇ ਨਿਰਦੇਸ਼ ਦਿੱਤੇ।

ਮੁੱਖ ਮੰਤਰੀ ਨੇ ਕਿਹਾ ਕਿ ਖੰਡ ਮਿੱਲਾਂ ਵਿੱਚ ਸ਼ੂਗਰਕੇਨ ਹਾਰਵੈਸਟਰ ਮਸ਼ੀਨਾਂ ਤੋਂ ਇਲਾਵਾ ਕੰਪ੍ਰੈੱਸਡ ਬਾਇਓ ਗੈਸ ਪਲਾਂਟ ਲਗਾਉਣ ਲਈ ਵੀ ਕੰਮ ਕੀਤਾ ਜਾ ਰਿਹਾ ਹੈ। ਹਰਕੋਫੈਡ ਵੱਲੋਂ ਗ਼ਰੀਬ ਪਰਿਵਾਰਾਂ ਨੂੰ 7 ਫੀਸਦੀ ਵਿਆਜ ਉੱਤੇ 12.50 ਲੱਖ ਰੁਪਏ ਤੱਕ ਦਾ ਰਿਹਾਇਸ਼ੀ ਕਰਜ਼ਾ ਮੁਹੱਈਆ ਕਰਵਾਇਆ ਜਾ ਰਿਹਾ ਹੈ। ਹੁਣ ਤੱਕ 21 ਹਜ਼ਾਰ ਲੋਕਾਂ ਦੇ ਘਰ ਬਣਵਾਏ ਜਾ ਚੁੱਕੇ ਹਨ।

ਸਹਿਕਾਰੀ ਫੈਡਰੇਸ਼ਨ ਵਿੱਚ ਖਰੀਦੇ ਗਏ ਟਰੈਕਟਰਾਂ ਅਤੇ ਹੋਰ ਵਾਹਨਾਂ ਦੀ ਉਪਲਬਧਤਾ ਦੀ ਵਿਸਤ੍ਰਿਤ ਰਿਪੋਰਟ ਤਿਆਰ ਕੀਤੀ ਜਾਵੇ। ਇਸ ਤੋਂ ਇਲਾਵਾ ਕਸਟਮ ਹਾਇਰ ਸੈਂਟਰਾਂ ਵਿੱਚ ਖਰੀਦੇ ਗਏ ਖੇਤੀਬਾੜੀ ਉਪਕਰਨਾਂ ਦੀ ਵੀ ਸੂਚੀ ਬਣਾਈ ਜਾਵੇ ਤਾਂ ਜੋ ਇਨ੍ਹਾਂ ਉਪਕਰਨਾਂ ਦੀ ਸੁਚੱਜੀ ਵਰਤੋਂ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਲੈਣ-ਦੇਣ ਵਿੱਚ ਹੋਣ ਵਾਲੀ ਧੋਖਾਧੜੀ ਨੂੰ ਰੋਕਣ ਲਈ ਲੈਣ-ਦੇਣ ਦੇ ਸਾਰੇ ਕੰਮ ਆਨਲਾਈਨ ਕੀਤੇ ਜਾਣ। ਮੀਟਿੰਗ ਵਿੱਚ ਮੁੱਖ ਮੰਤਰੀ ਦੇ ਮੁੱਖ ਪ੍ਰਿੰਸੀਪਲ ਸਕੱਤਰ ਰਾਜੇਸ਼ ਖੁੱਲਰ, ਮੁੱਖ ਸਕੱਤਰ ਅਨੁਰਾਗ ਰਸਤੋਗੀ, ਵਧੀਕ ਪ੍ਰਿੰਸੀਪਲ ਸਕੱਤਰ ਵਿਜੇਂਦਰ ਕੁਮਾਰ, ਪ੍ਰਮੁੱਖ ਸਕੱਤਰ ਸਹਿਕਾਰਤਾ ਪੰਕਜ ਯਾਦਵ, ਮੁੱਖ ਮੰਤਰੀ ਦੇ ਉਪ ਪ੍ਰਧਾਨ ਸਕੱਤਰ ਅਜੈ ਕੁਮਾਰ ਸਮੇਤ ਸਹਿਕਾਰੀ ਫੈਡਰੇਸ਼ਨਾਂ ਦੇ ਅਧਿਕਾਰੀ ਵੀ ਮੌਜੂਦ ਸਨ।

## ਟਿਊਬਵੈਲ ਦੇ ਪਾਣੀ ਦੀ ਜਾਂਚ ਕਰਵਾ ਕੇ ਕਿਸਾਨ ਫ਼ਸਲ ਉਤਪਾਦਨ ਨੂੰ ਵਧਾਉਣ : ਖੇਤੀਬਾੜੀ ਮੰਤਰੀ ਸ਼ਿਆਮ ਸਿੰਘ ਰਾਣਾ

**ਚੰਡੀਗੜ੍ਹ, 28 ਜੁਲਾਈ**
**-ਸੰਜੀਵ ਸਿੰਗਲਾ-**

ਹਰਿਆਣਾ ਸਰਕਾਰ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਸੂਬੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਖੇਤਾਂ ਦੇ ਟਿਊਬਵੈਲ ਦੇ ਪਾਣੀ ਦੀ ਰੈਗੂਲਰ ਤੌਰ @ਤੇ ਜਾਂਚ ਜ਼ਰੂਰ ਕਰਵਾਉਣ। ਉਨ੍ਹਾਂ ਕਿਹਾ ਕਿ ਕਰਵਾਂਏਗੇ ਪਾਣੀ ਕੀ ਜਾਂਚ, ਨਹੀਂ ਆਏਗੀ ਫ਼ਸਲ ਉਤਪਾਦਨ ਪਰ ਆਂਚ।



ਸ੍ਰੀ ਰਾਣਾ ਨੇ ਕਿਹਾ ਸਿੰਜਾਈ ਦੇ ਪਾਣੀ ਦੀ ਗੁਣਵੱਤਾ ਫ਼ਸਲ ਉਤਪਾਦਨ ਅਤੇ ਪੈਦਾਵਾਰ ਨੂੰ ਸਿੱਧੇ ਤੌਰ @ਤੇ ਪ੍ਰਭਾਵਿਤ ਕਰਦੀ ਹੈ। ਪਾਣੀ ਵਿੱਚ ਵੱਧ ਲੂਣਪਣ (ਨਮਕ ਦੀ ਮਾਤਰਾ) ਅਤੇ ਖਾਰਾਪਣ ਹੋਣ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਅਤੇ ਉਤਪਾਦਨ ਸਮਰੱਥਾ @ਤੇ ਮਾੜਾ ਅਸਰ ਪੈ ਸਕਦਾ ਹੈ। ਸਮੇਂ ਸਿਰ ਟਿਊਬਵੈਲ ਦੇ ਪਾਣੀ ਦੀ ਜਾਂਚ ਕਰਵਾਉਣ ਨਾਲ ਕਿਸਾਨ ਸਹੀ ਫ਼ਸਲ ਦੀ ਚੋਣ ਕਰ ਸਕਦੇ ਹਨ ਅਤੇ ਖਾਦ ਤੇ ਫਰਟੀਲਾਈਜਰ ਦਾ ਸਹੀ ਅਤੇ ਸੰਤੁਲਿਤ ਪ੍ਰਬੰਧਨ ਕਰ ਸਕਦੇ ਹਨ।

ਖੇਤੀਬਾੜੀ ਮੰਤਰੀ ਨੇ ਕਿਸਾਨਾਂ ਨੂੰ ਟਿਊਬਵੈਲ ਦੇ ਪਾਣੀ ਦੇ ਸੈਂਪਲ ਲੈਣ ਦਾ ਸਹੀ ਢੰਗ ਦੱਸਦਿਆਂ ਕਿਹਾ ਕਿ ਕਿਸਾਨ ਟਿਊਬਵੈਲ ਨੂੰ ਘੱਟੋ-ਘੱਟ 30 ਮਿੰਟ ਤੱਕ ਲਗਾਤਾਰ ਚਲਾਉਣ ਤੋਂ ਬਾਅਦ ਹੀ ਪਾਣੀ ਦਾ ਸੈਂਪਲ ਲੈਣ। ਇਸ ਲਈ ਲਗਭਗ 500 ਮਿਲੀਲੀਟਰ (ਜਾਂ 1 ਲੀਟਰ) ਪਾਣੀ ਇੱਕ ਸਾਫ਼ ਪਲਾਸਟਿਕ ਦੀ ਬੋਤਲ ਵਿੱਚ ਭਰੋ। ਬੋਤਲ ਦੇ ਉੱਪਰ ਕਿਸਾਨ ਆਪਣਾ ਨਾਮ, ਐਮ.ਐਫ਼.ਐਮ.ਬੀ. (ਮੇਰੀ ਫ਼ਸਲ-ਮੇਰਾ ਬਿਉਰਾ) ਆਈ.ਡੀ., ਪਿੰਡ ਦਾ ਨਾਮ, ਕਿਲਾ/ਖਸਰਾ ਨੰਬਰ, ਮੋਬਾਈਲ ਨੰਬਰ ਅਤੇ ਬੋਰਵੈਲ ਦੀ ਡੂੰਘਾਈ (ਫ਼ੁੱਟ ਵਿੱਚ) ਸਪੱਸ਼ਟ ਤੌਰ @ਤੇ ਦਰਜ਼ ਕਰਨ। ਤਿਆਰ ਕੀਤੇ ਗਏ ਇਸ ਨਮੂਨੇ ਨੂੰ ਕਿਸਾਨ ਆਪਣੀ ਨਜ਼ਦੀਕੀ ਮਿੱਟੀ ਸਿਹਤ ਜਾਂਚ ਪ੍ਰਯੋਗਸ਼ਾਲਾ (ਸੌਇਲ ਟੈਸਟਿੰਗ ਲੈਬ) ਵਿੱਚ ਜਮ੍ਹਾਂ ਕਰਵਾ ਸਕਦੇ ਹਨ। ਖੇਤੀਬਾੜੀ ਮੰਤਰੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਜਾਂਚ ਰਿਪੋਰਟ ਦੇ ਆਧਾਰ @ਤੇ ਹੀ ਉਹ ਫ਼ਸਲਾਂ ਦੀ ਚੋਣ ਕਰਨ ਅਤੇ ਸਿੰਜਾਈ ਪਾਣੀ ਦਾ ਸਹੀ ਪ੍ਰਬੰਧਨ ਅਪਣਾਉਣ। ਯੋਜਨਾ ਅਤੇ ਪ੍ਰਯੋਗਸ਼ਾਲਾਵਾਂ ਦੀ ਵਧੇਰੇ ਜਾਣਕਾਰੀ ਲਈ ਕਿਸਾਨ ਟੋਲ-ਫ੍ਰੀ ਨੰਬਰ 1800-180-2117 @ਤੇ ਸੰਪਰਕ ਕਰ ਸਕਦੇ ਹਨ ਜਾਂ ਆਪਣੇ ਜ਼ਿਲ੍ਹੇ ਦੇ ਖੇਤੀਬਾੜੀ ਡਿਪਟੀ-ਡਾਇਰੈਕਟਰ ਨਾਲ ਸੰਪਰਕ ਕਰ ਸਕਦੇ ਹਨ।

## ਸਿੱਖਿਆ ਖੇਤਰ ਦੇ ਵਿਕਾਸ ਅਤੇ ਯੂਨੀਵਰਸਿਟੀਆਂ ਦੀ ਸਥਿਤੀ ਦੀ ਰਾਜਪਾਲ ਨੇ ਕੀਤੀ ਸਮੀਖਿਆ

**ਚੰਡੀਗੜ੍ਹ, 29 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਅੱਜ ਇੱਥੇ ਲੋਕ ਭਵਨ ਵਿੱਚ ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨਾਲ ਭੇਂਟ ਕੀਤੀ।

ਇਸ ਮੌਕੇ 'ਤੇ ਰਾਜਪਾਲ ਅਤੇ ਸਿੱਖਿਆ ਮੰਤਰੀ ਵਿਚਕਾਰ ਹਰਿਆਣਾ ਦੇ ਸਿੱਖਿਆ ਖੇਤਰ ਨਾਲ ਜੁੜੇ ਵੱਖ-ਵੱਖ ਵਿਸ਼ਿਆਂ 'ਤੇ ਵਿਸਤਾਰ ਨਾਲ ਚਰਚਾ ਹੋਈ। ਮੀਟਿੰਗ ਵਿੱਚ ਰਾਜ ਵਿੱਚ ਸਿੱਖਿਆ ਦੀ ਗੁਣਵੱਤਾ, ਸੁਲਭਤਾ ਅਤੇ ਸਮੁੱਚੇ ਵਿਕਾਸ ਨੂੰ ਹੋਰ ਮਜ਼ਬੂਤ ਬਣਾਉਣ ਸੰਬੰਧੀ ਮੁੱਦਿਆਂ 'ਤੇ ਵਿਸ਼ੇਸ਼ ਤੌਰ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।



ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਪ੍ਰਦੇਸ਼ ਦੀਆਂ ਯੂਨੀਵਰਸਿਟੀਆਂ ਦੀ ਮੌਜੂਦਾ ਸਥਿਤੀ ਦੀ ਵੀ ਸਮੀਖਿਆ ਕੀਤੀ। ਇਸ ਦੌਰਾਨ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਰਾਜਪਾਲ ਨੂੰ ਜਾਣੂ ਕਰਵਾਇਆ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਸਮਾਜ ਦੇ ਹਰੇਕ ਵਰਗ ਤੱਕ ਗੁਣਵੱਤਾਪੂਰਨ ਸਿੱਖਿਆ ਦੀ ਪਹੁੰਚ ਯਕੀਨੀ ਬਣਾਉਣ ਲਈ ਅਨੇਕਾਂ ਲੋਕ-ਹਿਤੈਸ਼ੀ ਪਹਿਲਕਦਮੀਆਂ ਕਰ ਰਹੀ ਹੈ।

ਉਨ੍ਹਾਂ ਨੇ ਦੱਸਿਆ ਕਿ ਸਰਕਾਰ ਖਾਸ ਤੌਰ 'ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਵਿਦਿਆਰਥੀਆਂ ਅਤੇ ਧੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਉਪਲਬਧ ਕਰਵਾਉਣ 'ਤੇ ਵਿਸ਼ੇਸ਼ ਜ਼ੋਰ ਦੇ ਰਹੀ ਹੈ।

ਸਿੱਖਿਆ ਮੰਤਰੀ ਨੇ ਰਾਜਪਾਲ ਨੂੰ ਉਚ ਸਿੱਖਿਆ ਸੰਸਥਾਵਾਂ ਨੂੰ ਮਜ਼ਬੂਤ ਬਣਾਉਣ, ਵਿਦਿਅਕ ਬੁਨਿਆਦੀ ਢਾਂਚੇ ਨੂੰ ਤਾਕਤਵਰ ਕਰਨ ਅਤੇ 'ਸਾਰਿਆਂ ਲਈ ਗੁਣਵੱਤਾਪੂਰਨ ਸਿੱਖਿਆ' ਦੇ ਸਰਕਾਰ ਦੇ ਸੰਕਲਪ ਦੇ ਅਨੁਸਾਰ ਸਮਾਵੇਸ਼ੀ ਅਤੇ ਸਮਾਨ ਵਿਦਿਅਕ ਮੌਕਿਆਂ ਨੂੰ ਹੁਲਾਰਾ ਦੇਣ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਜਾਣਕਾਰੀ ਦਿੱਤੀ।




